‘ਜ਼ਿਕਰ ਪੰਜਾਬ’ ਨੂੰ
ਲੋੜ ਹੈ
ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਅਤੇ ਕਸਬਿਆਂ ਤੋਂ ਤਜ਼ਰਬੇਕਾਰ ਪੜ੍ਹੇ-ਲਿਖੇ ਪੱਤਰਕਾਰਾਂ ਦੀ
ਸੰਪਰਕ:-
9815024577
E-mail:
zikarpunjab44@gmail.com

ਸੱਚ ਦੀ ਆਵਾਜ਼ ਹੱਕ ਦੀ ਆਵਾਜ਼

# ਜ਼ਿਕਰ ਪੰਜਾਬ

WEEKLY ZIKAR PUNJAB

ਹਫਤਾਵਾਰੀ ਅਖ਼ਬਾਰ

ਕੁਲ ਪੰਨੇ : 8 ਮੁੱਲ : 3/- ਰੁਪਏ

ਲੁਧਿਆਣਾ : ਸੋਮਵਾਰ, 6 ਅਪ੍ਰੈਲ ਤੋਂ ਐਤਵਾਰ, 12 ਅਪ੍ਰੈਲ, 2026

ਮੁੱਖ ਸੰਪਾਦਕ : ਅਸ਼ਵਨੀ ਜੇਤਲੀ/ਸਹਿ-ਸੰਪਾਦਕ : ਬਲਵਿੰਦਰ ਕੁਮਾਰ

Ludhiana : Monday, 6 April to Sunday, 12 April 2026

ਹਫਤਾਵਾਰੀ ‘ਜ਼ਿਕਰ ਪੰਜਾਬ’ ਅਖ਼ਬਾਰ ਵਿੱਚ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਛਪਣਯੋਗ ਸਮੱਗਰੀ ਛਪਵਾਉਣ ਲਈ
ਸੰਪਰਕ:-
9815024577
E-mail:
zikarpunjab44@gmail.com

E-mail : zikarpunjab44@gmail.com | RNI-PUNPUN/2017/75418 | ਮੋਬਾਈਲ ਨੰ. : 9815024577 | ਸਾਲ : 10 ਅੰਕ : 14 | Website : www.zikarpunjab.com

## ਬੇਅਦਬੀ ’ਤੇ ਉਮਰ ਕੈਦ ਦਾ ਬਣੇਗਾ ਕਾਨੂੰਨ : ਮੁੱਖ ਮੰਤਰੀ ਮਾਨ

### ਜੈਤੋ ’ਚ ਲਗਭਗ 28.68 ਕਰੋੜ ਰੁਪਏ ਦੀਆਂ ਵੱਖ-ਵੱਖ ਵਿਕਾਸ ਪਰਿਯੋਜਨਾਵਾਂ ਦੀ ਸ਼ੁਰੂਆਤ

ਜ਼ਿਕਰ ਪੰਜਾਬ
ਜੈਤੋ/ਬਿਊਰੋ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਤਵਾਰ ਨੂੰ ਫਰੀਦਕੋਟ ਜ਼ਿਲ੍ਹੇ ਦੇ ਜੈਤੋ ਸ਼ਹਿਰ ਵਿੱਚ ਲਗਭਗ 28.68 ਕਰੋੜ ਰੁਪਏ ਦੀਆਂ ਵੱਖ-ਵੱਖ ਵਿਕਾਸ ਪਰਿਯੋਜਨਾਵਾਂ ਦੀ ਸ਼ੁਰੂਆਤ ਕੀਤੀ। ਇਸ ਮੌਕੇ ਇੱਕ ਵੱਡੇ ਜਨਤਕ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਪੰਜਾਬ ਵਿੱਚ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਸਖ਼ਤ ਕਾਨੂੰਨ ਬਣਾਉਣ ਦੇ ਅਹਿਮ ਸੰਕੇਤ ਦਿੱਤੇ ਹਨ। ਮੁੱਖ ਮੰਤਰੀ ਭਗਵੰਤ ਮਾਨ ਨੇ ਬਰਗਾੜੀ ਬੇਅਦਬੀ ਕਾਂਡ ਅਤੇ ਇਸ ਨਾਲ ਜੁੜੀਆਂ ਗੋਲੀਬਾਰੀ ਦੀਆਂ ਘਟਨਾਵਾਂ ਲਈ ਸਿੱਧੇ ਤੌਰ ‘ਤੇ ਬਾਦਲ ਪਰਿਵਾਰ ਨੂੰ ਜ਼ਿੰਮੇਵਾਰ ਠਹਿਰਾਇਆ। ਉਨ੍ਹਾਂ ਐਲਾਨ ਕੀਤਾ ਕਿ ਬੇਅਦਬੀ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿਵਾਉਣ ਲਈ 13 ਅਪ੍ਰੈਲ ਨੂੰ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਬੁਲਾਇਆ ਗਿਆ ਹੈ। ਮੁੱਖ ਮੰਤਰੀ ਨੇ ਸੰਕੇਤ ਦਿੱਤਾ ਕਿ ਸਰਕਾਰ ਅਜਿਹਾ ਕਾਨੂੰਨ ਲਿਆਉਣ ਜਾ ਰਹੀ ਹੈ ਜਿਸ ਵਿੱਚ ਦੋਸ਼ੀਆਂ ਨੂੰ ਇੱਕ ਸਾਲ ਤੱਕ ਜ਼ਮਾਨਤ ਨਹੀਂ ਮਿਲੇਗੀ ਅਤੇ ਉਮਰ ਕੈਦ ਤੱਕ ਦੀ ਸਜ਼ਾ ਦਾ ਪ੍ਰਬੰਧ ਹੋਵੇਗਾ।





ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ‘ਤੇ ਤਿੱਖਾ ਹਮਲਾ ਕਰਦਿਆਂ ਸੀਐਮ ਮਾਨ ਨੇ ਉਨ੍ਹਾਂ ਨੂੰ ਆਪਣੀਆਂ ਨੀਤੀਆਂ ‘ਤੇ ਆਤਮ-ਮੰਥਨ ਕਰਨ ਦੀ ਸਲਾਹ ਦਿੱਤੀ। ਉਨ੍ਹਾਂ ਦੋਸ਼ ਲਾਇਆ ਕਿ ਪਿਛਲੀਆਂ ਸਰਕਾਰਾਂ ਦੌਰਾਨ ਪੰਜਾਬ ਦੇ ਵਪਾਰ ‘ਤੇ ਨਿੱਜੀ ਕਬਜ਼ੇ ਕੀਤੇ ਗਏ ਅਤੇ ਜਨਤਾ ਦੇ ਹਿੱਤਾਂ ਨੂੰ ਵੱਡਾ ਨੁਕਸਾਨ ਪਹੁੰਚਾਇਆ ਗਿਆ। ਸਮਾਗਮ ਦੌਰਾਨ ਮੁੱਖ ਮੰਤਰੀ ਨੇ ਆਪਣੀ ਸਰਕਾਰ ਦੇ ਚਾਰ ਸਾਲਾਂ ਦੇ ਕਾਰਜਕਾਲ ਦੀਆਂ ਉਪਲਬਧੀਆਂ ਗਿਣਵਾਈਆਂ। ਉਨ੍ਹਾਂ ਕਿਹਾ ਕਿ 2022 ਵਿੱਚ ਪੰਜਾਬ ਦੇ ਲੋਕਾਂ ਨੇ ਰਵਾਇਤੀ ਪਾਰਟੀਆਂ ਨੂੰ ਨਕਾਰ ਕੇ ਆਮ ਆਦਮੀ ਪਾਰਟੀ ਨੂੰ ਮੌਕਾ ਦਿੱਤਾ ਸੀ। ਉਨ੍ਹਾਂ ਦਾਅਵਾ ਕੀਤਾ ਕਿ ਸਰਕਾਰ ਨੇ ਬਹੁਤ ਘੱਟ ਸਮੇਂ ਵਿੱਚ ਵੱਡੇ ਪੱਧਰ ‘ਤੇ ਵਿਕਾਸ ਕਾਰਜ ਕੀਤੇ ਹਨ ਅਤੇ ਚੋਣਾਂ ਤੋਂ ਪਹਿਲਾਂ ਦਿੱਤੀਆਂ ਗਈਆਂ ਸਾਰੀਆਂ ਗਾਰੰਟੀਆਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸੂਬਾ ਹੁਣ ਤੇਜ਼ੀ ਨਾਲ ‘ਰੰਗਲਾ ਪੰਜਾਬ’ ਬਣਨ ਦੀ ਰਾਹ ’ਤੇ ਹੈ। ਮੁੱਖ ਮੰਤਰੀ ਨੇ ਭਾਵੁਕ ਹੁੰਦਿਆਂ ਕਿਹਾ ਕਿ ਉਹ ਰਾਜਨੀਤੀ ਵਿੱਚ ਪੈਸਾ ਕਮਾਉਣ ਨਹੀਂ ਆਏ, ਸਗੋਂ ਲੋਕਾਂ ਦੀ ਸੇਵਾ ਕਰਨ ਅਤੇ ਸ਼ਹੀਦ ਭਗਤ ਸਿੰਘ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਆਏ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਉਨ੍ਹਾਂ ਦੇ ਕਾਰਜਕਾਲ ਵਿੱਚ ਨਾ ਤਾਂ ਕੋਈ ਭ੍ਰਿਸ਼ਟਾਚਾਰ ਹੋਇਆ ਹੈ ਅਤੇ ਨਾ ਹੀ ਉਹ ਕਿਸੇ ਨੂੰ ਅਜਿਹਾ ਕਰਨ ਦੀ ਇਜਾਜ਼ਤ ਦੇਣਗੇ। ਇਸ ਪ੍ਰੋਗਰਾਮ ਵਿੱਚ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਵਿਸ਼ੇਸ਼ ਤੌਰ ’ਤੇ ਪਹੁੰਚੇ। ਉਨ੍ਹਾਂ ਤੋਂ ਇਲਾਵਾ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਸਿਹਤ ਮੰਤਰੀ ਡਾ. ਬਲਬੀਰ ਸਿੰਘ, ਸਮਾਜਿਕ ਸੁਰੱਖਿਆ ਮੰਤਰੀ ਡਾ. ਬਲਜੀਤ ਕੌਰ, ਵਿਧਾਇਕ ਅਮੋਲਕ ਸਿੰਘ, ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਅਤੇ ਇਲਾਕੇ ਦੇ ਕਈ ਹੋਰ ਵਿਧਾਇਕ ਤੇ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।

## ਮੁੱਖ ਮੰਤਰੀ ਮਾਨ ਵੱਲੋਂ ਬਠਿੰਡਾ ਦੀ ਪੂਰੀ ਪੁਲਸ ਚੌਕੀ ਬਦਲਣ ਦੇ ਹੁਕਮ

ਜ਼ਿਕਰ ਪੰਜਾਬ
ਬਠਿੰਡਾ/ਬਿਊਰੋ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬਠਿੰਡਾ ਜ਼ਿਲ੍ਹੇ ਵਿੱਚ ਨਸ਼ਿਆਂ ਦੀ ਰੋਕਥਾਮ ਵਿੱਚ ਕਥਿਤ ਲਾਪਰਵਾਹੀ ਵਿਰੁੱਧ ਕਾਰਵਾਈ ਕੀਤੀ। ਇੱਕ ਪਾਰਟੀ ਮੀਟਿੰਗ ਦੌਰਾਨ ਪਿੰਡ ਦੇ ਸਰਪੰਚ ਵੱਲੋਂ ਕੀਤੀ ਸ਼ਿਕਾਇਤ ਤੋਂ ਬਾਅਦ ਉਨ੍ਹਾਂ ਨੇ ਕੋਟ ਸ਼ਮੀਰ ਪੁਲੀਸ ਚੌਕੀ ਦੇ ਪੂਰੇ ਸਟਾਫ਼ ਨੂੰ ਤਬਦੀਲ ਕਰਨ ਦੇ ਹੁਕਮ ਦਿੱਤੇ ਹਨ। ਮੁੱਖ ਮੰਤਰੀ ਦੇ ਨਿਰਦੇਸ਼ਾਂ ’ਤੇ ਕਾਰਵਾਈ ਕਰਦਿਆਂ ਬਠਿੰਡਾ ਰੇਂਜ ਦੇ ਡੀਆਈਜੀ ਹਰਜੀਤ ਸਿੰਘ ਨੇ ਚੌਕੀ ਇੰਚਾਰਜ ਸਮੇਤ 11 ਪੁਲੀਸ ਮੁਲਾਜ਼ਮਾਂ ਨੂੰ ਮਾਨਸਾ ਜ਼ਿਲ੍ਹੇ ਵਿੱਚ ਤਬਦੀਲ ਕਰ ਦਿੱਤਾ ਹੈ। ਇਹਨਾਂ ਵਿੱਚ ਤਿੰਨ ਏ.ਐੱਸ.ਆਈ., ਚਾਰ ਸੀਨੀਅਰ ਕਾਂਸਟੇਬਲ, • ਬਾਕੀ ਸਫ਼ਾ 2 ’ਤੇ



## ਚੰਡੀਗੜ੍ਹ ਭਾਜਪਾ ਦਫ਼ਤਰ ਬਲਾਸਟ ਦੇ ਦੋ ਮੁੱਖ ਮੁਲਜ਼ਮ ਗ੍ਰਿਫ਼ਤਾਰ

ਜ਼ਿਕਰ ਪੰਜਾਬ
ਚੰਡੀਗੜ੍ਹ/ਬਿਊਰੋ

ਚੰਡੀਗੜ੍ਹ ਦੇ ਸੈਕਟਰ-37 ਸਥਿਤ ਪੰਜਾਬ ਭਾਜਪਾ ਦੇ ਮੁੱਖ ਦਫ਼ਤਰ ਦੇ ਬਾਹਰ ਹੋਏ ਧਮਾਕੇ ਦੇ ਮਾਮਲੇ ਵਿੱਚ ਪੰਜਾਬ ਪੁਲਿਸ ਨੂੰ ਵੱਡੀ ਸਫਲਤਾ ਹਾਸਲ ਹੋਈ ਹੈ। ਪੁਲਿਸ ਨੇ ਇਸ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਦੋ ਮੁੱਖ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਫੜੇ ਗਏ ਮੁਲਜ਼ਮਾਂ ਦੀ ਪਛਾਣ ਰਤਨਗੜ੍ਹ (ਮੋਰਿੰਡਾ) ਦੇ ਰਹਿਣ ਵਾਲੇ ਅਮਨਪ੍ਰੀਤ ਸਿੰਘ ਅਤੇ ਗੁਰਤੇਜ ਸਿੰਘ ਵਜੋਂ ਹੋਈ ਹੈ। ਗ੍ਰਿਫ਼ਤਾਰੀ ਅਤੇ ਹਥਿਆਰਾਂ ਦੀ ਬਰਾਮਦਗੀਪੁਲਿਸ ਜਾਂਚ ਮੁਤਾਬਕ ਅਮਨਪ੍ਰੀਤ ਸਿੰਘ ਨੇ ਭਾਜਪਾ ਦਫ਼ਤਰ ਦੇ ਬਾਹਰ ਬੰਬ ਸੁੱਟਿਆ ਸੀ, ਜਦਕਿ ਗੁਰਤੇਜ ਸਿੰਘ ਨੇ ਪੂਰੀ ਵਾਰਦਾਤ ਦੀ ਵੀਡੀਓ ਬਣਾਈ ਸੀ। ਪੁਲਿਸ ਨੇ ਇਨ੍ਹਾਂ ਕੋਲੋਂ ਇੱਕ ਪਿਸਤੌਲ ਵੀ ਬਰਾਮਦ ਕੀਤੀ ਹੈ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਪੁਲਿਸ ਇਸ ਮਾਮਲੇ ਵਿੱਚ 5 ਹੋਰ ਮੁਲਜ਼ਮਾਂ— ਬਲਵਿੰਦਰ ਲਾਲ ਉਰਫ਼ ਸ਼ੰਮੀ, ਜਸਵੀਰ ਸਿੰਘ ਉਰਫ਼ ਜੱਸੀ, ਚਰਨਜੀਤ ਸਿੰਘ ਉਰਫ਼ ਚੰਨੀ, ਰੂਬਲ ਚੌਹਾਨ ਅਤੇ ਮਨਦੀਪ ਉਰਫ਼ ਅਭਿਜੋਤ ਸ਼ਰਮਾ ਨੂੰ ਗ੍ਰਿਫ਼ਤਾਰ ਕਰ ਚੁੱਕੀ ਹੈ। ਪੰਜਾਬ ਦੇ ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਇਸ ਪੂਰੀ ਸਾਜ਼ਿਸ਼ ਦੇ ਤਾਰ ਪੁਰਤਗਾਲ ਅਤੇ ਜਰਮਨੀ ਵਿੱਚ ਬੈਠੇ ਹੈਂਡਲਰਾਂ ਨਾਲ ਜੁੜੇ ਹੋਏ ਹਨ, ਜਿਨ੍ਹਾਂ ਦੀ ਪਛਾਣ ਕਰ ਲਈ ਗਈ ਹੈ। ਉਨ੍ਹਾਂ ਖੁਲਾਸਾ ਕੀਤਾ ਕਿ ਪਾਕਿਸਤਾਨੀ ਖੁਫੀਆ ਏਜੰਸੀ ਆਈਐੱਸਆਈ ਪੰਜਾਬ ਵਿੱਚ ਦਹਿਸ਼ਤ ਅਤੇ ਅਫਰਾ-ਤਫਰੀ ਫੈਲਾਉਣ ਦੀ ਕੋਸ਼ਿਸ਼ ਕਰ ਰਹੀ ਸੀ। ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਪੁਰਤਗਾਲ ਵਿੱਚ ਬੈਠੇ ਹੈਂਡਲਰ ਬਲਜੋਤ ਸਿੰਘ ਉਰਫ਼ ਜੋਤ ਦੇ ਨਿਰਦੇਸ਼ਾਂ ‘ਤੇ ਹੀ ਇਸ ਹਮਲੇ ਦੀ ਵਿਉਂਤਬੰਦੀ ਕੀਤੀ ਗਈ ਸੀ। ਜਾਂਚ ਦੌਰਾਨ ਇਹ ਬਹੁਤ ਹੀ ਹੈਰਾਨੀਜਨਕ ਤੱਥ ਸਾਹਮਣੇ ਆਇਆ ਹੈ ਕਿ ਮੁਲਜ਼ਮ ਵਾਰਦਾਤ ਤੋਂ ਬਾਅਦ ਬੜੀ ਚਲਾਕੀ ਨਾਲ ਫ਼ਰਾਰ ਹੋਏ। ਉਹ ਸੈਕਟਰ-24 ਦੇ ਬੱਸ ਸਟੈਂਡ ‘ਤੇ ਖੜ੍ਹੇ ਹੋ ਗਏ ਅਤੇ ਸੀਟੀਯੂ ਦੀ ਬੱਸ ਵਿੱਚ ਬੈਠ ਕੇ ਸੈਕਟਰ-43 ਦੇ ਬੱਸ ਅੱਡੇ ‘ਤੇ ਉਤਰ ਗਏ, ਜਿੱਥੋਂ ਉਨ੍ਹਾਂ ਨੇ ਖਰੜ ਲਈ ਬੱਸ ਲਈ।ਦਿਲਚਸਪ ਗੱਲ ਇਹ ਰਹੀ ਕਿ ਮੁਲਜ਼ਮਾਂ ਕੋਲ ਬੱਸ ਦਾ ਕਿਰਾਇਆ ਦੇਣ ਲਈ ਸਿਰਫ਼ 20-20 ਰੁਪਏ ਸਨ। ਕਿਰਾਇਆ ਜ਼ਿਆਦਾ ਹੋਣ ਕਾਰਨ ਉਨ੍ਹਾਂ ਨੇ ਬੱਸ ਵਿੱਚ ਸਵਾਰ ਇੱਕ ਯਾਤਰੀ ਨੂੰ ਗੂਗਲ-ਪੇ ਰਾਹੀਂ ਪੈਸੇ ਭੇਜੇ ਅਤੇ ਉਸ ਤੋਂ ਨਕਦੀ ਲੈ ਕੇ ਕੰਡਕਟਰ ਨੂੰ • ਬਾਕੀ ਸਫ਼ਾ 2 ’ਤੇ

## ਬੇਅਦਬੀਆਂ ਸਬੰਧੀ ਕਾਨੂੰਨ ਬਾਰੇ ਸ਼੍ਰੋਮਣੀ ਕਮੇਟੀ ਵੱਲੋਂ ਪੰਥਕ ਜਥੇਬੰਦੀਆਂ ਦੀ ਇਕੱਤਰਤਾ 6 ਅਪ੍ਰੈਲ ਨੂੰ

ਜ਼ਿਕਰ ਪੰਜਾਬ
ਅੰਮ੍ਰਿਤਸਰ/ਬਿਊਰੋ

**ਐਡਵੋਕੇਟ ਧਾਮੀ ਨੇ ਸਿੱਖ ਜਥੇਬੰਦੀਆਂ ਦੇ ਆਗੂਆਂ ਨੂੰ ਇਕੱਤਰਤਾ ’ਚ ਪੁੱਜਣ ਦੀ ਕੀਤੀ ਅਪੀਲ**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਦੀ ਰੋਕਥਾਮ ਲਈ ਸਰਕਾਰ ਵੱਲੋਂ ਬਣਾਏ ਜਾ ਰਹੇ ਕਾਨੂੰਨ ਸਬੰਧੀ ਵਿਚਾਰ ਕਰਨ ਵਾਸਤੇ ਭਲਕੇ 6 ਅਪ੍ਰੈਲ ਨੂੰ ਬੁਲਾਈ ਗਈ ਪੰਥਕ ਇਕੱਤਰਤਾ ਵਿਚ ਸਮੂਹ ਜਥੇਬੰਦੀਆਂ ਦੇ ਆਗੂਆਂ ਨੂੰ ਪਹੁੰਚਣ ਦੀ ਅਪੀਲ ਕੀਤੀ ਹੈ। ਇਹ ਇਕੱਤਰਤਾ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸਵੇਰੇ 11 ਵਜੇ ਆਰੰਭ ਹੋਵੇਗੀ। ਇਸ ਸਬੰਧੀ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ • ਬਾਕੀ ਸਫ਼ਾ 2 ’ਤੇ

## ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਪਿੰਡ ਮਾਛੀਆਂ ਖੁਰਦ ਵਿੱਚ ਲੋਕਾਂ ਨਾਲ ਕੀਤੀ ਸਿੱਧੀ ਗੱਲਬਾਤ

ਜ਼ਿਕਰ ਪੰਜਾਬ
ਲੁਧਿਆਣਾ/ਗੀਤਾ ਸਕਸੈਨਾ

ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਐਤਵਾਰ ਨੂੰ ਪਿੰਡ ਮਾਛੀਆਂ ਖੁਰਦ ਦੇ ਵਸਨੀਕਾਂ ਨਾਲ ਸਿੱਧੀ ਗੱਲਬਾਤ ਕੀਤੀ। ਇਕੱਠ ਨੂੰ ਸੰਬੋਧਨ ਕਰਦੇ ਹੋਏ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਇਮਾਨਦਾਰ ਅਤੇ ਪਾਰਦਰਸ਼ੀ ਸ਼ਾਸਨ ਰਾਹੀਂ ਸਿਰਫ਼ ਚਾਰ ਸਾਲਾਂ ਵਿੱਚ ਸ਼ਾਨਦਾਰ ਤਰੱਕੀ ਕੀਤੀ ਹੈ ਜਿਸ ਨਾਲ ਪੰਜਾਬ ਵਿਕਾਸ ਦੇ ਰਾਹ ’ਤੇ ਮਜ਼ਬੂਤੀ ਨਾਲ ਵਾਪਸ ਆ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਸੂਬੇ ਭਰ ਦੇ ਲੋਕ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਅਤੇ ਭਲਾਈ ਸਕੀਮਾਂ ਤੋਂ ਬਹੁਤ ਸੰਤੁਸ਼ਟ ਹਨ। ਕੈਬਨਿਟ ਮੰਤਰੀ ਮੁੰਡੀਆਂ ਨੇ ਕਿਹਾ ਕਿ ਸਰਕਾਰ ਨੇ ਚਾਰ ਸਾਲਾਂ ਦੇ ਅੰਦਰ-ਅੰਦਰ ਆਪਣੇ ਚੋਣਾਂ ਤੋਂ ਪਹਿਲਾਂ ਕੀਤੇ ਵਾਅਦਿਆਂ ਨੂੰ ਸਫਲਤਾਪੂਰਵਕ ਪੂਰਾ ਕੀਤਾ ਹੈ। ਉਨ੍ਹਾਂ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਕਰੀਬ 90 ਪ੍ਰਤੀਸ਼ਤ ਘਰੇਲੂ



ਪਰਿਵਾਰਾਂ ਨੂੰ ਹੁਣ 300 ਯੂਨਿਟ ਮੁਫ਼ਤ ਬਿਜਲੀ ਮਿਲ ਰਹੀ ਹੈ, ਜਿਸ ਦੇ ਨਤੀਜੇ ਵਜੋਂ ਜ਼ਿਆਦਾਤਰ ਪਰਿਵਾਰਾਂ ਨੂੰ ਬਿਜਲੀ ਦਾ ਬਿੱਲ ਜ਼ੀਰੋ ਆ ਰਿਹਾ ਹੈ। ਕਿਸਾਨਾਂ ਨੂੰ ਦਿਨ ਵੇਲੇ ਬਿਜਲੀ ਸਪਲਾਈ ਮਿਲ ਰਹੀ ਹੈ, ਜਿਸ ਨਾਲ ਖੇਤੀਬਾੜੀ ਉਤਪਾਦਕਤਾ ਵਿੱਚ ਕਾਫ਼ੀ ਵਾਧਾ ਹੋਇਆ ਹੈ। ਸਰਕਾਰ ਨੇ ਨਹਿਰੀ ਸਿੰਚਾਈ ਕਵਰੇਜ ਨੂੰ 78 ਪ੍ਰਤੀਸ਼ਤ ਖੇਤਾਂ ਤੱਕ ਵੀ ਵਧਾ ਦਿੱਤਾ ਹੈ। ਸਿਹਤ ਖੇਤਰ ਵਿੱਚ ਰਾਜ ਭਰ ਵਿੱਚ ਆਮ ਆਦਮੀ ਕਲੀਨਿਕਾਂ ਦੀ ਸਥਾਪਨਾ ਨੇ ਮੁੱਢਲੀ ਸਿਹਤ ਸੰਭਾਲ ਨੂੰ ਮਜ਼ਬੂਤ ਕੀਤਾ ਹੈ ਜਦੋਂ ਕਿ ਮੁੱਖ ਮੰਤਰੀ ਸਿਹਤ ਯੋਜਨਾ ਪ੍ਰਤੀ ਪਰਿਵਾਰ 10 ਲੱਖ ਰੁਪਏ ਤੱਕ ਦਾ ਨਕਦ ਰਹਿਤ ਡਾਕਟਰੀ ਇਲਾਜ ਪ੍ਰਦਾਨ ਕਰ ਰਹੀ ਹੈ। ਰਾਜ ਦੇ ਸਿੱਖਿਆ ਬਜਟ ਵਿੱਚ ਕਈ ਗੁਣਾ ਵਾਧੇ ਨਾਲ ਸਿੱਖਿਆ ਖੇਤਰ ਵਿੱਚ ਇੱਕ ਵੱਡਾ ਬਦਲਾਅ ਆਇਆ ਹੈ। ਨਤੀਜੇ ਵਜੋਂ ਪੰਜਾਬ ਨੇ ਰਾਸ਼ਟਰੀ ਪ੍ਰਾਪਤੀ ਸਰਵੇਖਣ 2024 ਵਿੱਚ ਸਿਖਰਲਾ ਸਥਾਨ ਪ੍ਰਾਪਤ ਕੀਤਾ, • ਬਾਕੀ ਸਫ਼ਾ 2 ’ਤੇ

## ਏਅਰ ਇੰਡੀਆ ਨੇ ਯੂ.ਏ.ਈ. ਲਈ ਉਡਾਣਾਂ ’ਚ ਕੀਤੀ ਕਟੌਤੀ

ਜ਼ਿਕਰ ਪੰਜਾਬ
ਨਵੀਂ ਦਿੱਲੀ/ਬਿਊਰੋ

ਏਅਰ ਇੰਡੀਆ ਗਰੁੱਪ ਨੇ ਐਤਵਾਰ ਨੂੰ ਪੱਛਮੀ ਏਸ਼ੀਆ ਲਈ ਆਪਣੀਆਂ ਕਾਰਵਾਈਆਂ ਵਿੱਚ ਕੁਝ ਕਟੌਤੀ ਕਰਦਿਆਂ ਕੁੱਲ 32 ਅਨੁਸੂਚਿਤ ਅਤੇ ਗੈਰ-ਅਨੁਸੂਚਿਤ ਉਡਾਣਾਂ ਚਲਾਉਣ ਦਾ ਫੈਸਲਾ ਕੀਤਾ ਹੈ। ਕੰਪਨੀ ਮੁਤਾਬਕ, ਸੰਯੁਕਤ ਅਰਬ ਅਮੀਰਾਤ ਲਈ ਪਹਿਲਾਂ ਦੇ ਮੁਕਾਬਲੇ ਘੱਟ ਐਡ-ਹਾਕ ਸੇਵਾਵਾਂ ਦਿੱਤੀਆਂ ਜਾਣਗੀਆਂ, ਜਿਨ੍ਹਾਂ ਵਿੱਚੋਂ 12 ਉਡਾਣਾਂ ਦੁਬਈ, ਅਬੂ ਧਾਬੀ ਅਤੇ ਸ਼ਾਰਜਾਹ ਵਰਗੇ ਸ਼ਹਿਰਾਂ ਲਈ ਹੋਣਗੀਆਂ ਹਾਲਾਂਕਿ ਰਸ ਅਲ ਖੈਮਾਹ ਅਤੇ ਅਲ ਐਨ ਲਈ ਕੋਈ ਉਡਾਣ ਨਹੀਂ ਹੈ, ਪਰ ਦਿੱਲੀ, ਕੋਚੀ, ਅੰਮ੍ਰਿਤਸਰ ਅਤੇ ਕੰਨੂਰ ਵਰਗੇ ਭਾਰਤੀ ਸ਼ਹਿਰਾਂ ਤੋਂ ਸੰਪਰਕ ਬਣਿਆ ਰਹੇਗਾ। ਓਮਾਨ ਦੇ ਮਸਕਟ ਅਤੇ ਸਾਊਦੀ ਅਰਬ ਦੇ ਜੇਦਾਹ ਤੇ ਰਿਆਦ ਲਈ ਵੀ ਕੁਝ ਉਡਾਣਾਂ ਜਾਰੀ ਰਹਿਣਗੀਆਂ, ਜਦੋਂਕਿ ਸਲਾਹਾਹ ਅਤੇ ਦਮਾਮ ਵਰਗੇ ਰੂਟ ਫਿਲਹਾਲ ਬੰਦ ਹਨ। ਦੂਜੇ ਪਾਸੇ, ਬਹਿਰੀਨ, ਦੋਹਾ, ਕੁਵੈਤ ਅਤੇ ਤੇਲ ਅਵੀਵ ਲਈ ਹਵਾਈ ਸੇਵਾਵਾਂ ਪੂਰੀ ਤਰ੍ਹਾਂ ਮੁਅੱਤਲ ਰਹਿਣਗੀਆਂ, ਜਿਨ੍ਹਾਂ ਯਾਤਰੀਆਂ ਦੀਆਂ ਉਡਾਣਾਂ ਰੱਦ ਹੋਈਆਂ ਹਨ, ਏਅਰ ਇੰਡੀਆ ਉਨ੍ਹਾਂ ਨੂੰ ਬਿਨਾਂ ਕਿਸੇ ਵਾਧੂ ਖਰਚੇ ਦੇ ਟਿਕਟ ਰੀ-ਬੁੱਕ ਕਰਨ ਜਾਂ • ਬਾਕੀ ਸਫ਼ਾ 2 ’ਤੇ

## ਮੁੱਖ ਮੰਤਰੀ ਤੇ ਉਹਨਾਂ ਦੇ ਓ ਐਸ ਡੀਜ਼ ਨੂੰ ਭੱਜਣ ਨਹੀਂ ਦਿੱਤਾ ਜਾਵੇਗਾ ਤੇ ਕੀਤੇ ਭ੍ਰਿਸ਼ਟ ਕੰਮਾਂ ਲਈ ਜਵਾਬਦੇਹ ਠਹਿਰਾਇਆ ਜਾਵੇਗਾ : ਬਾਦਲ

ਜ਼ਿਕਰ ਪੰਜਾਬ
ਪਟਿਆਲਾ/ਬਿਊਰੋ

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਅੱਜ ਐਲਾਨ ਕੀਤਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਮਗਰੋਂ ਮੁੱਖ ਮੰਤਰੀ ਭਗਵੰਤ ਮਾਨ ਤੇ ਉਨ੍ਹਾਂ ਦੇ ਓ ਐਸ ਡੀਜ਼ ਨੂੰ ਭੱਜਣ ਨਹੀਂ ਦਿੱਤਾ ਜਾਵੇਗਾ। ਅੱਜ ਇਥੇ ਪੰਜਾਬ ਬਚਾਓ ਮੁਹਿੰਮ ਦੇ ਤਹਿਤ ਪਟਿਆਲਾ ਦਿਹਾਤੀ ਦੇ ਹਲਕਾ ਇੰਚਾਰਜ ਜਸਪਾਲ ਸਿੰਘ ਬਿੱਟੂ ਚੱਠਾ ਦੇ ਨਾਲ ਰਲ ਕੇ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਇਹ ਭ੍ਰਿਸ਼ਟ ਲੋਕ ਸਮਝਦੇ ਹਨ ਕਿ ਇਹ ਕੈਨੇਡਾ, ਆਸਟਰੇਲੀਆ ਤੇ ਹੋਰ ਮੁਲਕਾਂ ਵਿਚ ਭੱਜ ਜਾਣਗੇ ਜਿਥੇ ਇਨ੍ਹਾਂ ਗੈਰ ਕਾਨੂੰਨੀ ਪੈਸਾ ਰੱਖਿਆ ਹੈ। ਉਹਨਾਂ ਕਿਹਾ ਕਿ ਮੈਂ ਇਹਨਾਂ ਨੂੰ ਦੱਸਣਾ ਚਾਹੁੰਦਾ ਹਾਂ ਕਿ ਇਹਨਾਂ ਨੂੰ ਜਵਾਬਦੇਹ ਠਹਿਰਾਇਆ ਜਾਵੇਗਾ। ਜੇਕਰ ਇਹ ਭੱਜ ਵੀ ਗਏ ਤਾਂ ਇਹਨਾਂ ਨੂੰ ਵਾਪਸ ਲਿਆ ਕੇ ਕਾਨੂੰਨ ਮੁਤਾਬਕ ਇਹਨਾਂ ਦੇ ਅਪਰਾਧਾਂ ਲਈ ਜਵਾਬਦੇਹ ਠਹਿਰਾਇਆ ਜਾਵੇਗਾ। ਾਅਦ ਵਿਚ ਮੀਡੀਆ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਮੇਰੇ ਖਿਲਾਫ ਕਿੱਕਲੀਆਂ ਨੂੰ ਤੋੜ ਮਰੋੜ ਕੇ ਪੇਸ਼ ਕਰਨ ਨਾਲ ਮੁੱਖ ਮੰਤਰੀ ਭਗਵੰਤ ਮਾਨ ਨੂੰ ਕੁਝ ਨਹੀਂ ਮਿਲਣਾ। ਉਹ ਭਾਵੇਂ ਜਿੰਨੀਆਂ ਮਰਜ਼ੀ ਕਿੱਕਲੀਆਂ ਪਾ ਲੈਣ ਪਰ ਇਸ ਨਾਲ ਉਹ ਪੰਜਾਬੀਆਂ ਦੇ ਗੁੱਸੇ ਤੋਂ ਨਹੀਂ ਬਚ ਸਕਣਗੇ ਜੋ ਉਹਨਾਂ ਤੋਂ ਹਰ ਮਾਮਲੇ ਵਿਚ ਦਿੱਤੇ ਧੋਖੇ ਦਾ ਹਿਸਾਬ ਲੈਣਾ ਚਾਹੁੰਦੇ ਹਨ। ਇਸ ਮੌਕੇ ਐਨ ਕੇ ਸ਼ਰਮਾ, ਡਾ. ਦਲਜੀਤ ਸਿੰਘ ਚੀਮਾ, ਗੁਰਪ੍ਰੀਤ ਸਿੰਘ ਰਾਜੂ ਖੰਨਾ, ਕਬੀਰ ਦਾਸ, ਮੱਖਣ ਸਿੰਘ ਲਾਲਕਾ ,ਸਰਬਜੀਤ ਸਿੰਘ ਝਿੰਜਰ, ਰਾਜਿੰਦਰ ਸਿੰਘ ਵਿਰਕ, ਅਮਿਤ ਸਿੰਘ ਰਾਠੀ ਤੇ ਅਰਸ਼ਦੀਪ ਸਿੰਘ ਕਲੇਰ ਨੇ ਵੀ ਸੰਬੋਧਨ ਕੀਤਾ।



## ਵਿਧਾਇਕ ਪਠਾਣਮਾਜਰਾ ਦੇ ਰਿਮਾਂਡ ’ਚ ਇੱਕ ਦਿਨ ਦਾ ਵਾਧਾ

ਜ਼ਿਕਰ ਪੰਜਾਬ
ਪਟਿਆਲਾ/ਬਿਊਰੋ

ਜਬਰ-ਜਨਾਹ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਕੀਤੇ ਗਏ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨੂੰ ਪੁਲਿਸ ਰਿਮਾਂਡ ਖ਼ਤਮ ਹੋਣ ਤੋਂ ਬਾਅਦ ਐਤਵਾਰ ਨੂੰ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਸੁਣਵਾਈ ਦੌਰਾਨ ਪੁਲਿਸ ਨੇ ਅਦਾਲਤ ਤੋਂ ਤਿੰਨ ਦਿਨ ਦਾ ਰਿਮਾਂਡ ਵਧਾਉਣ ਦੀ ਮੰਗ ਕੀਤੀ ਸੀ, ਪਰ ਅਦਾਲਤ ਨੇ ਸਿਰਫ਼ ਇੱਕ ਦਿਨ ਦਾ ਰਿਮਾਂਡ ਵਧਾਉਣ ਦੀ ਹੀ ਇਜਾਜ਼ਤ ਦਿੱਤੀ। ਜਾਣਕਾਰੀ ਅਨੁਸਾਰ, ਇਸ ਤੋਂ ਪਹਿਲਾਂ ਵੀ ਵਿਧਾਇਕ ਨੂੰ ਵੱਖ-ਵੱਖ ਪੜਾਵਾਂ ਵਿੱਚ ਪੁਲਿਸ ਰਿਮਾਂਡ ’ਤੇ ਲਿਆ ਜਾ ਚੁੱਕਾ ਹੈ। ਪਹਿਲਾਂ ਉਨ੍ਹਾਂ ਨੂੰ ਚਾਰ ਦਿਨਾਂ ਲਈ ਰਿਮਾਂਡ ’ਤੇ ਰੱਖਿਆ ਗਿਆ ਸੀ, ਜਿਸ ਤੋਂ ਬਾਅਦ ਸੱਤ ਦਿਨਾਂ ਦਾ ਵਾਧੂ ਰਿਮਾਂਡ ਮਿਲਿਆ ਸੀ। ਹੁਣ ਤੀਜੀ ਵਾਰ ਪੁਲਿਸ ਨੇ ਰਿਮਾਂਡ ਵਧਾਉਣ ਦੀ ਮੰਗ ਕਰਦਿਆਂ ਅਦਾਲਤ ਵਿੱਚ ਦਲੀਲ ਦਿੱਤੀ ਕਿ ਮਾਮਲੇ ਨਾਲ ਜੁੜੇ ਮਹੱਤਵਪੂਰਨ ਸਬੂਤ, ਖਾਸ ਕਰਕੇ ਮੋਬਾਈਲ ਫ਼ੋਨ ਦੀ ਬਰਾਮਦਗੀ ਅਜੇ ਬਾਕੀ ਹੈ। ਪੁਲਿਸ ਦਾ ਕਹਿਣਾ ਹੈ ਕਿ ਜਾਂਚ ਦੌਰਾਨ ਕੁਝ ਅਹਿਮ ਤੱਥਾਂ ਦੀ ਪੁਸ਼ਟੀ ਕਰਨ ਲਈ ਵਿਧਾਇਕ ਦਾ ਮੋਬਾਈਲ ਫ਼ੋਨ ਬਰਾਮਦ ਕਰਨਾ ਬਹੁਤ ਜ਼ਰੂਰੀ ਹੈ। ਇਸੇ ਆਧਾਰ ’ਤੇ ਉਨ੍ਹਾਂ ਨੇ ਅਦਾਲਤ ਤੋਂ ਵਧੇਰੇ ਸਮੇਂ ਦੀ ਮੰਗ ਕੀਤੀ ਸੀ, ਤਾਂ ਜੋ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਸਕੇ ਅਤੇ ਸਾਰੇ ਪਹਿਲੂਆਂ ਨੂੰ ਸਪੱਸ਼ਟ ਕੀਤਾ ਜਾ ਸਕੇ। ਹਾਲਾਂਕਿ, • ਬਾਕੀ ਸਫ਼ਾ 2 ’ਤੇ




## ਸੁਖਦੇਵ ਸਿੰਘ ਰਿਐਤ ਸ਼੍ਰੋਮਣੀ ਅਕਾਲੀ ਦਲ ਦਿੱਲੀ ’ਚ ਸ਼ਾਮਲ : ਕਾਲਕਾ



ਜ਼ਿਕਰ ਪੰਜਾਬ
ਨਵੀਂ ਦਿੱਲੀ/ਬਿਊਰੋ

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਆਲ ਇੰਡੀਆ ਰਾਮਗੜ੍ਹੀਆ ਵਿਸ਼ਵਕਰਮਾ ਫੈਡਰੇਸ਼ਨ ਦੇ ਪ੍ਰਧਾਨ ਸਰਦਾਰ ਸੁਖਦੇਵ ਸਿੰਘ ਰਿਐਤ ਦੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਵਿੱਚ ਸ਼ਾਮਲ ਹੋਣ ‘ਤੇ ਉਨ੍ਹਾਂ ਦਾ ਦਿਲੋਂ ਤਹਿ ਦਿਲੋਂ ਸਵਾਗਤ ਕੀਤਾ। ਇਸ ਮੌਕੇ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਪਰਿਵਾਰ ਵਿੱਚ ਨਵੇਂ ਅਤੇ ਸਮਰਪਿਤ ਸ਼ਖ਼ਸੀਅਤਾਂ ਦਾ ਸ਼ਾਮਲ ਹੋਣਾ ਸਦਾ ਹੀ ਖੁਸ਼ੀ ਅਤੇ ਮਾਣ ਦਾ ਵਿਸ਼ਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਸਰਦਾਰ ਸੁਖਦੇਵ ਸਿੰਘ ਰਿਐਤ ਦਾ ਵਿਸ਼ਾਲ ਤਜਰਬਾ, ਮਜ਼ਬੂਤ ਅਗਵਾਈ ਅਤੇ ਪੰਥ ਤੇ ਸਮਾਜ ਪ੍ਰਤੀ ਅਟੱਲ ਵਚਨਬੱਧਤਾ ਸ਼੍ਰੋਮਣੀ ਅਕਾਲੀ ਦਲ ਦਿੱਲੀ ਨੂੰ ਹੋਰ ਮਜ਼ਬੂਤ ਕਰਨ ਵਿੱਚ ਵਡਮੁੱਲਾ ਯੋਗਦਾਨ ਹੋਵੇਗਾ। ਉਨ੍ਹਾਂ ਹੋਰ ਕਿਹਾ ਕਿ ਸਰਦਾਰ ਸੁਖਦੇਵ ਸਿੰਘ ਰਿਐਤ ਦੀ ਦੂਰਦਰਸ਼ੀ ਸੋਚ, ਸੇਵਾ ਭਾਵਨਾ ਅਤੇ ਸਮਾਜਿਕ ਭਲਾਈ ਸੰਬੰਧੀ ਕਾਰਜਾਂ ਪ੍ਰਤੀ ਲਗਨ ਨਾਲ ਉਹ ਨਾ ਸਿਰਫ਼ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਨੂੰ ਮਜ਼ਬੂਤ ਕਰਨਗੇ, ਸਗੋਂ ਸੰਗਤ ਅਤੇ ਸਮਾਜ ਦੀ ਭਲਾਈ ਲਈ ਵੀ • ਬਾਕੀ ਸਫ਼ਾ 2 ’ਤੇ

## 4.13 ਕਿੱਲੋਗ੍ਰਾਮ ਹੈਰੋਇਨ ਸਮੇਤ 2 ਕਾਬੂ



ਜ਼ਿਕਰ ਪੰਜਾਬ
ਅੰਮ੍ਰਿਤਸਰ/ਬਿਊਰੋ


ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਦੇ ਤਹਿਤ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੂੰ ਇਕ ਵੱਡੀ ਕਾਮਯਾਬੀ ਹਾਸਲ ਹੋਈ ਹੈ। ਪੁਲਿਸ ਨੇ ਕਾਰਵਾਈ ਕਰਦੇ ਹੋਏ ਦੋ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਹੈ ਅਤੇ ਉਨ੍ਹਾਂ ਦੇ ਕਬਜ਼ੇ ਤੋਂ 4.13 ਕਿੱਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਪੁਲਿਸ ਦੇ ਮੁਤਾਬਿਕ ਦੋਵੇਂ ਮੁਲਜ਼ਮ ਪਾਕਿਸਤਾਨ ਤੋਂ ਡਰੋਨ ਰਾਹੀਂ ਨਸ਼ੇ ਦੀ ਖੇਪ ਮੰਗਵਾਉਂਦੇ ਸਨ ਅਤੇ ਉਸ ਨੂੰ ਮਾਝਾ ਅਤੇ ਦੁਆਬਾ ਖੇਤਰਾਂ ਵਿੱਚ ਸਪਲਾਈ ਕਰਦੇ ਸਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਦੋਵੇਂ ਮੁਲਜ਼ਮਾਂ ਦੇ ਸੰਪਰਕ ਯੂਰਪ ਵਿੱਚ ਬੈਠੇ ਨਸ਼ਾ ਤਸਕਰਾਂ ਅਤੇ ਜੇਲ੍ਹ ਵਿੱਚ ਬੰਦ ਕੁਝ ਮੁਲਜ਼ਮਾਂ ਨਾਲ ਸਨ। ਇਹ ਗਿਰੋਹ ਪਾਕਿਸਤਾਨ ਤੋਂ ਡਰੋਨ ਰਾਹੀਂ ਨਸ਼ੇ ਦੀ ਖੇਪ ਮੰਗਵਾ ਕੇ ਪੰਜਾਬ ਦੇ ਵੱਖ-ਵੱਖ ਇਲਾਕਿਆਂ ਵਿੱਚ ਫੈਲਾਉਣ ਦਾ ਕੰਮ ਕਰਦਾ ਸੀ। ਪੁਲਿਸ ਵੱਲੋਂ ਕੀਤੀ ਗਈ ਕਾਰਵਾਈ ਨਾਲ ਇਸ ਨਸ਼ਾ ਤਸਕਰੀ ਦੇ ਜਾਲ ਨੂੰ ਵੱਡਾ ਝਟਕਾ ਲੱਗਿਆ ਹੈ। ਪੁਲਿਸ ਵੱਲੋਂ ਗ੍ਰਿਫਤਾਰ ਕੀਤੇ ਗਏ ਮੁਲਜ਼ਮਾਂ ਦੀ ਪਹਿਚਾਣ ਆਤਿਸ਼ ਸੁਮਨ ਅਤੇ ਸੁਖਵਿੰਦਰ ਉਰਫ਼ ਸੁੰਦਰੀ ਵਜੋਂ ਹੋਈ ਹੈ। ਆਤਿਸ਼ ਸੁਮਨ ਫਗਵਾੜਾ ਦੇ ਨੇੜਲੇ ਪਿੰਡ ਦਾ ਰਹਿਣ ਵਾਲਾ ਦੱਸਿਆ ਜਾ ਰਿਹਾ ਹੈ। ਉਸ ਨੇ ਡੀਜ਼ਲ ਮਕੈਨਿਕ ਦਾ ਡਿਪਲੋਮਾ ਕੀਤਾ ਹੋਇਆ ਹੈ ਅਤੇ ਮਹਿੰਦਰਾ ਕੰਪਨੀ ਵਿੱਚ ਮਕੈਨਿਕ ਵਜੋਂ ਕੰਮ • ਬਾਕੀ ਸਫ਼ਾ 2 ’ਤੇ

## ਮੁੱਖ ਮੰਤਰੀ ਭਗਵੰਤ ਸਿੰਘ ਮਾਨ 6 ਅਪ੍ਰੈਲ ਨੂੰ ਪੀ. ਆਰ. ਟੀ. ਸੀ. ਦੀਆਂ 100 ਨਵੀਆਂ ਬੱਸਾਂ ਨੂੰ ਦਿਖਾਉਣਗੇ ਹਰੀ ਝੰਡੀ : ਚੀਮਾ

**➤ ਟ੍ਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪੀ. ਆਰ. ਟੀ. ਸੀ. ਲਈ 125 ਕਰੋੜ ਰੁਪਏ ਦੇ ਪ੍ਰੋਜੈਕਟ ਦੀ ਰੂਪਰੇਖਾ ਪੇਸ਼, ਨਾਲ ਹੀ ਕਿਲੋਮੀਟਰ ਸਕੀਮ ਤਹਿਤ 254 ਬੱਸਾਂ ਪਾਈਆਂ ਜਾਣਗੀਆਂ**

ਜ਼ਿਕਰ ਪੰਜਾਬ
ਚੰਡੀਗੜ੍ਹ/ਬਿਊਰੋ

ਪੰਜਾਬ ਦੇ ਜਨਤਕ ਟਰਾਂਸਪੋਰਟ ਬੁਨਿਆਦੀ ਢਾਂਚੇ ਦੀ ਕਾਇਆ-ਕਲਪ ਕਰਨ ਦੀ ਦਿਸ਼ਾ ਵਿੱਚ ਇੱਕ ਅਹਿਮ ਕਦਮ ਚੁੱਕਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ 6 ਅਪ੍ਰੈਲ, 2026 ਨੂੰ ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ (ਪੀ. ਆਰ. ਟੀ. ਸੀ.) ਦੀਆਂ 100 ਨਵੀਆਂ ਬੱਸਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਨਗੇ, ਜੋ ਕਿ ਆਮ ਆਦਮੀ ਪਾਰਟੀ (ਆਪ) ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸੂਬੇ ਭਰ ਵਿੱਚ ਆਧੁਨਿਕ, ਕੁਸ਼ਲ ਅਤੇ ਪਹੁੰਚਯੋਗ ਆਵਾਜਾਈ ਪ੍ਰਤੀ ਵਚਨਬੱਧਤਾ ਨੂੰ ਹੋਰ ਪੱਕਾ ਕਰੇਗਾ। ਇਸ ਪਹਿਲਕਦਮੀ ਦੇ ਵੱਡੇ ਪੱਧਰ ’ਤੇ ਚਾਨਣਾ ਪਾਉਂਦਿਆਂ, ਪੰਜਾਬ ਦੇ ਵਿੱਤ ਅਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਜਨਤਕ ਟਰਾਂਸਪੋਰਟ ਬੁਨਿਆਦੀ ਢਾਂਚੇ ਨੂੰ ਮੁੜ ਸੁਰਜੀਤ ਕਰਨ ਅਤੇ ਪੰਜਾਬ ਭਰ ਦੇ ਲੋਕਾਂ ਲਈ ਇੱਕ ਭਰੋਸੇਮੰਦ ਅਤੇ ਪਹੁੰਚਯੋਗ ਆਵਾਜਾਈ ਨੈਟਵਰਕ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਨੇ ਅੱਗੇ ਕਿਹਾ, ‘ਇਨ੍ਹਾਂ ਬੱਸਾਂ ਨੂੰ ਹਰੀ ਝੰਡੀ ਦਿਖਾਉਣਾ ਇਸ ਦਿਸ਼ਾ ਵਿੱਚ ਸਰਕਾਰ ਦੇ ਨਿਰੰਤਰ ਯਤਨਾਂ ਦਾ ਸਪੱਸ਼ਟ ਪ੍ਰਮਾਣ ਹੈ।’ ਪੀ. ਆਰ. ਟੀ. ਸੀ. ਦੀ ਆਧੁਨਿਕੀਕਰਨ ਮੁਹਿੰਮ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ‘ਪੰਜਾਬ ਸਰਕਾਰ ਕੁੱਲ 100 ਮਿਡੀ ਅਤੇ 309 ਸਾਧਾਰਨ ਬੱਸਾਂ ਦੀ ਖਰੀਦ ਲਈ ਲਗਭਗ 125 ਕਰੋੜ ਰੁਪਏ ਦਾ ਪੂੰਜੀਗਤ ਨਿਵੇਸ਼ ਕਰ ਰਹੀ ਹੈ, ਜਿਨ੍ਹਾਂ ਨੂੰ ਪੜਾਅਵਾਰ ਢੰਗ ਨਾਲ ਬੇੜੇ ਵਿੱਚ ਸ਼ਾਮਲ ਕੀਤਾ ਜਾਵੇਗਾ। ਜਨਤਕ ਟਰਾਂਸਪੋਰਟ ਦੀ ਵੱਧ ਰਹੀ ਮੰਗ ਨੂੰ ਤੇਜ਼ੀ ਨਾਲ ਪੂਰਾ ਕਰਨ ਅਤੇ ਕਾਰਪੋਰੇਸ਼ਨ ਦੀ ਸੰਚਾਲਨ ਸਮਰੱਥਾ ਨੂੰ ਹੋਰ ਵਧਾਉਣ ਲਈ, ਪੀ.ਆਰ.ਟੀ.ਸੀ. ਕਿਲੋਮੀਟਰ ਸਕੀਮ ਤਹਿਤ 254 ਵਾਧੂ ਸਾਧਾਰਨ ਬੱਸਾਂ ਵੀ ਪਾਈਆਂ ਜਾਣਗੀਆਂ। ਉਨ੍ਹਾਂ ਅੱਗੇ ਕਿਹਾ ਕਿ ਇਹ ਰਣਨੀਤਕ ਕਦਮ ਮੁੱਖ ਰੂਟਾਂ ’ਤੇ ਕੁਸ਼ਲ ਸੇਵਾ ਪ੍ਰਦਾਨ ਕਰਨ ਨੂੰ ਯਕੀਨੀ ਬਣਾਉਣ ਲਈ ਤਿਆਰ ਕੀਤਾ ਗਿਆ ਹੈ। ਟਰਾਂਸਪੋਰਟ ਦੇ ਵਿਕਾਸ ਬਾਰੇ ਵਿਆਪਕ ਰੂਪਰੇਖਾ ’ਤੇ ਚਾਨਣਾ ਪਾਉਂਦਿਆਂ, ਵਿੱਤ ਮੰਤਰੀ ਨੇ ਪਨਬੱਸ ਲਈ ਇੱਕ ਅਭਿਲਾਸ਼ੀ ਵਿਸਥਾਰ ਯੋਜਨਾ ਵੀ ਸਾਂਝੀ ਕੀਤੀ। ਉਨ੍ਹਾਂ ਕਿਹਾ, ÷ਸਰਕਾਰ ਵੱਲੋਂ ਪਨਬੱਸ ਦੇ ਬੇੜੇ ਵਿੱਚ ਕੁੱਲ 606 ਬੱਸਾਂ ਸ਼ਾਮਲ ਕਰਨ ਦੀ ਯੋਜਨਾ ਹੈ। ਇਸ ਵਿਆਪਕ ਯੋਜਨਾ ਵਿੱਚ 387 ਨਵੀਆਂ ਬੱਸਾਂ ਸ਼ਾਮਲ ਹਨ, ਜਿਨ੍ਹਾਂ ਨੂੰ ਸਿੱਧੇ ਤੌਰ ’ਤੇ ਬੇੜੇ ਵਿੱਚ ਸ਼ਾਮਲ ਕੀਤਾ ਜਾਵੇਗਾ। ਇਸ ਤੋਂ ਇਲਾਵਾ, ਕਿਲੋਮੀਟਰ ਸਕੀਮ ਤਹਿਤ, ਪਨਬੱਸ 19 ਵੋਲਵੋ ਬੱਸਾਂ, 100 ਐਚ.ਵੀ.ਏ.ਸੀ. ਬੱਸਾਂ ਅਤੇ 100 ਸਾਧਾਰਨ ਬੱਸਾਂ ਸ਼ਾਮਲ ਕਰੇਗੀ।’ ਟਰਾਂਸਪੋਰਟ • ਬਾਕੀ ਸਫ਼ਾ 2 ’ਤੇ



## ਕੁੱਲੂ ’ਚ ਸੈਲਾਨੀਆਂ ਨਾਲ ਭਰੀ ਟ੍ਰੈਵਲਰ ਪਲਟੀ, 4 ਦੀ ਮੌਤ 19 ਲੋਕ ਜ਼ਖ਼ਮੀ




ਜ਼ਿਕਰ ਪੰਜਾਬ
ਕੁੱਲੂ/ਬਿਊਰੋ

ਹਿਮਾਚਲ ਪ੍ਰਦੇਸ਼ ਦੇ ਕੁੱਲੂ ਜ਼ਿਲ੍ਹੇ ਵਿੱਚ ਸੈਰ-ਸਪਾਟੇ ਦੇ ਮੌਸਮ ਦੌਰਾਨ ਇੱਕ ਦਿਲ ਦਹਿਲਾ ਦੇਣ ਵਾਲਾ ਸੜਕ ਹਾਦਸਾ ਵਾਪਰਿਆ। ਸ਼ਨੀਵਾਰ ਰਾਤ ਨੂੰ ਸੈਲਾਨੀਆਂ ਨਾਲ ਭਰੀ ਇੱਕ ਟੈਂਪੋ ਟ੍ਰੈਵਲਰ ਕੰਟਰੋਲ ਗੁਆ ਬੈਠੀ ਅਤੇ ਬੰਜਾਰ ਸਬ-ਡਿਵੀਜ਼ਨ ਦੇ ਸੋਝਾ (ਜਲੋਦਾ ਮੋੜ) ਨੇੜੇ ਇੱਕ ਡੂੰਘੀ ਖੱਡ ਵਿੱਚ ਡਿੱਗ ਗਈ। ਇਸ ਦਰਦਨਾਕ ਹਾਦਸੇ ਵਿੱਚ ਹੁਣ ਤੱਕ ਚਾਰ ਲੋਕਾਂ ਦੀ ਮੌਤ ਹੋ ਗਈ ਹੈ ਅਤੇ 19 ਹੋਰ ਜ਼ਖ਼ਮੀ ਹੋ ਗਏ ਹਨ। ਪ੍ਰਸ਼ਾਸਨ ਨੇ ਮੌਤਾਂ ਦੀ ਪੁਸ਼ਟੀ ਕੀਤੀ ਹੈ। ਹਾਦਸੇ ਦੌਰਾਨ ਦੋ ਲੋਕ ਲਾਪਤਾ ਹੋ ਗਏ ਸਨ ਅਤੇ ਬੀਤੀ ਦੇਰ ਰਾਤ ਖੱਡ ਵਿੱਚੋਂ ਬਚਾ ਲਿਆ ਗਿਆ। ਰਿਪੋਰਟਾਂ ਮੁਤਾਬਿਕ ਦਿੱਲੀ ਅਤੇ ਹੋਰ ਰਾਜਾਂ ਦੇ 23 ਸੈਲਾਨੀਆਂ ਦਾ ਇੱਕ ਸਮੂਹ ਜਲੋਰੀ ਜੋਟ ਦੀਆਂ ਘਾਟੀਆਂ ਦੀ ਪੜਚੋਲ ਕਰਨ ਤੋਂ ਬਾਅਦ ਬੰਜਾਰ ਵਾਪਸ ਆ ਰਿਹਾ ਸੀ। ਜਲੋਦਾ ਮੋੜ ਨੇੜੇ ਡਰਾਈਵਰ ਨੇ ਗੱਡੀ ’ਤੇ ਕੰਟਰੋਲ ਗੁਆ ਦਿੱਤਾ ਅਤੇ ਗੱਡੀ ਕਈ ਫੁੱਟ ਡੂੰਘੀ ਖੱਡ ਵਿੱਚ ਡਿੱਗ ਗਈ। ਚੀਕਾਂ ਸੁਣ ਕੇ ਸਥਾਨਕ ਲੋਕ ਤੁਰੰਤ ਮੌਕੇ ’ਤੇ ਪਹੁੰਚੇ ਅਤੇ ਪੁਲਿਸ ਨੂੰ ਸੂਚਿਤ ਕੀਤਾ। ਹਾਦਸੇ ਤੋਂ ਬਾਅਦ ਪੁਲਿਸ ਅਤੇ ਸਥਾਨਕ ਨਿਵਾਸੀਆਂ ਨੇ ਲੋਕਾਂ ਨੂੰ ਖੱਡ ਵਿੱਚੋਂ ਕੱਢਣ ਲਈ • ਬਾਕੀ ਸਫ਼ਾ 2 ’ਤੇ

## ਦੂਜਿਆਂ ਨੂੰ ਬਾਹਰੀ ਕਹਿਣ ਤੋਂ ਪਹਿਲਾਂ ਸੁਨੀਲ ਜਾਖੜ ਇਹ ਦੱਸਣ ਕਿ ਮੋਗਾ 'ਚ ਰੈਲੀ ਕਰਨ ਆਏ ਤੁਹਾਡੇ ਆਗੂ ਕੀ ਕੋਟਕਪੂਰਾ ਤੋਂ ਆਏ ਸਨ : ਬਲਤੇਜ ਪੰਨੂ

ਚੰਡੀਗੜ੍ਹ/ਬਿਊਰੋ

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਪੰਜਾਬ ਭਾਜਪਾ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਵੱਲੋਂ ਅੰਮ੍ਰਿਤਸਰ ਧਰਨੇ ਦੌਰਾਨ ਦਿੱਤੇ ਗਏ ਬਿਆਨ 'ਤੇ ਤਿੱਖਾ ਪਲਟਵਾਰ ਕੀਤਾ ਹੈ। ਪੰਨੂ ਨੇ ਕਿਹਾ ਕਿ ਜਾਖੜ ਸਾਹਿਬ ਕਹਿ ਰਹੇ ਸਨ ਕਿ ਪੰਜਾਬ ਵਾਲਿਆਂ ਨੂੰ 'ਬਾਹਰਲਿਆਂ' ਨੂੰ ਬਾਹਰ ਦਾ ਰਸਤਾ ਦਿਖਾਉਣਾ ਚਾਹੀਦਾ ਹੈ। ਪੰਨੂ ਨੇ ਜਾਖੜ ਨੂੰ ਸਵਾਲ ਕਰਦਿਆਂ ਪੁੱਛਿਆ ਕਿ ਜਾਖੜ ਸਾਹਿਬ ਪਿਛਲੇ ਦਿਨੀਂ ਜੋ ਤੁਹਾਡੇ ਨੇਤਾ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਜੀ ਮੋਗਾ ਵਿੱਚ ਰੈਲੀ ਕਰਨ ਆਏ ਸਨ, ਕੀ ਉਹ ਕੋਟਕਪੂਰਾ ਤੋਂ ਚੱਲ ਕੇ ਆਏ ਸਨ? ਜੋ ਲੋਕ ਖੁਦ ਦਿੱਲੀ ਦੇ ਇਸ਼ਾਰਿਆਂ 'ਤੇ ਪੰਜਾਬ ਦੀ ਸਿਆਸਤ ਕਰ ਰਹੇ ਹਨ, ਉਨ੍ਹਾਂ ਨੂੰ ਦੂਜਿਆਂ ਨੂੰ ਬਾਹਰੀ ਦੱਸਣ ਦਾ ਕੋਈ ਨੈਤਿਕ ਅਧਿਕਾਰ ਨਹੀਂ ਹੈ। ਬਲਤੇਜ ਪੰਨੂ ਨੇ ਭਾਜਪਾ ਅਤੇ ਜਾਖੜ 'ਤੇ ਹਮਲਾ ਬੋਲਦਿਆਂ ਕਿਹਾ ਕਿ ਤੁਹਾਨੂੰ ਅਸਲ ਤਕਲੀਫ਼ ਇਸ ਗੱਲ ਦੀ ਹੈ ਕਿ ਅੱਜ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਹੈ, ਜੋ ਸਧਾਰਨ ਘਰਾਂ ਦੇ ਧੀਆਂ-ਪੁੱਤਾਂ ਦੀ ਸਰਕਾਰ ਹੈ। ਤੁਹਾਡੇ ਵਰਗੇ ਰਸੂਖਦਾਰ ਆਗੂਆਂ ਨੂੰ ਇਹ ਹਜ਼ਮ ਨਹੀਂ ਹੋ ਰਿਹਾ ਕਿ ਇੱਕ ਆਮ ਇਨਸਾਨ ਸੱਤਾ ਦੀ ਕੁਰਸੀ 'ਤੇ ਬੈਠ ਕੇ ਜਨਤਾ ਦੀ ਸੇਵਾ ਕਿਵੇਂ ਕਰ ਰਿਹਾ ਹੈ। ਤੁਸੀਂ ਧਰਨੇ ਵਿੱਚ ਜੋ ਵੀ ਜ਼ਹਿਰ ਉਗਲਿਆ ਹੈ, ਪੰਜਾਬ ਦੇ ਲੋਕ ਉਸ ਨੂੰ ਚੰਗੀ ਤਰ੍ਹਾਂ ਸਮਝਦੇ ਹਨ।



ਸੂਬੇ ਦੀ ਜਨਤਾ ਜਾਣਦੀ ਹੈ ਕਿ ਅਸਲੀ 'ਚਿੱਟੇ' ਅਤੇ ਭ੍ਰਿਸ਼ਟਾਚਾਰ ਦੇ ਸਰਪ੍ਰਸਤ ਕੌਣ ਰਹੇ ਹਨ। ਸੁਨੀਲ ਜਾਖੜ ਦੀ ਸਿਆਸੀ ਵਫ਼ਾਦਾਰੀ 'ਤੇ ਸਵਾਲ ਉਠਾਉਂਦੇ ਹੋਏ ਪੰਨੂ ਨੇ ਕਿਹਾ ਕਿ ਜਿਸ ਕਾਂਗਰਸ ਪਾਰਟੀ ਨੇ ਤੁਹਾਨੂੰ ਮਾਣ-ਸਤਿਕਾਰ ਦਿੱਤਾ, ਵੱਡੇ-ਵੱਡੇ ਅਹੁਦਿਆਂ ਦੀ ਜ਼ਿੰਮੇਵਾਰੀ ਸੌਂਪੀ, ਜਦੋਂ ਤੁਸੀਂ ਉਨ੍ਹਾਂ ਦੇ ਸਕੇ ਨਹੀਂ ਹੋ ਸਕੇ, ਤਾਂ ਤੁਸੀਂ ਪੰਜਾਬ ਅਤੇ ਪੰਜਾਬੀਅਤ ਦੇ ਕੀ ਸਕੇ ਹੋਵੋਗੇ? ਉਨ੍ਹਾਂ ਕਿਹਾ ਕਿ ਜੋ ਵਿਅਕਤੀ ਆਪਣੀ ਪੁਰਾਣੀ ਪਾਰਟੀ ਅਤੇ ਵਿਚਾਰਧਾਰਾ ਦਾ ਵਫ਼ਾਦਾਰ ਨਹੀਂ ਰਿਹਾ, ਉਹ ਅੱਜ ਪੰਜਾਬ ਦੇ ਹਿੱਤਾਂ ਦੀ ਰਾਖੀ ਕਰਨ ਦਾ ਢੋਂਗ ਕਰ ਰਿਹਾ ਹੈ। ਆੜ੍ਹਤੀਆਂ ਅਤੇ ਕਿਸਾਨਾਂ ਦੇ ਮੁੱਦੇ 'ਤੇ ਭਾਜਪਾ ਨੂੰ ਘੇਰਦੇ ਹੋਏ ਪੰਨੂ ਨੇ ਸਪੱਸ਼ਟ ਕੀਤਾ ਕਿ ਕੇਂਦਰ ਦੀ ਭਾਜਪਾ ਸਰਕਾਰ ਨੇ ਜਾਣਬੁੱਝ ਕੇ ਆੜ੍ਹਤੀਆਂ ਅਤੇ ਕਿਸਾਨਾਂ ਦੇ ਮਸਲੇ ਨੂੰ ਉਲਝਾਇਆ ਹੋਇਆ ਹੈ। ਕੇਂਦਰ ਵਿੱਚ ਆਪਣੀ ਸਰਕਾਰ ਦੀਆਂ ਨਾਕਾਮੀਆਂ ਅਤੇ ਪੰਜਾਬ ਵਿਰੋਧੀ ਨੀਤੀਆਂ ਤੋਂ ਲੋਕਾਂ ਦਾ ਧਿਆਨ ਭਟਕਾਉਣ ਲਈ ਜਾਖੜ ਸਾਹਿਬ ਅੱਜ ਝੂਠ ਅਤੇ ਪ੍ਰਦਰਸ਼ਨਾਂ ਦਾ ਸਹਾਰਾ ਲੈ ਰਹੇ ਹਨ। ਪੰਜਾਬ ਦੀ ਜਨਤਾ ਹੁਣ ਤੁਹਾਡੇ ਇਨ੍ਹਾਂ ਗੁੰਮਰਾਹਕੁੰਨ ਪ੍ਰਦਰਸ਼ਨਾਂ ਅਤੇ ਝੂਠੀ ਬਿਆਨਬਾਜ਼ੀ ਦੇ ਝਾਂਸੇ ਵਿੱਚ ਆਉਣ ਵਾਲੀ ਨਹੀਂ ਹੈ।

## ਪੰਜਾਬ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਿਕਾਸ ਕਾਰਜ ਜਾਰੀ; ਮੋਗਾ ਵਿੱਚ ਬਹੁ-ਕਰੋੜੀ ਪ੍ਰਜੈਕਟਾਂ ਦਾ ਉਦਘਾਟਨ

### ਮੋਗਾ ਨਗਰ ਨਿਗਮ ਅਧੀਨ ਸੜਕਾਂ ਨੂੰ 7.58 ਕਰੋੜ ਰੁਪਏ ਦੀ ਲਾਗਤ ਨਾਲ ਕੀਤਾ ਜਾਵੇਗਾ ਅਪਗ੍ਰੇਡ

➤ ਮੋਗਾ-ਕੋਟਕਪੂਰਾ, ਮੋਗਾ-ਖੋਸਾ ਪਾਂਡੋ ਅਤੇ ਜ਼ੀਰਾ ਸੜਕਾਂ ਨੂੰ ਵੀ ਉੱਚ-ਗੁਣਵੱਤਾ ਵਾਲੇ ਰੂਟਾਂ ਵਿੱਚ ਕੀਤਾ ਜਾਵੇਗਾ ਵਿਕਸਤ : ਮਾਨ



ਮੋਗਾ/ਬਿਊਰੋ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਆਮ ਆਦਮੀ ਪਾਰਟੀ (ਆਪ) ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਵਿਕਾਸ ਏਜੰਡੇ ਦੀ ਪੁਸ਼ਟੀ ਕਰਦਿਆਂ ਮੋਗਾ ਵਿੱਚ ਬਹੁ-ਕਰੋੜੀ ਪ੍ਰਾਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ। ਇਸ ਦੇ ਨਾਲ ਹੀ ਉਨ੍ਹਾਂ ਨੇ ਬੁਨਿਆਦੀ ਢਾਂਚੇ ਦੇ ਵਿਸਥਾਰ, ਕਿਸਾਨ ਸੁਰੱਖਿਆ ਅਤੇ ਪ੍ਰਸ਼ਾਸਕੀ ਸੁਧਾਰਾਂ 'ਤੇ ਕੇਂਦ੍ਰਿਤ ਇੱਕ ਸ਼ਾਸਨ ਮਾਡਲ ਦੀ ਰੂਪ-ਰੇਖਾ ਵੀ ਪੇਸ਼ ਕੀਤੀ। ਇੱਥੇ ਸੂਬਾ ਪੱਧਰੀ ਸਮਾਗਮ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਲੋਕਾਂ ਵੱਲੋਂ ਮਿਲ ਰਿਹਾ ਭਰਵਾਂ ਹੁੰਗਾਰਾ ਅਤੇ ਭਾਰੀ ਜਨਤਕ ਭਾਗੀਦਾਰੀ ਸਰਕਾਰ ਦੇ ਇਮਾਨਦਾਰ ਅਤੇ ਸਾਫ਼-ਸੁਥਰੀ ਰਾਜਨੀਤੀ ਵਿੱਚ ਵਧ ਰਹੇ ਲੋਕਾਂ ਦੇ ਭਰੋਸਾ ਦਾ ਪ੍ਰਤੱਖ ਪ੍ਰਮਾਣ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ 47 ਕਿਲੋਮੀਟਰ ਤੋਂ ਵੱਧ ਮੁੱਖ ਸੜਕੀ ਨੈੱਟਵਰਕਾਂ ਨੂੰ ਅਪਗ੍ਰੇਡ ਕਰਨ ਅਤੇ ਸ਼ਹਿਰੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਤੋਂ ਲੈ ਕੇ 18.80 ਕਰੋੜ ਰੁਪਏ ਦੇ ਬਿਜਲੀ ਪ੍ਰਾਜੈਕਟ ਸ਼ੁਰੂ ਕਰਨ ਅਤੇ 13 ਅਪ੍ਰੈਲ ਤੋਂ ਤਕਸੀਮ ਮੁਹਿੰਮ ਸ਼ੁਰੂ ਕਰਨ ਤੱਕ ਸਰਕਾਰ ਜ਼ਮੀਨੀ ਪੱਧਰ 'ਤੇ ਠੋਸ ਤਬਦੀਲੀ ਲਿਆ ਰਹੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ 'ਆਪ' ਸਰਕਾਰ ਕਿਸਾਨਾਂ ਦੀ ਕਣਕ ਦੇ ਦਾਣੇ-ਦਾਣੇ ਨੂੰ ਖਰੀਦਣ ਲਈ ਵਚਨਬੱਧ ਹੈ ਅਤੇ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਕੋਈ ਵੀ ਕਾਸ਼ਤਕਾਰ ਆੜ੍ਹਤੀਆਂ ਦੇ ਰਹਿਮੋ-ਕਰਮ 'ਤੇ ਨਾ ਰਹੇ। ਇਸ ਤਰ੍ਹਾਂ ਸੂਬਾ ਸਰਕਾਰ ਹਰ ਪਿੰਡ ਅਤੇ ਸ਼ਹਿਰ ਨੂੰ ਜੋੜਨ ਵਾਲੇ ਵਿਕਾਸ ਮਾਡਲ ਰਾਹੀਂ ਪੰਜਾਬ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਉਣ ਵੱਲ ਲਗਾਤਾਰ ਅੱਗੇ ਵਧ ਰਹੀ ਹੈ। ਮੋਗਾ ਵਿੱਚ ਕਈ ਵਿਕਾਸ ਪ੍ਰਾਜੈਕਟਾਂ ਦਾ ਨੀਂਹ ਪੱਥਰ ਰੱਖਣ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਰਵਾਇਤੀ ਪਾਰਟੀਆਂ ਨੇ ਪੰਜਾਬ ਦੇ ਲੋਕਾਂ ਨਾਲ ਵਾਰ-ਵਾਰ ਵਿਸ਼ਵਾਸਘਾਤ ਕੀਤਾ ਹੈ। ਉਨ੍ਹਾਂ ਕਿਹਾ, "ਪੰਜਾਬ ਦੇ ਲੋਕ ਅਕਾਲੀਆਂ ਨੂੰ ਕਦੇ ਵੀ ਮੁਆਫ਼ ਨਹੀਂ ਕਰਨਗੇ ਕਿਉਂਕਿ ਉਨ੍ਹਾਂ ਨੇ ਨਾ ਸਿਰਫ਼ ਪੰਜਾਬ ਅਤੇ ਇਥੋਂ ਦੇ ਲੋਕਾਂ ਨੂੰ ਬਰਬਾਦ ਕੀਤਾ ਹੈ, ਸਗੋਂ ਗੁਰੂਆਂ ਅਤੇ ਗੁਰਬਾਣੀ ਦਾ ਵੀ ਘੋਰ ਨਿਰਾਦਰ ਕੀਤਾ ਹੈ।" ਇਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੋਗਾ ਵਿੱਚ ਕਈ ਵਿਕਾਸ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ, ਜਿਸ ਵਿੱਚ ਬਿਜਲੀ ਪ੍ਰੋਜੈਕਟ, ਨਗਰ ਨਿਗਮ ਸੜਕਾਂ ਦੀ ਮੁਰੰਮਤ ਅਤੇ ਪ੍ਰਮੁੱਖ ਸੜਕਾਂ ਦਾ ਅਪਗ੍ਰੇਡੇਸ਼ਨ ਸ਼ਾਮਲ ਹੈ। ਉਨ੍ਹਾਂ ਨੇ ਰੰਗਲਾ ਅਤੇ ਜੀਵੰਤ ਪੰਜਾਬ ਬਣਾਉਣ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਦੁਹਰਾਈ। ਇਸ ਤੋਂ ਪਹਿਲਾਂ 'ਆਪ' ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੇਸ਼ ਦੇ ਸਭ ਤੋਂ ਪ੍ਰਸਿੱਧ ਮੁੱਖ ਮੰਤਰੀ ਹਨ। ਆਪ ਸਰਕਾਰ ਨੇ ਸਮਾਜ ਦੇ ਹਰ ਵਰਗ ਲਈ ਮਾਰਗਦਰਸ਼ਕ ਪਹਿਲਕਦਮੀਆਂ ਕੀਤੀਆਂ ਹਨ। ਜੇ ਕੋਈ ਹੋਰ ਪਾਰਟੀ ਸੱਤਾ ਵਿੱਚ ਆਉਂਦੀ ਹੈ ਤਾਂ ਉਹ ਦਿੱਲੀ 'ਚ ਭਾਜਪਾ ਵਾਂਗ ਇਨ੍ਹਾਂ ਭਲਾਈ ਯੋਜਨਾਵਾਂ ਨੂੰ ਬੰਦ ਕਰ ਦੇਣਗੇ।

## ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਜ਼ਿਲ੍ਹਾ ਜਲੰਧਰ ਦੀ ਮਹੀਨਾਵਾਰ ਮੀਟਿੰਗ ਹੋਈ

ਜਲੰਧਰ/ਬਲਵਿੰਦਰ ਕੁਮਾਰ

ਅੱਜ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਜ਼ਿਲ੍ਹਾ ਜਲੰਧਰ ਦੀ ਮਹੀਨਾਵਾਰ ਮੀਟਿੰਗ ਜਿਲਾ ਪ੍ਰਧਾਨ ਜਸਵੰਤ ਸਿੰਘ ਸਿੰਘਪੁਰ ਦੋਨਾਂ ਦੀ ਅਗਵਾਈ ਵਿੱਚ ਪਿੰਡ ਉਦੋਪੁਰ ਹਲਕਾ ਜਲੰਧਰ ਕੈਂਟ ਦੇ ਵਿੱਚ ਹੋਈ ਜਿਸ ਦੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਪ੍ਰੈੱਸ ਸਕੱਤਰ ਪਰਮਿੰਦਰ ਸਿੰਘ ਭਿੰਦਾ ਨੇ ਦੱਸਿਆ ਕਿ 10 ਤਰੀਕ ਨੂੰ ਮੋਗਾ ਵਿੱਚ ਹੋਣ ਜਾ ਰਹੀ ਰੈਲੀ ਦੇ ਸੰਬੰਧ ਵਿੱਚ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਜਿਲਾ ਜਲੰਧਰ ਦੇ ਅਹੁਦੇਦਾਰ ਸਾਹਿਬਾਨ ਦੀ ਇਕੱਤਰ ਹੋਏ। ਇਸ ਮੀਟਿੰਗ ਵਿੱਚ ਵਿਚਾਰ ਕੀਤਾ ਗਿਆ ਕਿ 10 ਅਪ੍ਰੈਲ ਸਵੇਰੇ 9:00 ਵਜੇ ਪਿੰਡ ਗਹੀਰਾਂ ਤੋ ਇਕੱਠੇ ਹੋ ਕੇ ਵੱਡੇ ਕਾਫਲੇ ਦੇ ਰੂਪ ਵਿੱਚ ਮੋਗਾ ਵਿੰਡਸਰ ਪੈਲਸ ਦੇ ਵਿੱਚ ਪਹੁੰਚਣਗੇ। ਉਨ੍ਹਾਂ ਨੇ ਦੱਸਿਆ ਕਿ ਹਲਕਾ ਕਰਤਾਰਪੁਰ ਹਲਕਾ ਨਕੋਦਰ ਅਤੇ ਹਲਕਾ ਜਲੰਧਰ ਕੈਂਟ ਅਤੇ ਹਲਕਾ ਸ਼ਾਹਕੋਟ ਤੋਂ ਸਾਰੇ ਅਹੁਦੇਦਾਰ ਸਾਹਿਬਾਨ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ ਆਪੋ ਆਪਣੇ ਹਲਕੇ ਤੋਂ ਵੱਧ ਤੋਂ ਵੱਧ ਕਿਸਾਨ ਅਤੇ ਮਜ਼ਦੂਰ ਨਾਲ ਲੈ ਕੇ ਚੱਲਣਗੇ ਅਤੇ ਆਪਣੀਆਂ ਗੱਡੀਆਂ ਦੇ ਉੱਤੇ ਝੰਡਾ ਲਗਾ ਕੇ ਰੈਲੀ ਵਿੱਚ ਸ਼ਾਮਿਲ ਹੋਣਗੇ। ਇਸ ਰੈਲੀ ਨੂੰ ਰਾਸ਼ਟਰੀ ਸ੍ਰੀ ਰਕੇਸ਼ ਟਕੈਤ ਸ੍ਰੀ ਯੁੱਧਵੀਰ ਜੀ ਬੁੱਧੀਜੀਵ ਪਿਆਰੇ ਲਾਲ ਗਰਗ ਅਤੇ ਸਰਦਾਰ ਹਰਿੰਦਰ ਸਿੰਘ ਲੱਖੋਵਾਲ ਸੂਬਾ ਪ੍ਰਧਾਨ ਸੰਬੋਧਨ ਕਰਨਗੇ। ਇਸ ਇਸ ਮੀਟਿੰਗ



ਵਿੱਚ ਉਚੇਚੇ ਤੌਰ ਤੇ ਪਹੁੰਚੇ ਜਨਰਲ ਸੈਕਟਰੀ ਪੰਜਾਬ ਬਲਦੇਵ ਸਿੰਘ ਪੂਨੀਆ ਨੇ ਵੀ ਸੰਗਤ ਨੂੰ ਸੰਬੋਧਨ ਕੀਤਾ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਸੁਖਪਾਲ ਸਿੰਘ ਸੰਧੂ ਵੱਲੋਂ ਕੀਤਾ ਗਿਆ। ਇਸ ਮੌਕੇ ਤੇ ਸਟੇਜ ਦੀ ਭੂਮਿਕਾ ਸਰਦਾਰ ਪਰਮਿੰਦਰ ਸਿੰਘ ਭਿੰਦਾ ਵੱਲੋਂ ਨਿਭਾਈ ਗਈ ਇਸ ਮੌਕੇ ਤੇ ਹਾਜ਼ਰ ਜਸਵੰਤ ਸਿੰਘ ਜ਼ਿਲ੍ਹਾ ਪ੍ਰਧਾਨ, ਪਰਮਿੰਦਰ ਸਿੰਘ ਭਿੰਦਾ ਜਿਲਾ ਪ੍ਰੈਸ ਸਕੱਤਰ, ਸਰਦਾਰ ਸੁਖਪਾਲ ਸਿੰਘ ਉਦੋਪੁਰ, ਬਲਦੇਵ ਸਿੰਘ ਪੂਨੀਆ, ਸਤਵੰਤ ਸਿੰਘ ਕੋਟਲਾ, ਬਲਕਾਰ ਸਿੰਘ ਬਲਾਕ ਪ੍ਰਧਾਨ ਸ਼ਾਹਕੋਟ, ਪਵਿੱਤਰ ਸਿੰਘ ਜਿਲਾ ਯੂਥ ਪ੍ਰਧਾਨ, ਸ਼ਿੰਗਾਰਾ ਸਿੰਘ ਜਨਰਲ ਸੈਕਟਰੀ, ਸੁਖਜਿੰਦਰ ਸਿੰਘ ਜਮਸ਼ੇਰ ,ਮਲਕੀਤ ਸਿੰਘ ,ਕੁਲਵਿੰਦਰ ਸਿੰਘ ਨੰਗਲ ਜੀਵ, ਗੁਰਸ਼ਰਨ ਸਿੰਘ ਲੰਬੜਦਾਰ, ਜਥੇਦਾਰ ਸ਼ਮਿੰਦਰ ਸਿੰਘ, ਸੁਖਵਿੰਦਰ ਸਿੰਘ ਲੱਲੀਆਂ, ਮਹਾਂ ਸਿੰਘ ਤਰਾੜ, ਪਿਆਰਾ ਸਿੰਘ, ਖੁਸ਼ਵਿੰਦਰ ਸਿੰਘ ਹੇਅਰ, ਲਖਵਿੰਦਰ ਸਿੰਘ, ਸ਼ਿਵਰਾਜ ਸਿੰਘ, ਕੁਲਵਿੰਦਰ ਸਿੰਘ ਯੂਥ ਪ੍ਰਧਾਨ ਨਕੋਦਰ,ਸੁਖਜਿੰਦਰ ਸਿੰਘ, ਪਿਆਰ ਸਿੰਘ, ਦਿਲਬਾਗ ਸਿੰਘ ਕੁਰਾਲੀ, ਮੁਖਤਿਆਰ ਸਿੰਘ, ਜਤਿੰਦਰ ਸਿੰਘ, ਰਵਿੰਦਰ ਸਿੰਘ, ਲਖਵਿੰਦਰ ਸਿੰਘ ਹੇਰ, ਸੁਬੇਗ ਸਿੰਘ ਜਗਰਾਲ, ਬਰਲਾਜ ਸਿੰਘ ਜਗਰਾਲ, ਜਥੇਦਾਰ ਹਰਨੇਕ ਸਿੰਘ ਲੰਬੜਦਾਰ, ਬਲਦੇਵ ਸਿੰਘ ਫਤਿਹਪੁਰ, ਬਲਦੇਵ ਸਿੰਘ ਮੀਰਾਪੁਰ, ਸੁਰਿੰਦਰ ਸਿੰਘ ਗੱਟੀ, ਪੂਰਨ ਸਿੰਘ, ਹਰਭਜਨ ਸਿੰਘ, ਦਿਲਬਾਗ ਸਿੰਘ, ਅਮਰੀਕ ਸਿੰਘ, ਕੁਲਵਿੰਦਰ ਸਿੰਘ,ਬਚਿੱਤਰ ਸਿੰਘ, ਸ਼ਰਨਜੀਤ ਸਿੰਘ ਲੰਬੜਦਾਰ, ਤੋਗਾ ਸਿੰਘ, ਰੇਸ਼ਮ ਸਿੰਘ, ਜਗਤਾਰ ਸਿੰਘ ਉਦੋਪੁਰ, ਗੁਰਪ੍ਰੀਤ ਸਿੰਘ, ਸਰਜੀਵਨ ਸਿੰਘ, ਇਕਬਾਲ ਸਿੰਘ, ਸਤਵੰਤ ਸਿੰਘ ਕੋਟਲਾ, ਨਛੱਤਰ ਸਿੰਘ, ਭੁਪਿੰਦਰ ਸਿੰਘ, ਲਖਵੀਰ ਸਿੰਘ ਲੱਖਾ, ਸੁਖਜਿੰਦਰ ਸਿੰਘ ਸ਼ਾਹਪੁਰ, ਸੁਖਵਿੰਦਰ ਸਿੰਘ ਆਦਿ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

## 2600 ਐਪਰੈਂਟਿਸ਼ਪ ਪਾਸ ਯੂਨੀਅਨ ਨੇ ਸੌਂਪਿਆ ਬਿਜਲੀ ਅਰੋੜਾ, ਮੰਤਰੀ ਮੁੰਡੀਆਂ ਤੇ ਵਿਧਾਇਕ ਗਰੇਵਾਲ ਨੂੰ ਮੰਗ ਪੱਤਰ

ਲੁਧਿਆਣਾ/ਅਸ਼ਵਨੀ ਅਗਰਵਾਲ

ਬੀਤੇ ਦਿਨੀਂ ਲੁਧਿਆਣਾ ਦੇ ਰੱਖ ਬਾਗ 'ਚ 2000 ਦਾ ਵੱਡਾ ਇੱਕਠ ਕਰਕੇ 2600 ਐਪਰੈਂਟਿਸ਼ਪ ਪਾਸ ਯੂਨੀਅਨ ਨੇ ਭਾਵੇਂ ਪੰਜਾਬ ਸਰਕਾਰ ਅਤੇ ਬਿਜਲੀ ਨਿਗਮ ਨੂੰ ਲਾਜਮੀਂ ਪੰਜਾਬੀ ਦੀ ਸ਼ਰਤ ਨੂੰ ਮੁੜ ਤੋਂ ਬਹਾਲ ਕਰਨ ਲਈ ਮਜਬੂਰ ਕਰ ਦਿੱਤਾ ਪਰ ਉਨ੍ਹਾਂ ਦੀ ਪਹਿਲ ਦੇ ਅਧਾਰ 'ਤੇ ਭਰਤੀ ਦੀ ਕੀਤੀ ਮੰਗ ਬਾਰੇ ਪੰਜਾਬ ਸਰਕਾਰ ਅਤੇ ਬਿਜਲੀ ਨਿਗਮ ਦੀ ਮੈਨੇਜਮੈਂਟ ਵੱਲੋਂ ਕੋਈ ਵੀ ਤਸੱਲੀਬਖਸ਼ ਜਵਾਬ ਨਾ ਮਿਲਣ ਤੋਂ ਗੁਸਾਈ ਲਾਈਨਮੈਨਾਂ ਨੇ ਪੰਜਾਬ ਭਰ 'ਚ ਸੱਤਾਧਾਰੀ ਦੇ ਵਿਧਾਇਕਾਂ ਅਤੁ ਮੰਤਰੀਆਂ ਨੂੰ ਮੰਗ ਪੱਤਰ ਦਿੱਤੇ। ਲੁਧਿਆਣਾ ਉਚੇਚੇ ਤੌਰ 'ਤੇ ਪਹੁੰਚੇ 2600 ਐਪਰੈਂਟਿਸ਼ਪ ਪਾਸ ਯੂਨੀਅਨ ਦੇ ਸੂਬਾ ਪ੍ਰਧਾਨ ਸੁਰਿੰਦਰ ਸਿੰਘ ਜਲਾਲਾਬਾਦ, ਫਤਹਿ ਸਿੰਘ, ਸੋਨੂੰ ਕੁਮਾਰ ਤੋਂ ਇਲਾਵਾ ਪੀਐਸਈਬੀ ਇੰਪਲਾਈਜ ਫੈਡਰੇਸ਼ਨ ਏਟਕ ਦੇ ਜੋਨ ਮੀਡੀਆ ਪ੍ਰਚਾਰਕ ਤੇ ਸਰਕਲ ਪੂਰਬੀ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਮਹਿਦੂਦਾਂ, ਸਕੱਤਰ ਰਘਵੀਰ ਸਿੰਘ ਨੂੰ ਨਾਲ ਲੈਕੇ ਬਿਜਲੀ ਮੰਤਰੀ ਸੰਜੀਵ ਅਰੋੜਾ ਦੀ ਗੈਰਮੌਜੂਦਗੀ 'ਚ ਉਨ੍ਹਾਂ ਦੀ ਦਫਤਰ ਇੰਚਾਰਜ ਨੀਨਾ ਨੂੰ, ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਅਤੇ ਵਿਧਾਇਕ ਦਲਜੀਤ ਸਿੰਘ ਭੋਲਾ ਗਰੇਵਾਲ ਨੂੰ ਉਨ੍ਹਾਂ ਦੀ ਰਿਹਾਇਸ ਪਹੁੰਚ ਕੇ ਮੰਗ ਪੱਤਰ ਦਿੱਤਾ। ਜਿਸ ਬਾਰੇ ਗੱਲ ਕਰਦਿਆਂ ਪ੍ਰਧਾਨ ਸੁਰਿੰਦਰ ਸਿੰਘ ਜਲਾਲਾਬਾਦ ਨੇ ਦੱਸਿਆ ਕਿ ਅਸੀਂ ਲਾਈਨਮੈਨ ਦੀ ਅਪ੍ਰੈਂਟਿਸ਼ਪ ਕਰ ਰਹੇ 2600 ਸਿਖਿਆਰਥੀਆਂ ਤੋਂ ਇਲਾਵਾ ਇਸਤੋਂ ਪਹਿਲਾਂ ਅਪ੍ਰੈਂਟਿਸ਼ਪ ਕਰੀ ਬੈਠੇ 16 ਲਾਈਨਮੈਨਾਂ ਨੂੰ ਬਿਜਲੀ ਨਿਗਮ 'ਚ ਸਿੱਧਾ ਭਰਤੀ ਚਾਹੁੰਦੇ ਹਾਂ। ਕਿਉਂਕਿ ਪੰਜਾਬ ਸਰਕਾਰ ਤੇ ਬਿਜਲੀ



ਨਿਗਮ ਦੀ ਮੈਨੇਜਮੈਂਟ ਨੇ ਬੀਤੇ ਦਿਨੀਂ 6000 ਸਹਾਇਕ ਲਾਈਨਮੈਨਾਂ ਦੀ ਭਰਤੀ ਆਈਟੀਆਈ ਪੱਧਰ ਦੀ ਵਿੱਦਿਆਕ ਯੋਗਤਾ ਦੇ ਆਧਾਰ 'ਤੇ ਸਹਾਇਕ ਲਾਈਨਮੈਨ ਰੱਖਣ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਸੀ ਜਿਸਦਾ ਸਾਡੇ ਵੱਲੋਂ ਦੋ ਤਰਕਾਂ ਦੇ ਆਧਾਰ 'ਤੇ ਵਿਰੋਧ ਕੀਤਾ ਗਿਆ ਸੀ। ਇੱਕ ਲਾਜਮੀਂ ਪੰਜਾਬੀ ਤੇ ਦੂਜਾ ਲਾਈਨਮੈਨ ਦੀ ਅਪ੍ਰੈਂਟਿਸ਼ਪ ਨੂੰ ਖਤਮ ਕਰ ਦਿੱਤਾ ਸੀ। ਦੋਵਾਂ ਨਾਲ ਬਾਹਰੀ ਰਾਜਾਂ ਦੇ ਲੋਕਾਂ ਨੂੰ ਲਾਭ ਮਿਲ ਜਾਣਾ ਸੀ ਜਦਕਿ ਬੇਰੁਜਗਾਰੀ ਦੀ ਮਾਰ ਝੱਲ ਰਹੇ ਪੰਜਾਬ ਦੇ ਨੌਜਵਾਨ ਰੁਜਗਾਰ ਤੋਂ ਵਾਂਝੇ ਹੋ ਜਾਣੇ ਸਨ। ਸਾਡੇ ਵੱਲੋਂ ਵਿਰੋਧ ਕਰਨ 'ਤੇ ਲਾਜਮੀਂ ਪੰਜਾਬੀ ਦੀ ਸ਼ਰਤ ਨੂੰ ਤਾਂ ਲਾਗੂ ਕਰ ਦਿੱਤਾ ਗਿਆ ਪਰ ਅਪ੍ਰੈਂਟਿਸ਼ਪ ਕਰ ਚੁੱਕੇ ਤੇ ਕਰ ਰਹੇ ਸਿ?ਖਆਰਤੀਆਂ ਨੂੰ ਕੋਈ ਰਾਹਤ ਨਹੀਂ ਦਿੱਤੀ ਗਈ। ਇਸ ਲਈ ਅਸੀਂ ਮੰਗ ਕਰਦੇ ਹਾਂ ਕਿ ਸਾਨੂੰ ਜਿਆਦਾ ਵਿੱਦਿਅਕ ਯੋਗਤਾ ਹੋਣ ਕਾਰਨ ਪਹਿਲਾਂ ਰੁਜਗਾਰ ਦੇ ਕੇ ਫੇਰ ਭਾਵੇਂ ਆਈਟੀਆਈ ਪਾਸ ਸਿ?ਖਆਰਥੀਆਂ ਨੂੰ ਰੱਖਣਾ ਸ਼ੁਰੂ ਕਰ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਪਰ ਅਸੀਂ ਬਾਹਰਲੇ ਰਾਜਾਂ ਦੇ ਲੋਕਾਂ ਲਈ ਬਣਦਾ ਕੋਟਾ ਦੇਣ ਦੇ ਹੱਕ 'ਚ ਆ ਜਿਹੜੇ ਜਿਆਦਾ ਕੋਟੇ ਰਾਹੀਂ ਪੰਜਾਬ ਦੇ ਨੌਜਵਾਨਾਂ ਦਾ ਹੱਕ ਖਾਹ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਸਾਡੀਆਂ ਮੰਗਾਂ 7 ਅਪ੍ਰੈਲ ਨੂੰ ਪਟਿਆਲਾ ਵਿਖੇ ਹੋਣ ਜਾ ਰਹੀ ਮੀਟਿੰਗ 'ਚ ਨਾ ਮੰਨਿਆ ਗਿਆ ਤਾਂ ਅਸੀਂ ਕਿਸੇ ਵੇਲੇ ਵੀ ਪਟਿਆਲਾ ਮੁੱਖ ਬਿਜਲੀ ਦਫਤਰ ਅੱਗੇ ਧਰਨਾ ਦੇਣ ਦਾ ਪ੍ਰੋਗਰਾਮ ਦੇ ਸਕਦੇ ਹਾਂ। ਗੁਰਪ੍ਰੀਤ ਸਿੰਘ ਮਹਿਦੂਦਾਂ ਅਤੇ ਰਘਵੀਰ ਸਿੰਘ ਜਮਾਲਪੁਰ ਨੇ ਕਿਹਾ ਏਨ੍ਹਾਂ ਨੌਜਵਾਨਾਂ ਦੀਆਂ ਮੰਗਾਂ ਬਿਲਕੁੱਲ ਜਾਇਜ ਹਨ ਅਤੇ ਅਸੀਂ ਵੀ ਪੰਜਾਬ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਜਿਆਦਾ ਵਿੱਦਿਆਕ ਯੋਗਤਾ ਵਾਲੇ ਏਨ੍ਹਾਂ ਨੌਜਵਾਨਾਂ ਪਹਿਲ ਦੇ ਆਧਾਰ 'ਤੇ ਬਿਨ੍ਹਾਂ ਕੋਈ ਹੋਰ ਟੈਸਟ ਲਏ ਰੁਜਗਾਰ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਏਹ ਨੌਜਵਾਨ ਕਿਸੇ ਸੰਘਰਸ਼ ਦੀ ਕਾਲ ਦਿੰਦੇ ਹਨ ਤਾਂ ਪੀਐਸਈਬੀ ਇੰਪਲਾਈਜ ਫੈਡਰੇਸ਼ਨ ਏਟਕ ਏਨ੍ਹਾਂ ਨੂੰ ਹਰ ਪ੍ਰਕਾਰ ਦਾ ਸਹਿਯੋਗ ਦੇਵੇਗੀ ਅਤੇ ਏਨ੍ਹਾਂ ਤੋਂ ਵੀ ਅੱਗੇ ਹੋ ਕੇ ਸੰਵਿਧਾਨਿਕ ਤਰੀਕੇ ਨਾਲ ਸੰਘਰਸ਼ ਕਰੇਗੀ।

●----- ਸਫ਼ਾ 1 ਦਾ ਬਾਕੀ -----●

### ਮੁੱਖ ਮੰਤਰੀ ਮਾਨ ਵੱਲੋਂ ਬਠਿੰਡਾ ਦੀ ਪੂਰੀ...

ਇੱਕ ਕਾਂਸਟੇਬਲ ਅਤੇ ਤਿੰਨ ਹੋਮ ਗਾਰਡ ਸ਼ਾਮਲ ਹਨ। ਇਸ ਤੋਂ ਇਲਾਵਾ ਬਠਿੰਡਾ ਸਦਰ ਥਾਣੇ ਦੇ ਐੱਸ.ਐੱਚ.ਓ. ਵਿਰੁੱਧ ਵਿਭਾਗੀ ਜਾਂਚ ਦੇ ਹੁਕਮ ਵੀ ਦਿੱਤੇ ਗਏ ਹਨ। ਇਹ ਕਾਰਵਾਈ ਪਿੰਡ ਗੁਲਾਬਗੜ੍ਹ ਦੇ ਸਰਪੰਚ ਲੱਖਾ ਸਿੰਘ ਵੱਲੋਂ ਮੀਟਿੰਗ ਦੌਰਾਨ ਚੁੱਕੇ ਗਏ ਮੁੱਦੇ ਤੋਂ ਬਾਅਦ ਹੋਈ ਹੈ। ਸਰਪੰਚ ਨੇ ਮੁੱਖ ਮੰਤਰੀ ਨੂੰ ਪਿੰਡ ਵਿੱਚ ਨਸ਼ਿਆਂ ਕਾਰਨ ਹੋਈਆਂ ਕਥਿਤ ਮੌਤਾਂ ਅਤੇ ਸਥਾਨਕ ਪੁਲੀਸ ਦੀ ਢਿੱਲੀ ਕਾਰਗੁਜ਼ਾਰੀ ਬਾਰੇ ਜਨਤਕ ਤੌਰ 'ਤੇ ਜਾਣਕਾਰੀ ਦਿੱਤੀ ਸੀ। ਮੁੱਖ ਮੰਤਰੀ ਨੇ ਤੁਰੰਤ ਨੋਟਿਸ ਲੈਂਦਿਆਂ ਸੀਨੀਅਰ ਪੁਲੀਸ ਅਧਿਕਾਰੀਆਂ ਨੂੰ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਅਤੇ ਸਪੱਸ਼ਟ ਕੀਤਾ ਕਿ ਨਸ਼ਿਆਂ ਦੇ ਮੁੱਦੇ 'ਤੇ ਕੋਈ ਵੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਜ਼ਿਕਰਯੋਗ ਹੈ ਕਿ ਬਠਿੰਡਾ ਦੀ ਐੱਸ.ਐੱਸ.ਪੀ. ਜਯੋਤੀ ਯਾਦਵ ਇਸ ਵੇਲੇ ਛੁੱਟੀ 'ਤੇ ਹਨ ਅਤੇ ਬਠਿੰਡਾ ਦਾ ਵਾਧੂ ਚਾਰਜ ਮਾਨਸਾ ਦੇ ਐੱਸ.ਐੱਸ.ਪੀ. ਭਗੀਰਥ ਸਿੰਘ ਮੀਨਾ ਕੋਲ ਹੈ।

### ਚੰਡੀਗੜ੍ਹ ਭਾਜਪਾ ਦਫ਼ਤਰ ਬਲਾਸਟ ਦੇ ਦੋ...

ਕਿਰਾਇਆ ਦਿੱਤਾ। ਚੰਡੀਗੜ੍ਹ ਪੁਲਿਸ ਨੇ ਪਹਿਲਾਂ ਇੱਕ ਬਾਈਕ ਸਵਾਰ ਦੀ ਸੀਸੀਟੀਵੀ ਫੁਟੇਜ ਦੇ ਆਧਾਰ 'ਤੇ ਜਾਂਚ ਸ਼ੁਰੂ ਕੀਤੀ ਸੀ, ਜਿਸ ਕਾਰਨ ਜਾਂਚ ਉਲਝ ਗਈ ਅਤੇ ਮੁਲਜ਼ਮ ਬੱਸ ਰਾਹੀਂ ਬੜੇ ਆਰਾਮ ਨਾਲ ਸ਼ਹਿਰ ਵਿੱਚੋਂ ਨਿਕਲਣ ਵਿੱਚ ਕਾਮਯਾਬ ਹੋ ਗਏ। ਡੀਜੀਪੀ ਅਨੁਸਾਰ ਇਹ ਮੁਲਜ਼ਮ ਇੱਕ ਵੱਡੇ ਸੰਗਠਿਤ ਨੈੱਟਵਰਕ ਦਾ ਹਿੱਸਾ ਸਨ। ਇਨ੍ਹਾਂ ਤੱਕ ਹੈਂਡ ਗ੍ਰੇਨੇਡ ਅਤੇ ਹਥਿਆਰ ਕਈ ਵੱਖ-ਵੱਖ ਲੋਕਾਂ ਰਾਹੀਂ ਪਹੁੰਚਾਏ ਗਏ ਸਨ।

ਹਰ ਵਿਅਕਤੀ ਨੂੰ ਅਲੱਗ-ਅਲੱਗ ਜ਼ਿੰਮੇਵਾਰੀ ਸੌਂਪੀ ਗਈ ਸੀ ਤਾਂ ਜੋ ਕਿਸੇ ਨੂੰ ਸ਼ੱਕ ਨਾ ਹੋਵੇ। ਫਿਲਹਾਲ ਪੁਲਿਸ ਵੱਲੋਂ ਇਸ ਮਾਮਲੇ ਦੇ ਹੋਰ ਪਹਿਲੂਆਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।

### ਬੇਅਦਬੀਆਂ ਸਬੰਧੀ ਕਾਨੂੰਨ ਬਾਰੇ ਸ਼੍ਰੋਮਣੀ ਕਮੇਟੀ...

ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਇਹ ਸਮੁੱਚੀ ਕੌਮ ਲਈ ਬੇਹੱਦ ਅਹਿਮ ਤੇ ਸੰਜੀਦਾ ਮਾਮਲਾ ਹੈ, ਜਿਸ ਪ੍ਰਤੀ ਸਮੁੱਚੀਆਂ ਸਿੱਖ ਜਥੇਬੰਦੀਆਂ ਨਾਲ ਵਿਚਾਰ ਕਰਕੇ ਸਾਂਝੀ ਪੰਥਕ ਰਾਇ ਕਾਇਮ ਕਰਨੀ ਜਰੂਰੀ ਹੈ। ਉਨ੍ਹਾਂ ਆਖਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿੱਖਾਂ ਦੇ ਜਾਗਤ ਜੋਤਿ ਗੁਰੂ ਹਨ ਜਿਸ ਪ੍ਰਤੀ ਬਣਾਏ ਜਾਣ ਵਾਲੇ ਕਾਨੂੰਨ ਦੇ ਵਿਸਤ੍ਰਿਤ ਪੱਖਾਂ ਉਪਰ ਵਿਆਪਕ ਚਰਚਾ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਸੇ ਮਨਸ਼ਾ ਨਾਲ ਸ਼੍ਰੋਮਣੀ ਕਮੇਟੀ ਵੱਲੋਂ ਪੰਥਕ ਬੈਠਕ ਰੱਖੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਇਕੱਤਰਤਾ ਦੇ ਸਬੰਧ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਸਮੂਹ ਸਿੱਖ ਜਥੇਬੰਦੀਆਂ, ਨਿਹੰਗ ਸਿੰਘ ਦਲਾਂ, ਦਮਦਮੀ ਟਕਸਾਲ, ਸਿੱਖ ਸੰਸਥਾਵਾਂ, ਸਿੱਖ ਵਿਦਵਾਨਾਂ, ਸਿੱਖ ਜੱਜਾਂ ਤੇ ਵਕੀਲਾਂ, ਸਿੱਖ ਮਿਸ਼ਨਰੀ ਕਾਲਜਾਂ, ਸਿੰਘ ਸਭਾਵਾਂ, ਸਿੱਖ ਫੈਡਰੇਸ਼ਨਾਂ, ਸਮੂਹ ਸਿੱਖ ਸੰਪਰਦਾਵਾਂ ਦੇ ਮੁਖੀਆਂ, ਨਿਰਮਲੇ, ਉਦਾਸੀ, ਸੇਵਾ ਪੰਥੀ ਤੇ ਕਾਰਸੇਵਾ ਵਾਲੇ ਮਹਾਂਪੁਰਸ਼ਾਂ ਸਮੇਤ ਪ੍ਰਮੁੱਖ ਸਿੱਖ ਜਥੇਬੰਦੀਆਂ ਨੂੰ ਸਦਾ ਪੱਤਰ ਭੇਜੇ ਜਾ ਚੁੱਕੇ ਹਨ।

### ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ...

ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੇ ਰਾਸ਼ਟਰੀ ਔਸਤ ਨਾਲੋਂ 18 ਪ੍ਰਤੀਸ਼ਤ ਵੱਧ ਅੰਕ ਪ੍ਰਾਪਤ ਕੀਤੇ। ਰੁਜ਼ਗਾਰ ਮੁਹੱਈਆ ਕਰਵਾਉਣ 'ਤੇ ਸਰਕਾਰ ਨੇ ਪੂਰੀ ਤਰ੍ਹਾਂ ਪਾਰਦਰਸ਼ੀ ਢੰਗ ਨਾਲ 65,000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਪੰਜਾਬ ਸਰਕਾਰ ਨੇ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਮਜ਼ਬੂਤ ਮੁਹਿੰਮ ਵੀ ਸ਼ੁਰੂ ਕੀਤੀ ਹੈ ਅਤੇ ਬਿਹਤਰ ਸੜਕ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸੜਕ ਸੁਰੱਖਿਆ ਫੋਰਸ ਦਾ ਗਠਨ ਕੀਤਾ ਹੈ। ਸਮਾਗਮ ਦੌਰਾਨ ਹਰਦੀਪ ਸਿੰਘ ਮੁੰਡੀਆਂ ਨੇ ਸਥਾਨਕ ਲਾਭਪਾਤਰੀਆਂ ਵਿੱਚ ਖੇਡ ਕਿੱਟਾਂ ਅਤੇ ਸਿਲਾਈ ਮਸ਼ੀਨਾਂ ਵੰਡੀਆਂ।

### ਏਅਰ ਇੰਡੀਆ ਨੇ ਯੂ.ਏ.ਈ. ਲਈ ਉਡਾਣਾਂ...

ਪੂਰਾ ਰਿਫੰਡ ਲੈਣ ਦੀ ਸਹੂਲਤ ਦੇ ਰਹੀ ਹੈ। ਏਅਰਲਾਈਨ ਪ੍ਰਬੰਧਕਾਂ ਨੇ ਕਿਹਾ ਕਿ ਉੱਤਰੀ ਅਮਰੀਕਾ, ਯੂਰਪ ਅਤੇ ਆਸਟਰੇਲੀਆ ਲਈ ਲੰਬੀ ਦੂਰੀ ਦੀਆਂ ਉਡਾਣਾਂ ਆਪਣੇ ਤੈਅ ਸਮੇਂ ਮੁਤਾਬਕ ਚੱਲ ਰਹੀਆਂ ਹਨ। ਇਸ ਦੌਰਾਨ ਇੰਡੀਗੋ ਨੇ ਵੀ ਸਪੱਸ਼ਟ ਕੀਤਾ ਹੈ ਕਿ ਉਹ ਸਥਿਤੀ ਦਾ ਜਾਇਜ਼ਾ ਲੈਂਦੇ ਹੋਏ ਮੱਧ ਪੂਰਬ ਲਈ ਸਿਰਫ ਚੋਣਵੀਆਂ ਉਡਾਣਾਂ ਹੀ ਚਲਾ ਰਹੇ ਹਨ। ਮੁਸਾਫਰਾਂ ਨੂੰ ਸਲਾਹ ਦਿੱਤੀ ਗਈ ਹੈ ਕਿ ਉਹ ਤਾਜ਼ਾ ਜਾਣਕਾਰੀ ਲਈ ਆਪਣੇ ਸੰਪਰਕ ਵੇਰਵੇ ਅਪਡੇਟ ਰੱਖਣ।

### ਵਿਧਾਇਕ ਪਠਾਣਮਾਜਰਾ ਦੇ ਰਿਮਾਂਡ 'ਚ ਇੱਕ...

ਅਦਾਲਤ ਨੇ ਪੁਲਿਸ ਦੀ ਤਿੰਨ ਦਿਨਾਂ ਦੀ ਮੰਗ ਨੂੰ ਸਵੀਕਾਰ ਨਹੀਂ ਕੀਤਾ ਅਤੇ ਸਿਰਫ਼ ਇੱਕ ਦਿਨ ਦਾ ਰਿਮਾਂਡ ਹੀ ਵਧਾਇਆ।

ਅਦਾਲਤ ਦਾ ਮੰਨਣਾ ਸੀ ਕਿ ਜਾਂਚ ਲਈ ਸੀਮਤ ਸਮੇਂ ਵਿੱਚ ਵੀ ਲੋੜੀਂਦੀ ਕਾਰਵਾਈ ਕੀਤੀ ਜਾ ਸਕਦੀ ਹੈ। ਇਸ ਮਾਮਲੇ ਵਿੱਚ ਪੁਲਿਸ ਲਗਾਤਾਰ ਜਾਂਚ ਕਰ ਰਹੀ ਹੈ ਅਤੇ ਵੱਖ-ਵੱਖ ਪਹਿਲੂਆਂ 'ਤੇ ਕੰਮ ਕਰ ਰਹੀ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਜਾਂਚ ਪੂਰੀ ਹੋਣ ਤੋਂ ਬਾਅਦ ਮਾਮਲੇ ਵਿੱਚ ਅਗਲੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਜ਼ਿਕਰਯੋਗ ਹੈ ਕਿ ਇਹ ਮਾਮਲਾ ਸੰਵੇਦਨਸ਼ੀਲ ਹੋਣ ਕਾਰਨ ਪੁਲਿਸ ਹਰ ਕਦਮ ਸਾਵਧਾਨੀ ਨਾਲ ਚੁੱਕ ਰਹੀ ਹੈ। ਪੁਲਿਸ ਦਾ ਕਹਿਣਾ ਹੈ ਕਿ ਜਾਂਚ ਨਿਰਪੱਖ ਅਤੇ ਤੱਥਾਂ ਦੇ ਆਧਾਰ 'ਤੇ ਕੀਤੀ ਜਾ ਰਹੀ ਹੈ, ਤਾਂ ਜੋ ਸੱਚਾਈ ਸਾਹਮਣੇ ਲਿਆਂਦੀ ਜਾ ਸਕੇ।

### ਸੁਖਦੇਵ ਸਿੰਘ ਰਿਐਤ ਸ਼੍ਰੋਮਣੀ ਅਕਾਲੀ ਦਲ...

ਮਹੱਤਵਪੂਰਣ ਜ਼ਿੰਮੇਵਾਰੀਆਂ ਨਿਭਾਉਂਦੇ ਹੋਏ ਨਵੀਆਂ ਉੱਚਾਈਆਂ ਨੂੰ ਛੂਹਣਗੇ। ਸਰਦਾਰ ਹਰਮੀਤ ਸਿੰਘ ਕਾਲਕਾ ਨੇ ਵਿਸ਼ਵਾਸ ਜਤਾਇਆ ਕਿ ਸਰਦਾਰ ਸੁਖਦੇਵ ਸਿੰਘ ਰਿਐਤ ਦਾ ਪਾਰਟੀ ਨਾਲ ਜੁੜਨਾ ਦਿੱਲੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸੰਗਠਨਾਤਮਕ ਤਾਕਤ ਨੂੰ ਹੋਰ ਵਿਸਥਾਰ ਦੇਵੇਗਾ ਅਤੇ ਪੰਥਕ ਤੇ ਸਮਾਜਿਕ ਮੁੱਦਿਆਂ ਨੂੰ ਹੋਰ ਪ੍ਰਭਾਵਸ਼ਾਲੀ ਤਰੀਕੇ ਨਾਲ ਅੱਗੇ ਵਧਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਵੇਗਾ।

ਇਸ ਸ਼ੁਭ ਮੌਕੇ 'ਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਪਾਰਟੀ ਦੇ ਵਰਕਰਾਂ ਅਤੇ ਸੰਗਤ ਵਿੱਚ ਖੁਸ਼ੀ ਅਤੇ ਉਤਸ਼ਾਹ ਦੀ ਲਹਿਰ ਵੇਖੀ ਗਈ ਅਤੇ ਸਭਨਾਂ ਨੇ ਮਿਲ ਕੇ ਸੁਖਦੇਵ ਸਿੰਘ ਰਿਐਤ ਨੂੰ ਨਵੇਂ ਸਫ਼ਰ ਲਈ ਸ਼ੁਭਕਾਮਨਾਵਾਂ ਦਿੱਤੀਆਂ।

### 4.13 ਕਿੱਲੋਗ੍ਰਾਮ ਹੈਰੋਇਨ ਸਮੇਤ 2 ਕਾਬੂ

ਕਰਦਾ ਸੀ। ਉਸ ਦੀ ਉਮਰ 22 ਸਾਲ ਦੱਸੀ ਜਾ ਰਹੀ ਹੈ ਅਤੇ ਪੁਲਿਸ ਮੁਤਾਬਿਕ ਉਸ ਦੇ ਯੂਰਪ ਵਿੱਚ ਬੈਠੇ ਨਸ਼ਾ ਤਸਕਰਾਂ ਨਾਲ ਸਿੱਧੇ ਸੰਪਰਕ ਸਨ। ਉਸ ਦੇ ਖਿਲਾਫ ਪਹਿਲਾਂ ਵੀ ਕਈ ਜੁਰਮਾਂ ਦੇ ਮਾਮਲੇ ਦਰਜ ਹਨ ਅਤੇ ਪਿਛਲੇ ਕੁਝ ਸਮੇਂ ਤੋਂ ਉਹ ਨਸ਼ਾ ਤਸਕਰੀ ਦੇ ਕੰਮ ਵਿੱਚ ਕਾਫੀ ਸਰਗਰਮ ਸੀ। ਦੂਜਾ ਮੁਲਜ਼ਮ ਸੁਖਵਿੰਦਰ ਉਰਫ਼ ਸੁੰਦਰੀ ਅੰਮ੍ਰਿਤਸਰ ਦਿਹਾਤੀ ਦੇ ਪਿੰਡ ਬੋਪਰ ਰਾਏ ਕਲਾ ਦਾ ਰਹਿਣ ਵਾਲਾ ਹੈ। ਉਸ ਦੀ ਉਮਰ 28 ਸਾਲ ਹੈ ਅਤੇ ਉਹ ਦਸਵੀਂ ਪਾਸ ਹੈ। ਉਹ ਡਰਾਈਵਰੀ ਦਾ ਕੰਮ ਕਰਦਾ ਸੀ। ਪੁਲਿਸ ਮੁਤਾਬਿਕ ਉਸ ਦੇ ਖਿਲਾਫ ਵੀ ਪਹਿਲਾਂ ਕਈ ਜੁਰਮਾਂ ਦੇ ਮਾਮਲੇ ਦਰਜ ਹਨ ਅਤੇ ਉਹ ਵੀ ਨਸ਼ਾ ਤਸਕਰੀ ਦੇ ਇਸ ਗਿਰੋਹ ਨਾਲ ਜੁੜਿਆ ਹੋਇਆ ਸੀ।

### ਮੁੱਖ ਮੰਤਰੀ ਭਗਵੰਤ ਸਿੰਘ ਮਾਨ 6 ਅਪ੍ਰੈਲ ਨੂੰ...

ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਗੇ ਕਿਹਾ, 'ਪੀ. ਆਰ. ਟੀ. ਸੀ. ਅਤੇ ਪਨਬੱਸ ਦੇ ਸਬੇੜੇ ਵਿੱਚ ਇੱਕ ਹਜ਼ਾਰ ਤੋਂ ਵੱਧ ਨਵੀਆਂ ਅਤੇ ਕਿਲੋਮੀਟਰ ਸਕੀਮ ਵਾਲੀਆਂ ਬੱਸਾਂ ਨੂੰ ਸ਼ਾਮਲ ਕਰਕੇ, ਸੂਬਾ ਸਰਕਾਰ ਪੰਜਾਬ ਦੇ ਆਵਾਜਾਈ ਪ੍ਰਬੰਧ ਨੂੰ ਭਵਿੱਖ ਦੀਆਂ ਲੋੜਾਂ ਮੁਤਾਬਕ ਸਰਗਰਮੀ ਨਾਲ ਤਿਆਰ ਕਰ ਰਹੀ ਹੈ।' ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਵਿਸਥਾਰ ਭਗਵੰਤ ਮਾਨ ਸਰਕਾਰ ਦੀ ਜਨਤਕ ਬੇੜੇ ਦੇ ਆਧੁਨਿਕੀਕਰਨ ਅਤੇ ਜਨਤਕ ਟਰਾਂਸਪੋਰਟ ਨੂੰ ਸਫ਼ਰ ਦੇ ਭਰੋਸੇਮੰਦ ਸਾਧਨ ਵਜੋਂ ਮਜ਼ਬੂਤ ਕਰਨ ਪ੍ਰਤੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦਾ ਹੈ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, 'ਇਸ ਪਹਿਲਕਦਮੀ ਦਾ ਉਦੇਸ਼ ਨਾ ਸਿਰਫ਼ ਬਿਹਤਰ ਸੰਪਰਕ ਰਾਹੀਂ ਆਰਥਿਕ ਵਿਕਾਸ ਨੂੰ ਸੁਵਿਧਾਜਨਕ ਬਣਾਉਣਾ ਹੈ, ਬਲਕਿ ਪੰਜਾਬ ਭਰ ਵਿੱਚ ਯਾਤਰੀਆਂ ਦੇ ਆਰਾਮ ਅਤੇ ਸੜਕ ਸੁਰੱਖਿਆ ਨੂੰ ਵੀ ਤਰਜੀਹ ਦੇਣਾ ਹੈ।'

### ਕੁੱਲੂ 'ਚ ਸੈਲਾਨੀਆਂ ਨਾਲ ਭਰੀ ਟ੍ਰੈਵਲਰ ਪਲਟੀ...

ਬਚਾਅ ਕਾਰਜ ਸ਼ੁਰੂ ਕੀਤਾ ਅਤੇ ਦੇਰ ਰਾਤ ਤੱਕ ਸਾਰਿਆਂ ਨੂੰ ਬਾਹਰ ਕੱਢਿਆ। ਪ੍ਰਸ਼ਾਸਨ ਵੱਲੋਂ ਜਾਰੀ ਸੂਚੀ ਅਨੁਸਾਰ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਆਏ ਸੈਲਾਨੀ ਇਸ ਹਾਦਸੇ ਵਿੱਚ ਜ਼ਖ਼ਮੀ ਹੋਏ ਹਨ। ਜ਼ਖਮੀਆਂ ਨੂੰ ਕਮਿਊਨਿਟੀ ਹੈਲਥ ਸੈਂਟਰ, ਬੰਜਾਰ ਵਿੱਚ ਦਾਖਲ ਕਰਵਾਇਆ ਗਿਆ ਹੈ, ਕੁਝ ਦੀ ਹਾਲਤ ਗੰਭੀਰ ਹੈ। ਕੁਝ ਜ਼ਖਮੀਆਂ ਨੂੰ ਬੰਜਾਰ ਤੋਂ ਮੈਡੀਕਲ ਕਾਲਜ, ਨੇਰਚੌਕ ਅਤੇ ਜ਼ਿਲ੍ਹਾ ਹਸਪਤਾਲ, ਕੁੱਲੂ ਰੈਫਰ ਕੀਤਾ ਗਿਆ ਹੈ। ਹਾਦਸੇ ਤੋਂ ਬਾਅਦ ਸਥਾਨਕ ਪਿੰਡ ਵਾਸੀਆਂ ਨੇ ਰਾਸ਼ਟਰੀ ਰਾਜਮਾਰਗ 305 ਦੀ ਖਸਤਾ ਹਾਲਤ 'ਤੇ ਸਖ਼ਤ ਇਤਰਾਜ਼ ਪ੍ਰਗਟ ਕੀਤਾ ਹੈ। ਲੋਕਾਂ ਦਾ ਕਹਿਣਾ ਹੈ ਕਿ ਇਹ ਸੜਕ ਹੁਣ ਮੌਤ ਦਾ ਜਾਲ ਬਣਦੀ ਜਾ ਰਹੀ ਹੈ। ਇਸ ਦੀ ਮਾੜੀ ਹਾਲਤ ਕਾਰਨ ਪਹਿਲਾਂ ਕਈ ਵਾਹਨ ਹਾਦਸਿਆਂ ਦਾ ਸ਼ਿਕਾਰ ਹੋ ਚੁੱਕੇ ਹਨ। ਸਥਾਨਕ ਲੋਕਾਂ ਨੇ ਮੰਗ ਕੀਤੀ ਹੈ ਕਿ ਸਰਕਾਰ ਅਤੇ ਲੋਕ ਨਿਰਮਾਣ ਵਿਭਾਗ ਸੜਕ ਨੂੰ ਤੁਰੰਤ ਬਿਹਤਰ ਬਣਾਉਣ ਅਤੇ ਸੁਰੱਖਿਆ ਲਈ ਮਜ਼ਬੂਤ ਕਰੈਸ਼ ਬੈਰੀਅਰ ਲਗਾਉਣ। ਬੰਜਾਰ ਦੇ ਵਿਧਾਇਕ ਸੁਰੇਂਦਰ ਸ਼ੌਰੀ ਨੇ ਜ਼ਖ਼ਮੀਆਂ ਦਾ ਹਾਲ-ਚਾਲ ਪੁੱਛਣ ਲਈ ਬੰਜਰ ਹਸਪਤਾਲ ਦਾ ਦੌਰਾ ਕੀਤਾ ਅਤੇ ਉਨ੍ਹਾਂ ਦੇ ਜਲਦੀ ਠੀਕ ਹੋਣ ਦੀ ਕਾਮਨਾ ਕੀਤੀ। ਪੁਲਿਸ ਦੇ ਮੁਤਾਬਿਕ ਹਸਪਤਾਲ ਵਿੱਚ ਜ਼ਖ਼ਮੀਆਂ ਦੇ ਬਿਆਨ ਦਰਜ ਕੀਤੇ ਜਾ ਰਹੇ ਹਨ ਅਤੇ ਹਾਦਸੇ ਦੇ ਸਹੀ ਕਾਰਨ (ਤਕਨੀਕੀ ਨੁਕਸ ਜਾਂ ਡਰਾਈਵਰ ਦੀ ਲਾਪਰਵਾਹੀ) ਦਾ ਪਤਾ ਲਗਾਉਣ ਲਈ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਡਰਾਈਵਰ ਵਿਰੁੱਧ ਮਾਮਲਾ ਦਰਜ ਕਰ ਲਿਆ ਗਿਆ ਹੈ।

## ਟੋਲ ਪਲਾਜ਼ਾ 'ਤੇ 10 ਅਪ੍ਰੈਲ ਤੋਂ ਨਹੀਂ ਚੱਲੇਗਾ 'ਕੈਸ਼'

ਨਵੀਂ ਦਿੱਲੀ/ਬਿਊਰੋ

ਕੇਂਦਰ ਸਰਕਾਰ ਨੇ ਨੈਸ਼ਨਲ ਹਾਈਵੇਅ ਅਤੇ ਐਕਸਪ੍ਰੈਸ-ਵੇਅ 'ਤੇ ਸਫਰ ਕਰਨ ਵਾਲੇ ਵਾਹਨ ਚਾਲਕਾਂ ਲਈ ਵੱਡਾ ਫੈਸਲਾ ਲਿਆ ਹੈ। ਟੋਲ ਪਲਾਜ਼ਿਆਂ 'ਤੇ ਲੱਗਣ ਵਾਲੀਆਂ ਲੰਬੀਆਂ ਕਤਾਰਾਂ ਤੋਂ ਛੁਟਕਾਰਾ ਪਾਉਣ ਲਈ 10 ਅਪ੍ਰੈਲ ਤੋਂ ਦੇਸ਼ ਭਰ ਵਿੱਚ ਨਕਦ ਟੋਲ ਲੈਣ ਦੀ ਸਹੂਲਤ ਪੂਰੀ ਤਰ੍ਹਾਂ ਬੰਦ ਕਰ ਦਿੱਤੀ ਜਾਵੇਗੀ। ਹੁਣ ਸਫਰ ਦੌਰਾਨ ਜੇਬ ਵਿੱਚ ਨਕਦੀ ਰੱਖਣ ਦਾ ਕੋਈ ਫ਼ਾਇਦਾ ਨਹੀਂ ਹੋਵੇਗਾ, ਕਿਉਂਕਿ ਸਾਰਾ ਸਿਸਟਮ ਡਿਜੀਟਲ ਹੋਣ ਜਾ ਰਿਹਾ ਹੈ। ਨਵੇਂ ਨਿਯਮਾਂ ਤਹਿਤ ਹੁਣ ਟੋਲ 'ਤੇ ਆਈਡੀ ਕਾਰਡ ਦਿਖਾ ਕੇ ਮੁਫ਼ਤ ਲੰਘਣ ਦੀ ਪ੍ਰਥਾ ਨੂੰ ਵੀ ਖ਼ਤਮ ਕਰ ਦਿੱਤਾ ਗਿਆ ਹੈ। ਜਿਹੜੇ ਲੋਕ ਟੋਲ ਛੋਟ ਦੇ ਦਾਇਰੇ ਵਿੱਚ ਆਉਂਦੇ ਹਨ, ਉਨ੍ਹਾਂ ਨੂੰ ਹੁਣ 'ਟੋਲ ਪਲਾਜਾ 'ਚ ਛੋਟ ਵਾਲੇ ਫਾਸਟੈਗ' ਲੈਣਾ ਪਵੇਗਾ। ਇਸ ਤੋਂ ਇਲਾਵਾ ਪ੍ਰਾਈਵੇਟ ਕਾਰਾਂ ਲਈ 3,075 ਰੁਪਏ ਦਾ ਸਾਲਾਨਾ ਪਾਸ ਜਾਰੀ ਕੀਤਾ ਜਾਵੇਗਾ, ਜਿਸ ਰਾਹੀਂ ਸਾਲ ਵਿੱਚ 200 ਵਾਰ ਟੋਲ ਪਾਰ ਕੀਤਾ ਜਾ ਸਕੇਗਾ। ਇਸ ਕਦਮ ਨਾਲ ਟੋਲ ਪਲਾਜ਼ਿਆਂ 'ਤੇ ਹੋਣ ਵਾਲੇ ਰੋਜ਼ਾਨਾ ਦੇ ਝਗੜਿਆਂ 'ਚ ਕਮੀ ਆਉਣ ਦੀ ਉਮੀਦ ਹੈ। ਜੇਕਰ ਤੁਹਾਡੀ ਗੱਡੀ 'ਤੇ ਵੈਧ ਫਾਸਟੈਗ ਨਹੀਂ ਲੱਗਿਆ, ਤਾਂ ਵੀ ਤੁਹਾਨੂੰ ਟੋਲ ਦੇਣਾ ਪਵੇਗਾ ਪਰ ਇਹ ਮਹਿੰਗਾ ਪਵੇਗਾ। ਅਜਿਹੇ ਮਾਮਲੇ ਵਿੱਚ ਡਰਾਈਵਰ ਯੂਪੀਆਈ ਰਾਹੀਂ ਭੁਗਤਾਨ ਕਰ ਸਕਦਾ ਹੈ ਪਰ ਉਸ ਨੂੰ ਆਮ ਟੋਲ ਫੀਸ ਨਾਲੋਂ 1.25 ਗੁਣਾ ਵੱਧ ਪੈਸੇ ਦੇਣੇ ਪੈਣਗੇ। ਜੇਕਰ ਕੋਈ ਯੂਪੀਆਈ ਰਾਹੀਂ ਵੀ ਭੁਗਤਾਨ ਨਹੀਂ ਕਰਦਾ, ਤਾਂ ਉਸ ਨੂੰ ਹਾਈਵੇਅ 'ਤੇ ਦਾਖਲ ਹੋਣ ਤੋਂ ਰੋਕਿਆ ਜਾ ਸਕਦਾ ਹੈ ਜਾਂ ਵਾਹਨ ਜ਼ਬਤ ਕੀਤਾ ਜਾ ਸਕਦਾ ਹੈ। ਸਰਕਾਰ ਨੇ ਨਵੀਂ ਵਿਵਸਥਾ ਵਿੱਚ ਸਖ਼ਤੀ ਵਧਾ ਦਿੱਤੀ ਹੈ। ਜੇਕਰ ਕੋਈ ਵਾਹਨ ਬਿਨਾਂ ਟੋਲ ਦਿੱਤੇ ਨਿਕਲ ਜਾਂਦਾ ਹੈ, ਤਾਂ ਵਾਹਨ ਮਾਲਕ ਨੂੰ ਈ-ਨੋਟਿਸ ਭੇਜਿਆ ਜਾਵੇਗਾ। ਮਾਲਕ ਨੂੰ 3 ਦਿਨਾਂ ਦੇ ਅੰਦਰ ਭੁਗਤਾਨ ਕਰਨਾ ਹੋਵੇਗਾ। ਜੇਕਰ ਤੈਅ ਸਮੇਂ ਵਿੱਚ ਪੈਸੇ ਨਹੀਂ ਜਮ੍ਹਾਂ ਕਰਵਾਏ ਜਾਂਦੇ, ਤਾਂ ਦੁੱਗਣਾ ਟੋਲ ਵਸੂਲਿਆ ਜਾਵੇਗਾ। ਅਧਿਕਾਰੀਆਂ ਦਾ ਕਹਿਣਾ ਹੈ ਕਿ ਟੋਲ ਛੋਟ ਵਿਅਕਤੀ ਦੇ ਆਧਾਰ 'ਤੇ ਨਹੀਂ, ਸਗੋਂ ਅਹੁਦੇ ਅਤੇ ਸੰਸਥਾ ਦੇ ਆਧਾਰ 'ਤੇ ਹੁੰਦੀ ਹੈ।

## ਅਪ੍ਰੈਲ 'ਚ ਵੱਧ ਮੀਂਹ ਤੇ ਮਈ-ਜੂਨ ਦੀਆਂ ਰਾਤਾਂ 'ਚ ਗਰਮੀ ਕੱਢੇਗੀ ਵੱਟ

ਲੁਧਿਆਣਾ/ਬਿਊਰੋ

ਉੱਤਰ-ਪੱਛਮੀ ਭਾਰਤ 'ਚ ਆਉਣ ਵਾਲੇ ਗਰਮੀ ਦੇ ਮੌਸਮ ਨੂੰ ਲੈ ਕੇ ਮੌਸਮ ਵਿਭਾਗ ਦੀ ਤਾਜ਼ਾ ਭਵਿੱਖਬਾਣੀ ਦਰਸਾਉਂਦੀ ਹੈ ਕਿ ਇਸ ਵਾਰ ਮੌਸਮ ਇੱਕੋ ਜਿਹਾ ਨਹੀਂ ਰਹੇਗਾ, ਸਗੋਂ ਮੀਂਹ ਅਤੇ ਗਰਮੀ ਦਾ ਮਿਲਿਆ-ਜੁਲਿਆ ਅਸਰ ਵੇਖਣ ਨੂੰ ਮਿਲੇਗਾ। ਅਨੁਮਾਨ ਹੈ ਕਿ ਅਪ੍ਰੈਲ ਮਹੀਨੇ ਦੌਰਾਨ ਆਮ ਨਾਲੋਂ ਵੱਧ ਮੀਂਹ ਪੈ ਸਕਦਾ ਹੈ, ਜਦਕਿ ਮਈ ਅਤੇ ਜੂਨ ਵਿਚ ਲੂ ਦਾ ਪ੍ਰਭਾਵ ਵਧਣ ਦੀ ਸੰਭਾਵਨਾ ਹੈ। ਨਾਲ ਹੀ ਇਨ੍ਹਾਂ ਮਹੀਨਿਆਂ ਦੌਰਾਨ ਰਾਤਾਂ ਦਾ ਤਾਪਮਾਨ ਵੀ ਆਮ ਨਾਲੋਂ ਵੱਧ ਰਹਿ ਸਕਦਾ ਹੈ, ਜਿਸ ਕਾਰਨ ਲੋਕਾਂ ਨੂੰ ਗਰਮ ਰਾਤਾਂ ਦਾ ਸਾਹਮਣਾ ਕਰਨਾ ਪਵੇਗਾ। ਮੌਜੂਦਾ ਸਮੇਂ ਵਿਚ ਪੰਜਾਬ ਸਮੇਤ ਕਈ ਇਲਾਕਿਆਂ ਵਿਚ ਮੌਸਮ ਵਿਚ ਉਤਾਰ-ਚੜ੍ਹਾਅ ਦੇਖਣ ਨੂੰ ਮਿਲ ਰਿਹਾ ਹੈ। ਕਦੇ ਹਲਕੀ ਠੰਡਕ ਮਹਿਸੂਸ ਹੁੰਦੀ ਹੈ ਤਾਂ ਕਦੇ ਬੱਦਲ ਛਾਏ ਰਹਿੰਦੇ ਹਨ ਅਤੇ ਕਿਤੇ-ਕਿਤੇ ਹਲਕਾ ਮੀਂਹ ਵੀ ਪੈ ਰਿਹਾ ਹੈ। ਤਾਪਮਾਨ ਵਿੱਚ ਆ ਰਹੇ ਇਸ ਤਰ੍ਹਾਂ ਦੇ ਬਦਲਾਅ ਨੇ ਕਿਸਾਨਾਂ ਨੂੰ ਵੀ ਚਿੰਤਾ ਵਿੱਚ ਪਾਇਆ ਹੋਇਆ ਹੈ। ਅਪ੍ਰੈਲ ਮਹੀਨੇ ਵਿੱਚ ਵੱਧ ਮੀਂਹ ਪੈਣ ਦੀ ਸੰਭਾਵਨਾ ਪ੍ਰਗਟਾਈ ਜਾ ਰਹੀ ਹੈ, ਜਿਸ ਤਹਿਤ ਮੌਸਮ ਵਿਭਾਗ ਨੇ ਸੁਚੇਤ ਕੀਤਾ ਹੈ ਕਿ ਇਸ ਮਹੀਨੇ ਪਿਛਲੇ ਸਾਲਾਂ ਦੇ ਮੁਕਾਬਲੇ ਵੱਧ ਮੀਂਹ ਪਵੇਗਾ, ਜਿਸ ਦੇ ਕਾਰਨ ਜਿੱਥੇ ਆਮ ਲੋਕਾਂ ਨੂੰ ਤਾਂ ਗਰਮੀ ਤੋਂ ਰਾਹਤ ਮਿਲੇਗੀ ਪਰ ਇਸ ਨਾਲ ਕਿਸਾਨਾਂ ਦੀ ਨੀਂਦ ਉੱਡ ਗਈ ਹੈ ਕਿਉਂਕਿ ਇਹਨਾਂ ਦਿਨਾਂ ਵਿਚ ਫਸਲ ਦੀ ਵਾਢੀ ਦਾ ਕੰਮ ਹੋਣਾ ਹੈ। ਮੌਸਮ ਵਿਭਾਗ ਦੇ ਅਨੁਸਾਰ ਅਪ੍ਰੈਲ ਤੋਂ ਜੂਨ ਤੱਕ ਦਿਨ ਦੇ ਸਮੇਂ ਵੱਧ ਤੋਂ ਵੱਧ ਤਾਪਮਾਨ ਵਿਚ ਵੱਡਾ ਉਛਾਲ ਨਹੀਂ ਆਵੇਗਾ ਅਤੇ ਇਹ ਪਿਛਲੇ ਸਾਲਾਂ ਦੇ ਔਸਤਨ ਤਾਪਮਾਨ ਦੇ ਨੇੜੇ ਰਹਿ ਸਕਦਾ ਹੈ, ਪਰ ਮਈ ਅਤੇ ਜੂਨ ਮਹੀਨਿਆਂ ਵਿਚ ਲੂ ਵਾਲੇ ਦਿਨ ਆਮ ਨਾਲੋਂ ਵੱਧ ਹੋ ਸਕਦੇ ਹਨ। ਖ਼ਾਸ ਕਰ ਕੇ ਇਨ੍ਹਾਂ ਮਹੀਨਿਆਂ ਦੀਆਂ ਰਾਤਾਂ ਆਮ ਨਾਲੋਂ ਵੱਧ ਗਰਮ ਰਹਿਣ ਦੀ ਸੰਭਾਵਨਾ ਹੈ, ਜਿਸ ਨਾਲ ਲੋਕਾਂ ਦੀ ਨੀਂਦ ਅਤੇ ਸਿਹਤ 'ਤੇ ਅਸਰ ਪੈ ਸਕਦਾ ਹੈ। ਸਿਹਤ ਮਾਹਿਰਾਂ ਦਾ ਮੰਨਣਾ ਹੈ ਕਿ ਗਰਮੀ ਵਧਣ ਨਾਲ ਸਰੀਰ ਵਿਚ ਪਾਣੀ ਦੀ ਕਮੀ, ਥਕਾਵਟ ਅਤੇ ਹੀਟ ਸਟ੍ਰੋਕ ਦੇ ਮਾਮਲੇ ਵੱਧ ਸਕਦੇ ਹਨ। ਬਜ਼ੁਰਗਾਂ ਅਤੇ ਬੱਚਿਆਂ ਨੂੰ ਇਸ ਤਰ੍ਹਾਂ ਦੇ ਮੌਸਮ ਵਿਚ ਵੱਧ ਸਾਵਧਾਨ ਰਹਿਣ ਦੀ ਲੋੜ ਹੁੰਦੀ ਹੈ। ਖੁੱਲ੍ਹੇ ਵਿਚ ਕੰਮ ਕਰਨ ਵਾਲੇ ਮਜ਼ਦੂਰਾਂ ਲਈ ਵੀ ਲੂ ਦਾ ਖਤਰਾ ਵਧ ਜਾਂਦਾ ਹੈ, ਇਸ ਲਈ ਦੁਪਹਿਰ ਦੀ ਤਿੱਖੀ ਧੁੱਪ ਤੋਂ ਬਚਣ ਅਤੇ ਵੱਧ ਪਾਣੀ ਪੀਣ ਦੀ ਸਲਾਹ ਦਿੱਤੀ ਜਾਂਦੀ ਹੈ। ਇਸਦੇ ਨਾਲ ਹੀ ਗਰਮੀ ਵਧਣ ਕਾਰਨ ਪਾਣੀ ਅਤੇ ਬਿਜਲੀ ਦੀ ਮੰਗ ਵਿਚ ਵੀ ਵਾਧਾ ਹੋ ਸਕਦਾ ਹੈ।

## ਡਰੱਗ ਡੀ-ਐਡਿਕਸ਼ਨ ਜਾਗਰੂਕਤਾ ਪ੍ਰੋਗਰਾਮ ਕਰਵਾਇਆ

ਲੁਧਿਆਣਾ/ਗੀਤਾ ਸਕਸੈਨਾ

ਡਾ. ਦਵਾਰਕਾਨਾਥ ਕੋਟਨੀਸ ਹੈਲਥ ਐਂਡ ਐਜੂਕੇਸ਼ਨ ਸੈਂਟਰ ਵੱਲੋਂ ਚਲਾਏ ਜਾ ਰਹੇ ਟੀ.ਆਈ. ਪ੍ਰੋਜੈਕਟ ਦੇ ਤਹਿਤ ਅੱਜ ਇੱਕ ਪ੍ਰਭਾਵਸ਼ਾਲੀ ਡਰੱਗ ਡੀ-ਐਡਿਕਸ਼ਨ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਦਾ ਮੁੱਖ ਉਦੇਸ਼ ਨਸ਼ੇ ਦੀ ਲਤ ਨਾਲ ਪ੍ਰਭਾਵਿਤ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਮਝਣਾ ਅਤੇ ਸਮਾਜ ਵਿੱਚ ਉਨ੍ਹਾਂ ਪ੍ਰਤੀ ਸਕਾਰਾਤਮਕ ਸੋਚ ਪੈਦਾ ਕਰਨਾ ਸੀ। ਪ੍ਰੋਗਰਾਮ ਦੌਰਾਨ ਨਸ਼ੇ ਦਾ ਸ਼ਿਕਾਰ ਹੋ ਚੁੱਕੇ ਲੋਕਾਂ ਨਾਲ ਖੁੱਲ੍ਹਾ ਸੰਵਾਦ ਕੀਤਾ ਗਿਆ, ਜਿਸ ਵਿੱਚ ਉਨ੍ਹਾਂ ਨੇ ਆਪਣੇ ਤਜਰਬੇ, ਸੰਘਰਸ਼ ਅਤੇ ਸਮਾਜਕ ਉਪੇਖਾ ਨਾਲ ਜੁੜੀਆਂ ਮੁਸ਼ਕਲਾਂ ਨੂੰ ਸਾਂਝਾ ਕੀਤਾ ਅਤੇ ਦੱਸਿਆ ਕਿ ਨਸ਼ੇ ਤੋਂ ਬਾਹਰ ਆਉਣ ਦੀ ਪ੍ਰਕਿਰਿਆ ਵਿੱਚ ਉਨ੍ਹਾਂ ਨੂੰ ਸਮਾਜਕ ਭੇਦਭਾਵ, ਪਰਿਵਾਰਕ ਦਬਾਅ ਅਤੇ ਪ੍ਰਸ਼ਾਸਨਕ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਮੌਕੇ ਸਿਵਲ ਹਸਪਤਾਲ ਦੇ ਨਸ਼ਾ ਮੁਕਤੀ ਕੇਂਦਰ ਅਤੇ ਓ.ਟੀ. ਸੈਂਟਰ ਤੋਂ ਡਾ. ਤਾਸ਼ੀਬਾ ਬਰਾਰ ਅਤੇ ਕਾਉਂਸਲਰ ਮਿਹਿਕਾ ਮਲਹੋਤਰਾ ਨੇ ਮਰੀਜ਼ਾਂ ਨਾਲ ਰੂਬਰੂ ਹੋ ਕੇ ਉਨ੍ਹਾਂ ਦੀਆਂ ਮਾਨਸਿਕ, ਸਮਾਜਕ ਅਤੇ ਸਿਹਤ ਸੰਬੰਧੀ ਸਮੱਸਿਆਵਾਂ ਨੂੰ ਸਮਝਿਆ ਅਤੇ ਇਹ ਭਰੋਸਾ ਦਿਵਾਇਆ ਕਿ ਉਨ੍ਹਾਂ ਦੀ ਆਵਾਜ਼ ਨੂੰ ਪ੍ਰਸ਼ਾਸਨ ਤੱਕ ਪਹੁੰਚਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ। ਇਸ ਮੌਕੇ ਡਾ. ਕੋਟਨੀਸ ਐਕਿਊਪੰਕਚਰ ਹਸਪਤਾਲ ਦੇ ਡਾਇਰੈਕਟਰ ਡਾ. ਇੰਦਰਜੀਤ ਸਿੰਘ ਨੇ ਕਿਹਾ ਕਿ ਨਸ਼ਾ ਪੀੜਤ ਲੋਕਾਂ ਨਾਲ ਅਪਰਾਧੀਆਂ ਵਾਂਗ ਵਰਤਾਵ ਕਰਨਾ ਬੰਦ ਕੀਤਾ ਜਾਣਾ ਚਾਹੀਦਾ ਹੈ ਕਿਉਂਕਿ ਇਸ ਨਾਲ ਉਨ੍ਹਾਂ ਦੇ ਸਵੈ-ਸਨਮਾਨ ਨੂੰ ਠੇਸ ਪਹੁੰਚਦੀ ਹੈ ਅਤੇ ਉਹ ਇਸ ਸਮੱਸਿਆ ਤੋਂ ਬਾਹਰ ਨਹੀਂ




ਨਿਕਲ ਸਕਦੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਨ੍ਹਾਂ ਲੋਕਾਂ ਨੂੰ ਸਜ਼ਾ ਨਹੀਂ ਸਗੋਂ ਸਹਾਨੁਭੂਤੀ, ਢੰਗ ਦਾ ਇਲਾਜ ਅਤੇ ਪੁਨਰਵਾਸ ਦੀ ਲੋੜ ਹੈ ਤਾਂ ਜੋ ਉਹ ਮੁੜ ਸਮਾਜ ਦੀ ਮੁੱਖ ਧਾਰਾ ਨਾਲ ਜੁੜ ਸਕਣ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਦੀ ਅਪੀਲ ਵੀ ਕੀਤੀ। ਇਸ ਮੌਕੇ ਪ੍ਰੋਜੈਕਟ ਮੈਨੇਜਰ ਉਪੇਂਦਰ ਸਿੰਘ, ਪ੍ਰਵੇਸ਼, ਮਨੀਸ਼ਾ, ਡਾ. ਰਘੁਵੀਰ, ਤਰਸੇਮ ਲਾਲ ਸਮੇਤ ਹੋਰ ਮੈਂਬਰ ਵੀ ਮੌਜੂਦ ਰਹੇ ਅਤੇ ਪ੍ਰੋਗਰਾਮ ਨੂੰ ਸਫਲ ਬਣਾਇਆ, ਅੰਤ ਵਿੱਚ ਆਯੋਜਕਾਂ ਵੱਲੋਂ ਸਭ ਦਾ ਧੰਨਵਾਦ ਕਰਦੇ ਹੋਏ ਭਵਿੱਖ ਵਿੱਚ ਵੀ ਅਜਿਹੇ ਜਾਗਰੂਕਤਾ ਪ੍ਰੋਗਰਾਮ ਜਾਰੀ ਰੱਖਣ ਦਾ ਸੰਕਲਪ ਲਿਆ ਗਿਆ।

ਅਸ਼ਵਨੀ ਜੇਤਲੀ ਮਾਲਕ, ਐਡੀਟਰ/ਪ੍ਰਿੰਟਰ ਤੇ ਪਬਲਿਸ਼ਰ ਨੇ ਰੋਟਰੀ ਪ੍ਰਿੰਟਰਜ਼ ਤੋਂ ਛਪਵਾ ਕੇ ਦਫ਼ਤਰ ਜ਼ਿਕਰ ਪੰਜਾਬ (ਸਪਤਾਹਿਕ) 7, ਮਾਣਕ ਇਨਕਲੇਵ, ਧਾਂਦਰਾ ਰੋਡ, ਲੁਧਿਆਣਾ ਤੋਂ ਪ੍ਰਕਾਸ਼ਿਤ ਕੀਤਾ।
Published, Printed & Owned by Ashwani Jaitly Published at 7, Manak Enclave, Dhandra Road, Ludhiana, Punjab State Printed at Rotary Printers, Kot Almgir, Ludhiana, Punjab State Editor- Ashwani Jaitly

ਸੰਪਾਦਕੀ

# ਮਹਿਲਾ ਸਸ਼ਕਤੀਕਰਨ ਲਈ ਸਰਕਾਰ ਦੀ ਵਚਨਬੱਧਤਾ

ਮਹਿਲਾ ਲੀਡਰਸ਼ਿਪ ਨੂੰ ਅੱਗੇ ਵਧਾਉਣ ਅਤੇ ਇੱਕ ਅਜੇਹੇ ਲੋਕਤੰਤਰ ਦੀ ਰਚਨਾ ਕਰਨ ਦਾ ਭਾਰਤ ਦੇ ਸਾਹਮਣੇ ਇੱਕ ਅਸਾਧਾਰਣ ਮੌਕਾ ਹੈ। ਤੇ ਮੌਕਾ ਹੈ ਆਪਣੀਆਂ ਵਿਧਾਨਕ ਸੰਸਥਾਵਾਂ ਨੂੰ ਨਵਾਂ ਰੂਪ ਦੇਣ ਦਾ ਜੋ ਅਸਲ ਮਾਇਨਿਆਂ ਵਿੱਚ ਆਪਣੇ ਲੋਕਾਂ ਦੀ ਤਾਕਤ ਨੂੰ ਦਰਸਾਉਂਦਾ ਹੋਵੇ। ਜਦੋਂ ਮਹਿਲਾਵਾਂ ਸ਼ਾਸਨ ਵਿੱਚ ਆਪਣਾ ਯੋਗ ਸਥਾਨ ਸੰਭਾਲਦੀਆਂ ਹਨ, ਤਦ ਸਭ ਦੀਆਂ ਲੋੜਾਂ ਅਨੁਸਾਰ ਬਿਹਤਰ ਨੀਤੀਆਂ ਬਣਦੀਆਂ ਹਨ ਅਤੇ ਦੇਸ਼ ਹੋਰ ਵਧੇਰੇ ਤਾਕਤ ਅਤੇ ਮੰਤਵ ਨਾਲ ਅੱਗੇ ਵਧਦਾ ਹੈ। ਇਹ ਵਿਚਾਰ ਭਾਰਤ ਸਰਕਾਰ ਦੇ ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਸ਼੍ਰੀਮਤੀ ਅੰਨਪੂਰਣਾ ਦੇਵੀ ਨੇ ਆਪਣੇ ਹਾਲ ਹੀ ਵਿਚ ਲਿਖੇ ਇੱਕ ਪ੍ਰਭਾਵਸ਼ਾਲੀ ਲੇਖ ਵਿਚ ਪ੍ਰਗਟਾਉਂਦਿਆਂ ਇਸ ਕਨਸੈਪਟ ਨੂੰ ਵਿਸਤਾਰ ਨਾਲ ਬਿਆਨ ਕੀਤਾ ਹੈ। ਉਨ੍ਹਾਂ ਲਿਖਿਆ ਹੈ ਕਿ ਸਤੰਬਰ 2023 ਵਿੱਚ ਪਾਸ ਕੀਤਾ ਗਿਆ ਸੰਵਿਧਾਨ (ਇੱਕ ਸੌ ਛੇਵੀਂ ਸੋਧ) ਐਕਟ ਨਾਰੀ ਸ਼ਕਤੀ ਵੰਦਨ ਅਧਿਨਿਯਮ ਹਾਲੀਆ ਸਾਲਾਂ ਵਿੱਚ ਸਭ ਤੋਂ ਮਹੱਤਵਪੂਰਨ ਸਿਆਸੀ ਸੁਧਾਰਾਂ ਵਿੱਚੋਂ ਇੱਕ ਹੈ। ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਬਣਾਇਆ ਗਿਆ ਇਹ ਕਾਨੂੰਨ ਸਾਡੇ ਦੇਸ਼ ਦੇ ਲੋਕਤਾਂਤਰੀ ਢਾਂਚੇ ਵਿੱਚ ਮਹਿਲਾਵਾਂ ਦੀ ਭੂਮਿਕਾ ਨੂੰ ਵਧਾਉਣ ਲਈ ਮਜ਼ਬੂਤ ਸਿਆਸੀ ਇੱਛਾ ਸ਼ਕਤੀ ਨੂੰ ਦਰਸਾਉਂਦਾ ਹੈ। “ਸਭ ਦਾ ਸਾਥ, ਸਭ ਦਾ ਵਿਕਾਸ, ਸਭ ਦਾ ਵਿਸ਼ਵਾਸ”ਦੇ ਵਿਜ਼ਨ ਨਾਲ ਜੁੜਿਆ ਇਹ ਇਤਿਹਾਸਕ ਕਾਨੂੰਨ ਲੋਕ ਸਭਾ ਅਤੇ ਰਾਜਾਂ ਦੀਆਂ ਵਿਧਾਨ ਸਭਾਵਾਂ ਵਿੱਚ ਮਹਿਲਾਵਾਂ ਲਈ ਇੱਕ-ਤਿਹਾਈ ਸੀਟਾਂ ਦੇ ਰਾਖਵੇਂਕਰਨ ਦਾ ਪ੍ਰਬੰਧ ਕਰਦਾ ਹੈ ਅਤੇ ਵਿਕਸਿਤ ਭਾਰਤ ਦੇ ਨਿਰਮਾਣ ਵੱਲ ਇੱਕ ਦਲੇਰਾਨਾ ਕਦਮ ਹੈ। ਇਹ ਸਿਰਫ ਇੱਕ ਸੰਵਿਧਾਨਕ ਪ੍ਰਬੰਧ ਨਹੀਂ ਹੈ—ਇਹ ਇੱਕ ਬਦਲਾਅਕਾਰੀ ਵਿਜ਼ਨ ਦਾ ਸੰਸਥਾਗਤ ਰੂਪ ਹੈ, ਜਿੱਥੇ ਮਹਿਲਾਵਾਂ ਸਿਰਫ ਲੋਕਤੰਤਰ ਵਿੱਚ ਭਾਗੀਦਾਰੀ ਹੀ ਨਹੀਂ ਕਰਦੀਆਂ, ਸਗੋਂ ਉਸਦੇ ਢਾਂਚੇ ਨੂੰ ਵੀ ਸਰੂਪ ਦਿੰਦੀਆਂ ਹਨ। ਇਥੇ ਦੱਸਣਾ ਬਣਦਾ ਹੈ ਕਿ ਪ੍ਰਧਾਨ ਮੰਤਰੀ ਸ਼੍ਰੀ ਮੋਦੀ ਵੱਲੋਂ ਮਹਿਲਾ ਸਸ਼ਕਤੀਕਰਨ ਅਤੇ ਸੰਮਲਿਤ ਵਿਕਾਸ ਲਈ ਦਿੱਤਾ ਗਿਆ ਲਗਾਤਾਰ ਸਾਥ ਲੰਮੇ ਸਮੇਂ ਦੀਆਂ ਉਮੀਦਾਂ ਨੂੰ ਹਕੀਕਤ ਵਿੱਚ ਬਦਲਣ ਲਈ ਮਜ਼ਬੂਤ ਪ੍ਰੇਰਣਾ ਬਣਿਆ ਹੈ। ਭਾਰਤ ਦੀਆਂ ਲੋਕਤਾਂਤਰੀ ਸੰਸਥਾਵਾਂ ਨੂੰ ਸਿਰਫ ਵੱਧ ਮਹਿਲਾਵਾਂ ਦੀ ਨਹੀਂ, ਸਗੋਂ ਅਜਿਹੀਆਂ ਮਹਿਲਾਵਾਂ ਦੀ ਲੋੜ ਹੈ ਜਿਨ੍ਹਾਂ ਕੋਲ ਨੀਤੀਗਤ ਨਤੀਜਿਆਂ ਨੂੰ ਸਰੂਪ ਦੇਣ ਲਈ ਅਧਿਕਾਰ, ਸਮਰੱਥਾ ਅਤੇ ਢੁਕਵੇਂ ਮੌਕੇ ਹੋਣ। ਮੌਜੂਦਾ ਸਰਕਾਰ ਨੇ ਪਿਛਲੇ ਇੱਕ ਦਹਾਕੇ ਵਿੱਚ ਮਹਿਲਾਵਾਂ ਦੀ ਸਮਾਜਿਕ-ਆਰਥਿਕ ਸਥਿਤੀ ਨੂੰ ਮਜ਼ਬੂਤ ਕਰਨ ਲਈ ਮਹੱਤਵਪੂਰਨ ਨਿਵੇਸ਼ ਕੀਤਾ ਹੈ, ਜਿਸ ਨਾਲ ਇਸ ਵਿਧਾਨਕ ਬਦਲਾਅ ਲਈ ਮਜ਼ਬੂਤ ਬੁਨਿਆਦ ਤਿਆਰ ਹੋਈ ਹੈ। ਹੁਣ ਇਹ ਸਵਾਲ ਨਹੀਂ ਰਹਿ ਗਿਆ ਕਿ ਮਹਿਲਾਵਾਂ ਪ੍ਰਭਾਵਸ਼ਾਲੀ ਅਗਵਾਈ ਕਰ ਸਕਦੀਆਂ ਹਨ ਜਾਂ ਨਹੀਂ; ਇਸ ਦੇ ਸਬੂਤ ਪਹਿਲਾਂ ਹੀ ਮੌਜੂਦ ਹਨ। ਹੁਣ ਸਮਾਂ ਆ ਗਿਆ ਹੈ ਕਿ ਭਾਰਤ ਦੀਆਂ ਉੱਚ ਵਿਧਾਨਕ ਸੰਸਥਾਵਾਂ ਮਹਿਲਾ ਨੁਮਾਇੰਦਗੀ ਨੂੰ ਪੂਰੀ ਤਰ੍ਹਾਂ ਅਪਣਾਉਣ ਅਤੇ ਉਸ ਨੂੰ ਵਧਾਉਣ। ਕੁਲ ਮਿਲਾ ਕੇ ਇਹ ਗੱਲ ਸਾਫ ਹੈ ਕਿ ਸਰਕਾਰ ਨੇ ਮਹਿਲਾ ਸਸ਼ਕਤੀਕਰਨ ਦੀ ਦਿਸ਼ਾ ਵਿਚ ਬੇਹੱਦ ਸਲਾਹੁਣਯੋਗ ਕਾਰਜ ਕਰਕੇ ਬਦਲਾਅ ਦੀ ਇਕ ਲਹਿਰ ਚਲਾ ਦਿੱਤੀ ਹੈ। ਅਸੀਂ ਇਹਨਾਂ ਯਤਨਾਂ ਦਾ ਸਵਾਗਤ ਕਰਦੇ ਹਾਂ।



**- ਅਸ਼ਵਨੀ ਜੇਤਲੀ**

# ਕੈਨੇਡਾ ਵਿੱਚ ਸਿੱਖਾਂ ਦਾ ਸਫ਼ਰ ਆਸਾਨ ਨਹੀਂ ਰਿਹਾ

ਜ਼ਿਕਰ ਪੰਜਾਬ

ਸਿੱਖ ਵਿਰਾਸਤ ਮਹੀਨਾ ਪੂਰੇ ਕੈਨੇਡਾ ਵਿੱਚ ਅਪ੍ਰੈਲ ਮਹੀਨੇ ਦੌਰਾਨ ਮਨਾਇਆ ਜਾਂਦਾ ਹੈ, ਜਿਸਨੂੰ 2019 ਵਿੱਚ ਅਧਿਕਾਰਤ ਤੌਰ 'ਤੇ ਦੇਸ਼ ਭਰ ਵਿੱਚ 2021 ਦੀ ਜਨਗਣਨਾ ਦੇ ਅਨੁਸਾਰ 8 ਲੱਖ ਜੋ ਕੁੱਲ ਆਬਾਦੀ ਦਾ ਲਗਭਗ 2[1% ਹਨ। ਤੋਂ ਵੱਧ ਸਿੱਖ ਕੈਨੇਡੀਅਨਾਂ ਦੇ ਯੋਗਦਾਨ ਦਾ ਸਨਮਾਨ ਕਰਨ ਲਈ ਮਨੋਨੀਤ ਕੀਤਾ ਗਿਆ ਹੈ। ਕੈਨੇਡਾ ਵਿੱਚ ਦੁਨੀਆ ਦਾ ਦੂਜਾ ਸਭ ਤੋਂ ਵੱਡਾ ਸਿੱਖ ਭਾਈਚਾਰਾ ਹੈ (ਭਾਰਤ ਤੋਂ ਬਾਅਦ) ਅਤੇ ਵਿਸ਼ਵ ਪੱਧਰ 'ਤੇ ਸਿੱਖਾਂ ਦਾ ਸਭ ਤੋਂ ਵੱਧ ਅਨੁਪਾਤ ਹੈ, ਜਿਸਦਾ ਮੁੱਖ ਆਬਾਦੀ ਕੇਂਦਰ ਬ੍ਰੈਂਪਟਨ, ਸਰੀ, ਕੈਲਗਰੀ ਅਤੇ ਐਡਮੰਟਨ ਵਿੱਚ ਹਨ। ਕੈਨੇਡਾ ਵਿੱਚ ਸਿੱਖਾਂ ਬਾਰੇ ਆਬਾਦੀ ਵਾਲੇ ਮੁਖ ਸੂਬੇ ਬਹੁਗਿਣਤੀ ਓਨਟਾਰੀਓ (300,435) ਅਤੇ ਬ੍ਰਿ?ਟਸ਼ ਕੋਲੰਬੀਆ (290,870) ਵਿੱਚ ਰਹਿੰਦੀ ਹੈ, ਜਿਸਦੀ ਮਹੱਤਵਪੂਰਨ ਗਿਣਤੀ ਅਲਬਰਟਾ ਵਿੱਚ ਹੈ। ਚੋਟੀ ਦੇ ਸ਼ਹਿਰ ਬ੍ਰੈਂਪਟਨ, ਓਨਟਾਰੀਓ (163,260) ਅਤੇ ਸਰੀ, ਬੀਸੀ (154,415) ਵਿੱਚ ਸਭ ਤੋਂ ਵੱਧ ਸੰਘਣਤਾ ਹੈ। ਜੇਕਰ ਕਰ ਵਿਕਾਸ ਵਜੋਂ ਗੱਲ ਕਰਦੇ ਹਾਂ ਤਾਂ ਸਿੱਖ ਧਰਮ ਕੈਨੇਡਾ 'ਚ ਸਭ ਤੋਂ ਤੇਜ਼ੀ ਨਾਲ ਵਧ ਰਹੇ ਧਰਮਾਂ ਵਿੱਚੋਂ ਇੱਕ ਹੈ, ਜੋ ਕਿ ਮੁੱਖ ਤੌਰ 'ਤੇ ਇਮੀਗ੍ਰਾਂਟਾ ਦੁਆਰਾ ਚਲਾਇਆ ਜਾਂਦਾ ਹੈ। 2026 ਦੀ ਜਨਸੰਖਿਆ 42 ਮਿਲੀਅਨ ਤੋਂ ਵੱਧ ਸੀ, ਅਤੇ ਬਹੁਤ ਸਾਰੇ ਪਹਿਲੀ ਪੀੜ੍ਹੀ ਦੇ ਪ੍ਰਵਾਸੀ ਹਨ। ਜੇਕਰ ਪ੍ਰਤੀਨਿਧਤਾ ਦੀ ਗੱਲ ਕਰਦੇ ਹਾਂ ਤਾਂ ਭਾਰਤੀ ਖਾਸ ਕਰਕੇ ਸਿੱਖ ਭਾਈਚਾਰਾ ਕੈਨੇਡੀਅਨ ਰਾਜਨੀਤੀ ਵਿੱਚ ਬਹੁਤ ਸਰਗਰਮ ਹੈ, ਬਹੁਤ ਸਾਰੇ ਸਿੱਖ ਸੰਸਦ ਮੈਂਬਰਾਂ ਅਤੇ ਕੈਬਨਿਟ ਮੰਤਰੀਆਂ ਵਜੋਂ ਸੇਵਾ ਨਿਭਾ ਰਹੇ ਹਨ। ਅਪ੍ਰੈਲ ਵਿਸਾਖੀ ਦਿਵਸ 1699 ਵਿੱਚ ਖਾਲਸੇ ਦੇ ਜਨਮ ਨੂੰ ਦਰਸਾਉਂਦਾ ਕੈਨੇਡਾ ਸਰਕਾਰ ਵਲੋਂ ਮਾਨਤਾ ਦਿੱਤੀ ਗਈ ਹੈ। ਇਸ ਮਹੀਨੇ ਜਸ਼ਨਾਂ ਵਿੱਚ ਦੇਸ਼ ਭਰ ਵਿੱਚ ਵਿ?ਦਅਕ ਸਮਾਗਮ, ਕਲਾਵਾਂ ਅਤੇ ਭਾਈਚਾਰਕ ਸੇਵਾ ਸ਼ਾਮਲ ਹਨ। ਕੈਨੇਡਾ ਪਹਿਲਾ ਦੇਸ਼ ਹੈ ਜਿਸਨੇ ਰਾਸ਼ਟਰੀ ਪੱਧਰ 'ਤੇ ਸਿੱਖ ਵਿਰਾਸਤ ਮਹੀਨੇ ਨੂੰ ਅਧਿਕਾਰਤ ਤੌਰ 'ਤੇ ਮਾਨਤਾ ਦਿੱਤੀ। ਓਨਟਾਰੀਓ ਨੇ ਪਹਿਲੀ ਵਾਰ 2013 ਵਿੱਚ ਅਪ੍ਰੈਲ ਨੂੰ ਸਿੱਖ ਵਿਰਾਸਤ ਮਹੀਨੇ ਵਜੋਂ ਘੋਸ਼ਿਤ ਕੀਤਾ, ਜਿਸ ਵਿੱਚ ਮੈਨੀਟੋਬਾ ਵਰਗੇ ਹੋਰ ਸੂਬੇ ਵੀ ਸ਼ਾਮਲ ਸਨ। ਕੈਨੇਡਾ ਦੇ ਸਮਾਜਿਕ, ਸੱਭਿਆਚਾਰਕ ਅਤੇ ਰਾਜਨੀਤਿਕ ਦ੍ਰਿਸ਼ ਵਿੱਚ ਸਿੱਖ ਯੋਗਦਾਨ ਦੇ 120 ਸਾਲਾਂ ਤੋਂ ਵੱਧ ਇਤਿਹਾਸ ਦਾ ਸਨਮਾਨ ਕਰਨ ਲਈ ਕੰਮ ਕਰਦਾ ਹੈ। ਸਮਾਗਮ: ਪ੍ਰੋਗਰਾਮਾਂ ਵਿੱਚ ਅਕਸਰ ਭਾਈਚਾਰਕ ਇਕੱਠ, ਖਾਲਸਾ ਦਿਵਸ ਤੇ ਨਗਰ ਕੀਤਰਨ ਸ਼ਾਮਲ ਹੁੰਦੇ ਹਨ। ਸੰਸਥਾਵਾਂ ਅਕਸਰ ਇਸ ਸਮੇਂ ਦੀ ਵਰਤੋਂ ਜਨਤਾ ਨੂੰ ਕੈਨੇਡਾ 'ਚ ਸਿੱਖ ਭਾਈਚਾਰੇ ਦੇ ਪ੍ਰਭਾਵ ਬਾਰੇ ਜਾਗਰੂਕ ਕਰਨ ਲਈ ਕਰਦੀਆਂ ਹਨ, ਜਿਸ ਵਿੱਚ ਕੈਨੇਡੀਅਨ ਸਮਾਜ ਵਿੱਚ ਉਨ੍ਹਾਂ ਦੀ ਭੂਮਿਕਾ ਵੀ ਸ਼ਾਮਲ ਹੈ। ਕੁਝ ਸਾਲ ਪਹਿਲਾਂ ਕੈਨੇਡਾ ਸਰਕਾਰ ਵੱਲੋਂ ਅਪਰੈਲ ਮਹੀਨੇ ਨੂੰ ਸਿੱਖ ਵਿਰਾਸਤੀ ਮਹੀਨੇ ਵਜੋਂ ਮਾਨਤਾ ਦਿੱਤੇ ਜਾਣ ਤੋਂ ਬਾਅਦ ਹਰ ਸਾਲ ਵਾਂਗ ਇਸ ਵਾਰ ਵੀ ਇਸ ਸਬੰਧੀ ਪ੍ਰੋਗਰਾਮਾਂ ਦੀਆਂ ਤਿਆਰੀਆਂ ਹੋਣ ਲੱਗੀਆਂ ਹਨ। ਫੈਡਰਲ ਸਰਕਾਰ ਅਤੇ ਕਰੀਬ ਸਾਰੀਆਂ ਸੂਬਾ ਸਰਕਾਰਾਂ ਵੱਲੋਂ ਇਸ ਨੂੰ ਮਾਨਤਾ ਦਿੱਤੀ ਜਾ ਚੁੱਕੀ ਹੈ। ਇਸ ਤਹਿਤ ਅਪਰੈਲ ਚੜ੍ਹਦੇ ਹੀ ਧਾਰਮਿਕ ਪ੍ਰੋਗਰਾਮ ਉਲੀਕੇ ਜਾਣ ਲੱਗਦੇ ਹਨ। ਗੁਰਦੁਆਰਾ ਕਮੇਟੀਆਂ ਵੱਲੋਂ ਕਰਵਾਏ ਜਾਂਦੇ ਸਮਾਗਮਾਂ ਵਿੱਚ ਦੇਸ਼ ਦੇ ਲੋਕਾਂ ਨੂੰ ਸਿੱਖੀ ਅਮੀਰ ਵਿਰਸੇ ਤੋਂ ਜਾਣੂ ਕਰਵਾਇਆ ਜਾਂਦਾ ਹੈ। ਸਰਕਾਰਾਂ ਵੱਲੋਂ ਆਪਣੇ ਪੱਧਰ 'ਤੇ ਵੀ ਸਮਾਗਮ ਕਰਵਾਏ ਜਾਂਦੇ ਹਨ। ਜਿਸ ਨੂੰ ਕੈਨੇਡਾ ਦੀ ਧਰਤੀ ਤੇ ਮਨਾਉਣ ਅਤੇ ਸਿੱਖ ਧਰਮ ਵਾਰੇ ਕੈਨੇਡੀਅਨਾਂ ਨੂੰ ਜਾਣਕਾਰੀ ਦੇਣ ਲਈ ਸੁੱਖ ਧਾਲੀਵਾਲ ਨੇ ਅਪਰੈਲ 2018 ਨੂੰ ਸਿੱਖ ਵਿਰਾਸਤੀ ਮਹੀਨੇ ਦੇ ਰੂਪ ਵਿਚ ਮਨਾਉਣ ਲਈ ਬਿੱਲ 'ਸੀ-



376' ਪੇਸ਼ ਕੀਤਾ ਸੀ ਜਿਸ ਨੂੰ ਸਦਨ ਨੇ ਪਾਸ ਕਰ ਦਿਤਾ ਸੀ । ਇਸ ਬਿੱਲ ਨੂੰ ਲਗਭੱਗ 20 ਮੈਂਬਰਾਂ ਨੇ ਸਮਰਥਨ ਦਿਤਾ ਸੀ ਜੋ ਪੰਜਾਬੀ ਮੂਲ ਦੇ ਸਨ। ਇਸ ਉਪਰੰਤ ਕੈਨੇਡਾ ਦੀ ਫੈਡਰਲ ਸਰਕਾਰ ਨੇ ਵਿਸਾਖੀ ਦੇ ਤਿਉਹਾਰ ਮੌਕੇ ਅਪਰੈਲ ਮਹੀਨੇ ਨੂੰ ਸਿੱਖ ਵਿਰਾਸਤੀ ਮਹੀਨਾ ਐਲਾਨ ਕਰ ਦਿਤਾ ਹੈ ਸੀ। ਇਸ ਤੋਂ ਪਹਿਲਾਂ ਕੈਨੇਡਾ ਦੇ ਸਿਰਫ਼ ਬ੍ਰਿ?ਟਸ਼ ਕੋਲੰਬੀਆ ਸੂਬੇ 'ਚ ਹੀ ਇਹ ਮਹੀਨਾ ਮਨਾਇਆ ਜਾਂਦਾ ਸੀ। ਪਰ 2018 ਦੇ ਬਿਲ ਪਾਸ ਹੋਣ ਤੋਂ ਬਾਅਦ ਕੈਨੇਡਾ ਸਰਕਾਰ ਤੇ ਇਸ ਦੇਸ਼ ਦੇ ਸਮੂਹ ਵਾਸੀ ਪੂਰੇ ਜੋਸ਼ੋ-ਖ਼ਰੋਸ਼ ਨਾਲ ਇਹ ਮਹੀਨਾ ਮਨਾਉਣ ਲਈ ਪੂਰੀ ਤਰ੍ਹਾਂ ਤਿਆਰ ਰਹਿੰਦੇ ਹਨ। ਕੈਨੇਡਾ ਦੀ ਖ਼ਾਸੀਅਤ ਇਹ ਹੈ ਕਿ ਕੈਨੇਡਾ ਨੂੰ ਵੰਨ-ਸੁਵੰਨਤਾ ਭਰਪੂਰ ਅਤੇ ਸਹਿਣਸ਼ੀਲ ਦੇਸ਼ ਵਜੋਂ ਜਾਣਿਆ ਜਾਂਦਾ ਹੈ। ਇਹ ਯਕੀਨੀ ਬਣਾਉਂਦਾ ਹੈ ਕਿ ਕੈਨੇਡਾ ਇੱਕ ਅਜਿਹਾ ਦੇਸ਼ ਹੈ ਜਿਸ 'ਤੇ ਅਸੀਂ ਸਾਰੇ ਮਾਣ ਕਰ ਸਕਦੇ ਹਾਂ ਜਿੱਥੇ ਹਰ ਇੱਕ ਨੂੰ ਬਰਾਬਰ ਦਾ ਦਰਜਾ ਦਿੱਤਾ ਗਿਆ ਹੈ। ਇਹੀ ਕਾਰਨ ਹੈ ਕਿ ਇੱਥੇ ਇਤਾਲਵੀ, ਤਾਮਿਲ, ਕਾਲੇ, ਯਹੂਦੀ , ਹਿੰਦੂ ਅਤੇ ਏਸ਼ੀਆਈ ਵਿਰਾਸਤ ਦੇ ਮਹੀਨਿਆਂ ਨੂੰ ਮਾਨਤਾ ਦਿੱਤੀ ਗਈ ਹੈ। ਇਹ ਮਹੀਨੇ ਸਾਨੂੰ ਵਿਸ਼ੇਸ਼ ਸੱਭਿਆਚਾਰਕ ਵਿਰਾਸਤ ਨੂੰ ਪਛਾਣਨ, ਸਤਿਕਾਰ ਕਰਨ ਅਤੇ ਯਾਦ ਰੱਖਣ ਵਿੱਚ ਮਦਦ ਕਰਦੇ ਹਨ। ਸਾਡੀਆਂ ਸਾਰਿਆਂ ਦੀਆਂ ਕਦਰਾਂ-ਕੀਮਤਾਂ, ਸਿਧਾਂਤਾਂ ਅਤੇ ਆਦਰਸ਼ਾਂ ਨੂੰ ਇਕਜੁੱਟ ਕਰਨਾ ਕੈਨੇਡੀਅਨਾਂ ਲਈ ਇੱਕ ਸਾਂਝਾ ਵਿਸ਼ਾ ਹੈ। ਅਪਰੈਲ ਦਾ ਮਹੀਨਾ ਕੈਨੇਡਾ ਦੀ ਸਮਾਜਿਕ, ਆਰਥਿਕ, ਰਾਜਨੀਤਕ ਅਤੇ ਸੱਭਿਆਚਾਰਕ ਵਿਰਾਸਤ ਵਿੱਚ ਸਿੱਖ ਭਾਈਚਾਰੇ ਵੱਲੋਂ ਕੀਤੇ ਗਏ ਮਹੱਤਵਪੂਰਨ ਯੋਗਦਾਨ ਨੂੰ ਮਾਨਤਾ ਦਿੰਦਾ ਹੈ। ਪੰਜਾਬੀ ਭਾਈਚਾਰੇ ਦੇ ਮੈਂਬਰਾਂ ਨੇ ਵੱਖ-ਵੱਖ ਖੇਤਰਾਂ ਵਿੱਚ ਆਪਣੀਆਂ ਪ੍ਰਾਪਤੀਆਂ ਰਾਹੀਂ ਕੈਨੇਡਾ ਵਿੱਚ ਯੋਗਦਾਨ ਪਾਉਣਾ ਸ਼ੁਰੂ ਕੀਤਾ ਅਤੇ ਕੈਨੇਡਾ ਦੀ ਵਿ?ਭੰਨਤਾ ਨੂੰ ਆਕਾਰ ਦੇਣ ਵਿੱਚ ਮਦਦ ਕੀਤੀ। ਸਿੱਖ ਧਰਮ ਦੇ ਮੂਲ ਸਿਧਾਂਤਾਂ ਵਿੱਚ ਉਦਾਰਤਾ, ਸਮਾਨਤਾ, ਖੁੱਲ੍ਹਾਪਣ ਅਤੇ ਦਇਆ ਸ਼ਾਮਲ ਹਨ। ਸਿੱਖ ਵਿਰਾਸਤੀ ਮਹੀਨਾ ਸਮਾਵੇਸ਼ੀ ਕੈਨੇਡਾ ਦੇ ਨਿਰਮਾਣ ਵਿੱਚ ਸਿੱਖ ਭਾਈਚਾਰੇ ਵੱਲੋਂ ਨਿਭਾਈ ਜਾ ਰਹੀ ਅਹਿਮ ਭੂਮਿਕਾ ਬਾਰੇ ਸੋਚਣ ਦਾ ਮੌਕਾ ਪ੍ਰਦਾਨ ਕਰਦਾ ਹੈ। ਇਸ ਦਾ ਸਿਹਰਾ ਪੰਜਾਬੀ ਮੂਲ ਦੇ ਗੁਰਬਖਸ਼ ਮੱਲ੍ਹੀ ਨੂੰ ਜਾਂਦਾ ਹੈ ਜਿਨ੍ਹਾਂ ਨੂੰ ਕੈਨੇਡਾ ਵਿੱਚ ਪਹਿਲੇ ਪਗੜੀਧਾਰੀ ਸਿੱਖ ਐੱਮ ਪੀ ਹੋਣ ਦਾ ਮਾਣ ਹਾਸਲ ਹੈ। ਉਹ 1993 ਵਿੱਚ ਪਹਿਲੀ ਵਾਰ ਐੱਮਪੀ ਚੁਣੇ ਗਏ ਸਨ ਅਤੇ 6 ਵਾਰ ਲਗਾਤਾਰ ਐੱਮਪੀ ਰਹੇ। ਇਸ ਉਪਰੰਤ ਸਮੇਂ ਦੇ ਨਾਲ ਹਰਜੀਤ ਸਿੰਘ ਸੱਜਣ, ਰਣਦੀਪ ਸਿੰਘ ਸਰਾਏ ਅਤੇ ਸੁੱਖ ਨਵਦੀਪ ਸਿੰਘ ਬੈਂਸ, ਗਗਨ ਸਿਕੰਦ, ਰਾਮੇਸ਼ਵਰ ਸਿੰਘ ਸੰਘਾ, ਮਨਿੰਦਰ ਸਿੰਘ ਸਿੱਧੂ,ਅਨੀਤਾ ਆਨੰਦ, ਕਮਲ ਖਹਿਰਾ, ਰੂਬੀ ਸਹੋਤਾ, ਸੋਨੀਆ ਸਿੱਧੂ, ਬਰਦੀਸ਼ ਚੱਗਰ ਅਤੇ ਰਾਜ ਸੈਣੀ ਅਤੇ ਕਿਊਬਿਕ ਤੋਂ ਅੰਜੂ ਢਿੱਲੋਂ, ਟਿਮ ਉੱਪਲ, ਇਸੇ ਤਰ੍ਹਾਂ ਪ੍ਰਭਮੀਤ ਸਿੰਘ ਸਰਕਾਰੀਆ ਜੋ ਇਸ ਸਮੇਂ ਉਨਟੈਰੀਉ ਸਰਕਾਰ ਦੇ ਟਰਾਸਪੋਰਟ ਮੰਤਰੀ ਹਨ। ਨੀਨਾ ਤਾਂਗੜੀ ਜੋ ਹਾਊਸਿੰਗ ਐਸੋਸੀਏਟ ਮੰਤਰੀ ਹੈ, ਅਮਰਜੋਤ ਸੰਧੂ ਤੇ ਹਰਦੀਪ ਗਰੇਵਾਲ ਤੇ ਕਈ ਹੋਰ ਸਿੱਖਾਂ ਨੇ ਕੈਨੇਡੀਅਨ ਸਿਆਸਤ ਵਿੱਚ ਆਪਣੀ ਥਾਂ ਬਣਾਈ ਹੈ। ਕੈਨੇਡਾ ਦੀ ਐੱਨਡੀਪੀ ਪਾਰਟੀ ਦੇ ਨੇਤਾ ਵੀ ਗੁਰਸਿੱਖ ਜਗਮੀਤ ਸਿੰਘ ਰਹਿ ਚੁੱਕੇ ਹਨ। ਅਪਰੈਲ ਸਿੱਖ ਕੌਮ ਲਈ ਅਹਿਮ ਮਹੀਨਾ ਹੈ। ਇਸ ਦਿਨ ਦੁਨੀਆ ਭਰ ਦੇ ਸਿੱਖ ਵਿਸਾਖੀ ਮਨਾਉਂਦੇ ਹਨ, ਜੋ ਖਾਲਸੇ ਦੀ ਸਿਰਜਣਾ ਅਤੇ ਸਿੱਖ ਧਰਮ ਦੀਆਂ ਕੁਰਬਾਨੀਆਂ ਨੂੰ ਦਰਸਾਉਂਦਾ ਹੈ। ਕੈਨੇਡੀਅਨ ਚਾਰਟਰ ਆਫ਼ ਰਾਈਟਸ ਇਹ ਯਕੀਨੀ ਬਣਾਉਂਦਾ ਹੈ ਕਿ ਹਰ ਸਿੱਖ ਨੂੰ ਆਪਣੇ ਸਿਰ 'ਤੇ ਪੱਗ ਬੰਨ੍ਹਣ ਅਤੇ ਲੰਬੀ ਦਾੜ੍ਹੀ ਰੱਖਣ ਦਾ ਅਧਿਕਾਰ ਹੈ। ਇਹ ਹਰ ਸਿੱਖ ਨੂੰ ਆਪਣੇ ਸਰੀਰ 'ਤੇ ਪੰਜ ਕਕਾਰ ਪਹਿਨਣ ਦੀ ਇਜਾਜ਼ਤ ਦਿੰਦਾ ਹੈ। ਕੈਨੇਡਾ ਵਿੱਚ ਸਿੱਖਾਂ ਦਾ ਸਫ਼ਰ ਆਸਾਨ ਨਹੀਂ ਰਿਹਾ। ਉਨ੍ਹਾਂ ਨੇ ਹਰ ਪੱਧਰ 'ਤੇ ਅਸਹਿਣਸ਼ੀਲਤਾ ਅਤੇ ਪੱਖਪਾਤ ਦਾ ਸਾਹਮਣਾ ਕੀਤਾ ਹੈ। ਇਨ੍ਹਾਂ ਚੁਣੌਤੀਆਂ ਨੇ ਸਿੱਖਾਂ ਨੂੰ ਕਈ ਵਾਰ ਅਣਉਚਿਤ ਕਿਰਤ ਕਾਨੂੰਨਾਂ ਕਾਰਨ ਦੂਜੇ ਦਰਜੇ ਦੇ ਨਾਗਰਿਕ ਬਣਾ ਦਿੱਤਾ ਸੀ। 1914 ਦੀ ਕੌਮਾਗਾਟਾਮਾਰੂ ਘਟਨਾ ਵਿੱਚ ਭਾਰਤ ਤੋਂ ਗਏ ਪਰਵਾਸੀਆਂ ਨੂੰ ਕੈਨੇਡਾ ਵਿੱਚ ਦਾਖ਼ਲ ਹੋਣ ਤੋਂ ਰੋਕ ਦਿੱਤਾ ਸੀ। ਜਿਸ ਵਿੱਚ ਕੁਝ ਲੋਕਾਂ ਦੀ ਮੌਤ ਵੀ ਹੋ ਗਈ ਸੀ, ਪਰ ਇਸ ਘਟਨਾ ਬਾਰੇ ਕੈਨੇਡਾ ਸਰਕਾਰ ਨੇ ਸਿੱਖ ਭਾਈਚਾਰੇ ਤੋਂ ਪਾਰਲੀਮੈਂਟ ਵਿੱਚ ਮੁਆਫ਼ੀ ਮੰਗ ਲਈ ਸੀ ਤੇ ਸਿੱਖਾਂ ਨੂੰ ਕੈਨੇਡਾ ਵਿੱਚ ਢੁਕਵਾਂ ਸਥਾਨ ਹੀ ਨਹੀਂ ਬਲਕਿ ਸਿੱਖ ਵਿਰਸੇ ਦੀ ਮਹਾਨਤਾ ਨੂੰ ਦਰਸਾਉਣ ਲਈ ਅਪਰੈਲ ਨੂੰ ਵਿਰਾਸਤੀ ਮਹੀਨੇ ਵਜੋਂ ਮਨਾਉਣ ਦਾ ਐਲਾਨ ਕੀਤਾ। ਗ਼ੌਰਤਲਬ ਹੈ ਕਿ ਕੈਨੇਡਾ ਦੇ ਟੋਰਾਂਟੋ (ਉਨਟਾਰੀਓ), ਵੈਨਕੂਵਰ, ਸਰੀ (ਬ੍ਰਿਟਿਸ਼ ਕੋਲੰਬੀਆ), ਕੈਲਗਰੀ, ਐਡਮਿੰਟਨ (ਅਲਬਰਟਾ) ਜਿਹੇ ਸ਼ਹਿਰਾਂ 'ਚ ਵਿਸਾਖੀ ਮੌਕੇ ਬਹੁਤ ਵਿਸ਼ਾਲ ਨਗਰ ਕੀਰਤਨ ਸਜਾਏ ਜਾਂਦੇ ਹਨ,ਜਿਨ੍ਹਾਂ ਨੂੰ ਇੱਥੇ 'ਸਿੱਖ ਪਰੇਡ' ਆਖਿਆ ਜਾਂਦਾ ਹੈ। ਇਨ੍ਹਾਂ ਨਗਰ ਕੀਰਤਨਾਂ 'ਚ ਲੱਖਾਂ ਸਿੱਖ ਸੰਗਤਾਂ ਹੀ ਨਹੀਂ, ਸਗੋਂ ਅਨੇਕ ਸਥਾਨਕ ਗੋਰੇ ਵੀ ਬਹੁਤ ਸ਼ਰਧਾ ਨਾਲ ਭਾਗ ਲੈਂਦੇ ਹਨ। ਇਸ ਮੌਕੇ 'ਗੁਰੂ ਕਾ ਲੰਗਰ' ਅਤੁੱਟ ਵਰਤਦਾ ਹੈ ਤੇ ਸਿੱਖ ਕੁਮੇਟੀਆਂ ਵਲੋਂ ਸਿੱਖ ਐਮ ਪੀਜ਼ ਅਤੇ ਐਮ ਪੀ ਪੀਜ਼ ਨੂੰ ਸਨਮਾਨ ਵੀ ਕੀਤਾ ਜਾਂਦਾ ਹੈ। ਸਿੱਖ, 1947 ਵਿੱਚ ਸੰਘੀ ਚੋਣਾਂ ਵਿੱਚ ਵੋਟ ਪਾਉਣ ਦਾ ਅਧਿਕਾਰ ਪ੍ਰਾਪਤ ਕਰਨ ਵਿੱਚ ਸਫਲ ਹੋਏ। 1908 ਵਿੱਚ ਸਿੱਖ ਭਾਈਚਾਰੇ ਨੇ ਵੈਨਕੂਵਰ ਵਿੱਚ ਕੈਨੇਡਾ ਦਾ ਪਹਿਲਾ ਸਿੱਖ ਗੁਰੂਘਰ ਸਥਾਪਿਤ ਕੀਤਾ। ਕੁੱਲ ਮਿਲਾ ਕੇ ਅਸੀਂ ਕਹਿ ਸਕਦੇ ਹਾਂ ਕਿ ਕੈਨੇਡਾ ਦਾ ਸਿੱਖ ਭਾਈਚਾਰਾ ਜਿੱਥੇ ਉੱਥੋਂ ਦੇ ਸਮਾਜਿਕ, ਸੱਭਿਆਚਾਰਕ, ਰਾਜਨੀਤਕ ਤੇ ਆਰਥਿਕ ਖੇਤਰ ਵਿੱਚ ਮੱਲਾਂ ਮਾਰ ਰਿਹਾ ਹੈ, ਉੱਥੇ ਸਿੱਖ ਧਰਮ ਦੀਆਂ ਸਿੱਖਿਆਵਾਂ ਨੂੰ ਵੀ ਪ੍ਰਫੁੱਲਿਤ ਕਰ ਰਿਹਾ ਹੈ।



**ਸੁਰਜੀਤ ਸਿੰਘ ਫਲੋਰਾ**

# ਵਿਧਾਨਕ ਲੀਡਰਸ਼ਿਪ: ਨੀਤੀ ਨਿਰਮਾਣ 'ਚ ਮਹਿਲਾ ਨੁਮਾਇੰਦਗੀ ਦੀ ਬਦਲਾਅਕਾਰੀ ਤਾਕਤ

ਜ਼ਿਕਰ ਪੰਜਾਬ

ਭਾਰਤ ਦੇ ਸਾਹਮਣੇ ਇੱਕ ਅਸਾਧਾਰਣ ਮੌਕਾ ਹੈ ਆਪਣੀਆਂ ਵਿਧਾਨਕ ਸੰਸਥਾਵਾਂ ਨੂੰ ਨਵਾਂ ਰੂਪ ਦੇਣ ਦਾ, ਮਹਿਲਾ ਲੀਡਰਸ਼ਿਪ ਨੂੰ ਅੱਗੇ ਵਧਾਉਣ ਦਾ ਅਤੇ ਇੱਕ ਅਜੇਹੇ ਲੋਕਤੰਤਰ ਦੀ ਰਚਨਾ ਕਰਨ ਦਾ ਜੋ ਅਸਲ ਮਾਇਨਿਆਂ ਵਿੱਚ ਆਪਣੇ ਲੋਕਾਂ ਦੀ ਤਾਕਤ ਨੂੰ ਦਰਸਾਉਂਦਾ ਹੋਵੇ। ਜਦੋਂ ਮਹਿਲਾਵਾਂ ਸ਼ਾਸਨ ਵਿੱਚ ਆਪਣਾ ਯੋਗ ਸਥਾਨ ਸੰਭਾਲਦੀਆਂ ਹਨ, ਤਦ ਸਭ ਦੀਆਂ ਲੋੜਾਂ ਅਨੁਸਾਰ ਬਿਹਤਰ ਨੀਤੀਆਂ ਬਣਦੀਆਂ ਹਨ ਅਤੇ ਦੇਸ਼ ਹੋਰ ਵਧੇਰੇ ਤਾਕਤ ਅਤੇ ਮੰਤਵ ਨਾਲ ਅੱਗੇ ਵਧਦਾ ਹੈ। ਸਤੰਬਰ 2023 ਵਿੱਚ ਪਾਸ ਕੀਤਾ ਗਿਆ ਸੰਵਿਧਾਨ (ਇੱਕ ਸੌ ਛੇਵੀਂ ਸੋਧ) ਐਕਟ ਨਾਰੀ ਸ਼ਕਤੀ ਵੰਦਨ ਅਧਿਨਿਯਮ ਹਾਲੀਆ ਸਾਲਾਂ ਵਿੱਚ ਸਭ ਤੋਂ ਮਹੱਤਵਪੂਰਨ ਸਿਆਸੀ ਸੁਧਾਰਾਂ ਵਿੱਚੋਂ ਇੱਕ ਹੈ। ਮਾਨਯੋਗ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਬਣਾਇਆ ਗਿਆ ਇਹ ਕਾਨੂੰਨ ਸਾਡੇ ਦੇਸ਼ ਦੇ ਲੋਕਤਾਂਤਰੀ ਢਾਂਚੇ ਵਿੱਚ ਮਹਿਲਾਵਾਂ ਦੀ ਭੂਮਿਕਾ ਨੂੰ ਵਧਾਉਣ ਲਈ ਮਜ਼ਬੂਤ ਸਿਆਸੀ ਇੱਛਾ ਸ਼ਕਤੀ ਨੂੰ ਦਰਸਾਉਂਦਾ ਹੈ। “ਸਭ ਦਾ ਸਾਥ, ਸਭ ਦਾ ਵਿਕਾਸ, ਸਭ ਦਾ ਵਿਸ਼ਵਾਸ”ਦੇ ਵਿਜ਼ਨ ਨਾਲ ਜੁੜਿਆ ਇਹ ਇਤਿਹਾਸਕ ਕਾਨੂੰਨ ਲੋਕ ਸਭਾ ਅਤੇ ਰਾਜਾਂ ਦੀਆਂ ਵਿਧਾਨ ਸਭਾਵਾਂ ਵਿੱਚ ਮਹਿਲਾਵਾਂ ਲਈ ਇੱਕ-ਤਿਹਾਈ ਸੀਟਾਂ ਦੇ ਰਾਖਵੇਂਕਰਨ ਦਾ ਪ੍ਰਬੰਧ ਕਰਦਾ ਹੈ ਅਤੇ ਵਿਕਸਿਤ ਭਾਰਤ ਦੇ ਨਿਰਮਾਣ ਵੱਲ ਇੱਕ ਦਲੇਰਾਨਾ ਕਦਮ ਹੈ। ਇਹ ਸਿਰਫ ਇੱਕ ਸੰਵਿਧਾਨਕ ਪ੍ਰਬੰਧ ਨਹੀਂ ਹੈ—ਇਹ ਇੱਕ ਬਦਲਾਅਕਾਰੀ ਵਿਜ਼ਨ ਦਾ ਸੰਸਥਾਗਤ ਰੂਪ ਹੈ, ਜਿੱਥੇ ਮਹਿਲਾਵਾਂ ਸਿਰਫ ਲੋਕਤੰਤਰ ਵਿੱਚ ਭਾਗੀਦਾਰੀ ਹੀ ਨਹੀਂ ਕਰਦੀਆਂ, ਸਗੋਂ ਉਸਦੇ ਢਾਂਚੇ ਨੂੰ ਵੀ ਸਰੂਪ ਦਿੰਦੀਆਂ ਹਨ। ਮਾਨਯੋਗ ਪ੍ਰਧਾਨ ਮੰਤਰੀ ਸ਼੍ਰੀ ਮੋਦੀ ਵੱਲੋਂ ਮਹਿਲਾ ਸਸ਼ਕਤੀਕਰਨ ਅਤੇ ਸੰਮਲਿਤ ਵਿਕਾਸ ਲਈ ਦਿੱਤਾ ਗਿਆ ਲਗਾਤਾਰ ਸਾਥ ਲੰਮੇ ਸਮੇਂ ਦੀਆਂ ਉਮੀਦਾਂ ਨੂੰ ਹਕੀਕਤ ਵਿੱਚ ਬਦਲਣ ਲਈ ਮਜ਼ਬੂਤ ਪ੍ਰੇਰਣਾ ਬਣਿਆ ਹੈ। ਭਾਰਤ ਦੀਆਂ ਲੋਕਤਾਂਤਰੀ ਸੰਸਥਾਵਾਂ ਨੂੰ ਸਿਰਫ ਵੱਧ ਮਹਿਲਾਵਾਂ ਦੀ ਨਹੀਂ, ਸਗੋਂ ਅਜਿਹੀਆਂ ਮਹਿਲਾਵਾਂ ਦੀ ਲੋੜ ਹੈ ਜਿਨ੍ਹਾਂ ਕੋਲ ਨੀਤੀਗਤ ਨਤੀਜਿਆਂ ਨੂੰ ਸਰੂਪ ਦੇਣ ਲਈ ਅਧਿਕਾਰ, ਸਮਰੱਥਾ ਅਤੇ ਢੁਕਵੇਂ ਮੌਕੇ ਹੋਣ। ਮੌਜੂਦਾ ਸਰਕਾਰ ਨੇ ਪਿਛਲੇ ਇੱਕ ਦਹਾਕੇ ਵਿੱਚ ਮਹਿਲਾਵਾਂ ਦੀ ਸਮਾਜਿਕ-ਆਰਥਿਕ ਸਥਿਤੀ ਨੂੰ ਮਜ਼ਬੂਤ ਕਰਨ ਲਈ ਮਹੱਤਵਪੂਰਨ ਨਿਵੇਸ਼ ਕੀਤਾ ਹੈ, ਜਿਸ ਨਾਲ ਇਸ ਵਿਧਾਨਕ ਬਦਲਾਅ ਲਈ ਮਜ਼ਬੂਤ ਬੁਨਿਆਦ ਤਿਆਰ ਹੋਈ ਹੈ। ਜਨ ਧਨ ਖਾਤਾਧਾਰਕਾਂ ਵਿੱਚ 56% ਤੋਂ ਵੱਧ ਮਹਿਲਾਵਾਂ ਹਨ, ਜਿਸ ਨਾਲ ਵਿੱਤੀ ਸਮਾਵੇਸ਼ 'ਚ ਅਦਭੁਤ ਤੌਰ 'ਤੇ ਵਾਧਾ ਹੋਇਆ ਹੈ। ਮੁਦਰਾ ਯੋਜਨਾ ਦੇ ਲਗਭਗ 67% ਲਾਭਪਾਤਰੀ ਮਹਿਲਾਵਾਂ ਹਨ, ਜੋ ਉੱਦਮਤਾ ਵਿੱਚ ਉਨ੍ਹਾਂ ਦੀ ਵਧਦੀ ਭੂਮਿਕਾ ਨੂੰ ਦਰਸਾਉਂਦਾ ਹੈ। ਪ੍ਰਧਾਨ ਮੰਤਰੀ ਆਵਾਸ ਯੋਜਨਾ ਹੇਠ ਮਨਜ਼ੂਰ ਕੀਤੇ ਗਏ 73% ਤੋਂ ਵੱਧ ਘਰ ਮਹਿਲਾਵਾਂ ਦੇ ਨਾਮ 'ਤੇ ਹਨ, ਜਦਕਿ ਉੱਜਵਲਾ ਯੋਜਨਾ ਅਧੀਨ 10 ਕਰੋੜ ਤੋਂ ਵੱਧ ਐੱਲਪੀਜੀ ਕਨੈਕਸ਼ਨਾਂ ਨੇ ਘਰੇਲੂ ਜੀਵਨ ਮਿਆਰ ਵਿੱਚ ਸੁਧਾਰ ਕੀਤਾ ਹੈ। ਇਹ ਸਾਰੇ ਕਦਮ ਇੱਕ ਸਪੱਸ਼ਟ ਨੀਤੀਗਤ ਦਿਸ਼ਾ ਭਾਗੀਦਾਰੀ ਰਾਹੀਂ ਸਸ਼ਕਤੀਕਰਨ ਵੱਲ ਇਸ਼ਾਰਾ ਕਰਦੇ ਹਨ। ਹਾਲਾਂਕਿ, ਹੁਣ ਧਿਆਨ ਭਾਗੀਦਾਰੀ ਤੋਂ ਅੱਗੇ ਵਧ ਕੇ ਫੈਸਲਾ ਕਰਨ ਦੀ ਪ੍ਰਕਿਰਿਆ ਤੱਕ ਪਹੁੰਚਣ 'ਤੇ ਕੇਂਦ੍ਰਿਤ ਹੈ।



ਸ਼੍ਰੀਮਤੀ ਅੰਨਪੂਰਣਾ ਦੇਵੀ

ਹੁਣ ਇਹ ਸਵਾਲ ਨਹੀਂ ਰਹਿ ਗਿਆ ਕਿ ਮਹਿਲਾਵਾਂ ਪ੍ਰਭਾਵਸ਼ਾਲੀ ਅਗਵਾਈ ਕਰ ਸਕਦੀਆਂ ਹਨ ਜਾਂ ਨਹੀਂ; ਇਸ ਦੇ ਸਬੂਤ ਪਹਿਲਾਂ ਹੀ ਮੌਜੂਦ ਹਨ। ਹੁਣ ਸਮਾਂ ਆ ਗਿਆ ਹੈ ਕਿ ਭਾਰਤ ਦੀਆਂ ਉੱਚ ਵਿਧਾਨਕ ਸੰਸਥਾਵਾਂ ਮਹਿਲਾ ਨੁਮਾਇੰਦਗੀ ਨੂੰ ਪੂਰੀ ਤਰ੍ਹਾਂ ਅਪਣਾਉਣ ਅਤੇ ਉਸ ਨੂੰ ਵਧਾਉਣ। ਨਾਰੀ ਸ਼ਕਤੀ ਵੰਦਨ ਅਧਿਨਿਯਮ ਨੇ ਪਹਿਲਾਂ ਹੀ ਬੁਨਿਆਦ ਤਿਆਰ ਕਰ ਦਿੱਤੀ ਹੈ, ਜੋ ਅਰਥਪੂਰਨ ਨੁਮਾਇੰਦਗੀ ਲਈ ਇੱਕ ਮਜ਼ਬੂਤ ਢਾਂਚਾਗਤ ਬੁਨਿਆਦ ਪ੍ਰਦਾਨ ਕਰਦਾ ਹੈ। ਸਿਆਸੀ ਪਾਰਟੀਆਂ ਕੋਲ ਹੁਣ ਇਸ ਰਫ਼ਤਾਰ ਨੂੰ ਅੱਗੇ ਵਧਾਉਣ ਉਮੀਦਵਾਰਾਂ ਦੀ ਚੋਣ ਪ੍ਰਕਿਰਿਆ ਨੂੰ ਨਵੀਂ ਤਰ੍ਹਾਂ ਪਰਿਭਾਸ਼ਿਤ ਕਰਨ, ਚੋਣ ਮੁਹਿੰਮ ਲਈ ਵਿੱਤੀ ਸਰੋਤਾਂ ਤੱਕ ਪਹੁੰਚ ਨੂੰ ਵਧਾਉਣ ਅਤੇ ਮਹਿਲਾ ਨੇਤਾਵਾਂ ਲਈ ਸਪੱਸ਼ਟ ਅਤੇ ਮਜ਼ਬੂਤ ਰਾਹ ਪੱਧਰਾ ਕਰਨ ਦਾ ਬੇਹੱਦ ਵੱਡਾ ਮੌਕਾ ਹੈ। ਠੀਕ ਸੁਧਾਰਾਂ ਨਾਲ, ਸਿਆਸੀ ਪਾਰਟੀਆਂ ਵਿਧਾਨਕ ਸਮਾਵੇਸ਼ ਨੂੰ ਵਿਜ਼ਨ ਤੋਂ ਜੀਵੰਤ ਅਤੇ ਹਕੀਕੀ ਰੂਪ ਵਿੱਚ ਬਦਲ ਸਕਦੀਆਂ ਹਨ। ਨਾਰੀ ਸ਼ਕਤੀ ਵੰਦਨ ਅਧਿਨਿਯਮ ਨੇ ਅਸਲ ਸੰਭਾਵਨਾਵਾਂ ਦਾ ਇੱਕ ਮਹੱਤਵਪੂਰਨ ਪਲ ਸਿਰਜਿਆ ਹੈ। ਹੁਣ ਇਸ ਪਲ ਨੂੰ ਸਥਾਈ ਬਦਲਾਅ ਵਿੱਚ ਤਬਦੀਲ ਕਰਨ ਦਾ ਮੌਕਾ ਅਤੇ ਤਾਕਤ ਦੋਵੇਂ ਹੀ ਸਿਆਸੀ ਸੰਸਥਾਵਾਂ, ਪਾਰਟੀਆਂ ਅਤੇ ਨੀਤੀ ਘਾੜਿਆਂ ਕੋਲ ਹਨ। ਤਰੱਕੀ ਦਾ ਅਸਲ ਮਿਆਰ ਉਨ੍ਹਾਂ ਮਹਿਲਾਵਾਂ ਵਿੱਚ ਦੇਖਣ ਨੂੰ ਮਿਲੇਗਾ ਜੋ ਸਿਰਫ਼ ਸੀਟਾਂ 'ਤੇ ਬੈਠਦੀਆਂ ਹੀ ਨਹੀਂ, ਸਗੋਂ ਉਨ੍ਹਾਂ ਨੂੰ ਅਧਿਕਾਰ ਨਾਲ ਚਲਾਉਂਦੀਆਂ ਵੀ ਹਨ—ਜੋ ਦਲੇਰਾਨਾ ਕਾਨੂੰਨ ਤਿਆਰ ਕਰਦੀਆਂ ਹਨ, ਬਦਲਾਅਕਾਰੀ ਏਜੰਡੇ ਤੈਅ ਕਰਦੀਆਂ ਹਨ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਸ਼ਾਸਨ ਦੇ ਸਰੂਪ ਨੂੰ ਨਵਾਂ ਰੂਪ ਦਿੰਦੀਆਂ ਹਨ। ਇਸ ਬਿੱਲ ਦੇ ਲਾਗੂ ਹੋਣ ਨਾਲ, ਭਾਰਤ ਦੀਆਂ ਵਿਧਾਨ ਸਭਾਵਾਂ ਦਾ ਕੇਵਲ ਢਾਂਚਾ ਹੀ ਨਹੀਂ ਬਦਲੇਗਾ—ਸਗੋਂ ਉਨ੍ਹਾਂ ਦੇ ਉਦੇਸ਼, ਤਾਕਤ ਅਤੇ ਵਾਅਦੇ ਵੀ ਬਦਲਣਗੇ।

**(ਭਾਰਤ ਸਰਕਾਰ ਦੇ ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਹਨ)**

# ਭਾਰਤੀ ਸ਼ਾਸਨ ਪ੍ਰਣਾਲੀ ਨੂੰ ਨਵਾਂ ਰੂਪ ਦੇ ਰਿਹਾ ਹੈ ਮਿਸ਼ਨ ਕਰਮਯੋਗੀ


ਕਲਪਨਾ ਕਰੋ ਕਿ ਰਾਜਸਥਾਨ ਦੇ ਦੂਰ-ਦੁਰਾਡੇ ਕਿਸੇ ਕੋਨੇ ਵਿੱਚ ਇੱਕ ਜ਼ਿਲ੍ਹਾ ਕਲੈਕਟਰ ਨੂੰ ਇੱਕ ਅਜਿਹੀ ਅਭਿਲਾਸ਼ੀ ਭਲਾਈ ਯੋਜਨਾ ਦੀ ਜ਼ਿੰਮੇਵਾਰੀ ਸੌਂਪੀ ਜਾਂਦੀ ਹੈ, ਜਿਸ ਬਾਰੇ ਉਸ ਨੂੰ ਜਾਣਕਾਰੀ ਬਹੁਤ ਘੱਟ ਹੈ। ਇੱਕ ਦਹਾਕਾ ਪਹਿਲਾਂ ਉਸ ਨੂੰ ਜਾਣਕਾਰੀ ਲਈ ਕਿਤੇ ਧੂੜ ਖਾ ਰਹੀ ਕਿਸੇ ਨਿਯਮਾਵਲੀ ਦਾ ਸਹਾਰਾ ਲੈਣਾ ਪੈਂਦਾ ਸੀ। ਜਾਂ ਫਿਰ ਉਹ ਆਪਣੇ ਕਿਸੇ ਸੀਨੀਅਰ ਸਹਿਕਰਮੀ ਦੀਆਂ ਤਿੰਨ ਮੀਟਿੰਗਾਂ ਅਤੇ ਲੰਚ ਤੋਂ ਬਾਅਦ ਵਿਹਲੇ ਹੋਣ ਦਾ ਇੰਤਜ਼ਾਰ ਕਰਦਾ ਸੀ। ਉਸ ਦੀ ਉਮੀਦ ਉਸ ਸਿਖਲਾਈ ਪ੍ਰੋਗਰਾਮ 'ਤੇ ਵੀ ਟਿਕੀ ਹੋ ਸਕਦੀ ਸੀ ਜੋ ਸ਼ਾਇਦ ਇੱਕ ਜਾਂ ਦੋ ਸਾਲ ਵਿੱਚ ਕਦੇ ਆਉਂਦਾ। ਪਰ ਅੱਜ ਉਹ ਆਪਣੇ ਫੋਨ ਰਾਹੀਂ ਆਈਗੌਟ (ਇੰਟੀਗ੍ਰੇਟਡ ਗਵਰਨਮੈਂਟ ਆਨਲਾਈਨ ਟ?ਰੇਨਿੰਗ ਪਲੇਟਫਾਰਮ) 'ਤੇ ਲੌਗ ਆਨ ਕਰਦਾ ਹੈ। ਉਸ ਨੂੰ ਮਿੰਟਾਂ ਵਿੱਚ ਹੀ ਆਪਣੀ ਲੋੜ ਅਨੁਸਾਰ ਇੱਕ ਸੁਵਿਧਾਜਨਕ ਕਾਰਗੁਜ਼ਾਰੀ-ਅਧਾਰਤ ਪਾਠਕ੍ਰਮ ਮਿਲ ਜਾਂਦਾ ਹੈ। ਉਹ ਸ਼ਾਮ ਤੱਕ ਜਾਣਕਾਰੀਆਂ ਅਤੇ ਆਤਮਵਿਸ਼ਵਾਸ ਨਾਲ ਲੈਸ ਹੋ ਕੇ ਯੋਜਨਾ ਦੇ ਲਾਭਪਾਤਰੀਆਂ ਦੀ ਪਹਿਲੀ ਮੀਟਿੰਗ ਦੀ ਅਗਵਾਈ ਕਰ ਰਿਹਾ ਹੁੰਦਾ ਹੈ। ਇਹ ਬਦਲਾਅ ਵੇਖਣ ਵਿੱਚ ਛੋਟਾ ਲੱਗ ਸਕਦਾ ਹੈ ਪਰ ਅਸਲ ਵਿੱਚ ਇਹ ਕਿਸੇ ਕ੍ਰਾਂਤੀ ਤੋਂ ਘੱਟ ਨਹੀਂ ਹੈ।

ਚਮਕ-ਧਮਕ ਤੋਂ ਦੂਰ ਠਰੰਮੇ ਨਾਲ ਪੰਜ ਸਾਲ ਪਹਿਲਾਂ ਸ਼ੁਰੂ ਕੀਤਾ ਗਿਆ ਮਿਸ਼ਨ ਕਰਮਯੋਗੀ ਇੱਕ ਕ੍ਰਾਂਤੀ ਲਿਆ ਰਿਹਾ ਹੈ। ਇਹ ਨਵੇਂ ਭਾਰਤ ਲਈ ਇੱਕ ਨਵੇਂ ਕਿਸਮ ਦੇ ਪ੍ਰਸ਼ਾਸਨਿਕ ਅਧਿਕਾਰੀ ਤਿਆਰ ਕਰਨ ਦੇ ਮੰਤਵ ਨਾਲ ਚੁੱਪ-ਚਾਪ ਕੰਮ ਕਰ ਰਿਹਾ ਹੈ।

ਇਸ ਦੇ ਮਹੱਤਵ ਨੂੰ ਸਮਝਣ ਲਈ ਸਾਨੂੰ ਪਹਿਲਾਂ ਸੰਦਰਭ ਨੂੰ ਜਾਣਨਾ ਹੋਵੇਗਾ। 2047 ਤੱਕ ਵਿਕਸਿਤ ਭਾਰਤ ਦੇ ਪ੍ਰਧਾਨ ਮੰਤਰੀ ਦੇ ਤੈਅ ਟੀਚੇ ਤੱਕ ਇੰਝ ਹੀ ਨਹੀਂ ਪਹੁੰਚਿਆ ਜਾ ਸਕਦਾ। ਇਸ ਮੰਜ਼ਿਲ ਤੱਕ ਪਹੁੰਚਣ ਲਈ ਸਾਨੂੰ ਭਾਰਤੀ ਗਣਤੰਤਰ ਨੂੰ ਚਲਾਉਣ ਵਾਲੀਆਂ ਸੰਸਥਾਵਾਂ ਅਤੇ ਵਿਅਕਤੀਆਂ ਰਾਹੀਂ ਸਾਵਧਾਨੀ ਨਾਲ ਇੱਕ-ਇੱਕ ਕਦਮ ਅੱਗੇ ਵਧਾਉਣਾ ਹੋਵੇਗਾ। ਇਸ ਯਾਤਰਾ ਵਿੱਚ ਸਭ ਤੋਂ ਮਹੱਤਵਪੂਰਨ ਪੂੰਜੀ, ਤਕਨੀਕ ਜਾਂ ਨੀਤੀ ਨਹੀਂ ਹੈ। ਸਭ ਤੋਂ ਵੱਧ ਅਹਿਮੀਅਤ ਉਨ੍ਹਾਂ ਲਗਭਗ 3.5 ਕਰੋੜ ਸਿਖਲਾਈ ਹਾਸਲ, ਉਤਸ਼ਾਹੀ ਅਤੇ ਨਾਗਰਿਕ-ਕੇਂਦਰਿਤ ਸਰਕਾਰੀ ਕਰਮਚਾਰੀਆਂ ਦੀ ਸਮਰੱਥਾ ਦੀ ਹੈ ਜੋ ਹਰ ਸਵੇਰ ਉੱਠ ਕੇ ਭਾਰਤੀ ਸ਼ਾਸਨ ਨੂੰ ਚਲਾਉਂਦੇ ਹਨ।

ਆਜ਼ਾਦ ਭਾਰਤ ਦੇ ਇਤਿਹਾਸ ਵਿੱਚ ਜ਼ਿਆਦਾਤਰ ਸਮੇਂ ਸਮਰੱਥਾ ਨਿਰਮਾਣ ਦਾ ਮਾਡਲ ਇਤਫ਼ਾਕੀਆ ਰਿਹਾ ਹੈ। ਕਿਸੇ ਨੌਜਵਾਨ ਅਧਿਕਾਰੀ ਨੂੰ ਸੇਵਾ ਦੀ ਸ਼ੁਰੂਆਤ ਸਮੇਂ ਰਸਮੀ ਸਿਖਲਾਈ ਦਿੱਤੀ ਜਾਂਦੀ ਸੀ। ਫਿਰ ਕਰੀਅਰ ਦਰਮਿਆਨ ਕਦੇ-ਕਦੇ ਉਸ ਨੂੰ ਕੁਝ ਪਾਠਕ੍ਰਮਾਂ ਵਿੱਚ ਹਿੱਸਾ ਲੈਣ ਦਾ ਮੌਕਾ ਮਿਲ ਸਕਦਾ ਸੀ। ਬਾਕੀ, ਉਸ ਨੂੰ ਕੰਮ ਕਰਦੇ ਹੋਏ ਅਤੇ ਹੋਰਾਂ ਨੂੰ ਵੇਖ ਕੇ ਹੀ ਸਿੱਖਣਾ ਪੈਂਦਾ ਸੀ। ਇੱਕ ਸਥਿਰ ਅਤੇ ਹੌਲੀ ਗਤੀ ਨਾਲ ਅੱਗੇ ਵਧਦੇ ਸੰਸਾਰ ਵਿੱਚ ਇਹ ਕਾਫ਼ੀ ਸੀ। ਪਰ ਮਸਨੂਈ ਬੁੱਧੀ, ਜਲਵਾਯੂ ਰੁਕਾਵਟਾਂ, ਜਨਸੰਖਿਅਕ ਦਬਾਅ ਅਤੇ ਭਾਰੀ ਤਕਨੀਕੀ ਬਦਲਾਅ ਦੇ ਯੁੱਗ ਵਿੱਚ ਇਹ ਬਿਲਕੁਲ ਨਾਕਾਫ਼ੀ ਹੈ। ਪ੍ਰਸ਼ਾਸਨ ਦੇ ਸਾਹਮਣੇ ਚੁਣੌਤੀਆਂ ਜਿਸ ਰਫ਼ਤਾਰ ਨਾਲ ਆਉਂਦੀਆਂ ਹਨ, ਉਸ ਦੇ ਮੁਕਾਬਲੇ ਸਿਖਲਾਈ ਦੀਆਂ ਪੁਰਾਣੀਆਂ ਪ੍ਰਣਾਲੀਆਂ ਦੀ ਗਤੀ ਕਿਤੇ ਨਹੀਂ ਟਿਕਦੀ। 'ਮਿਸ਼ਨ ਕਰਮਯੋਗੀ' ਨੂੰ ਇਸੇ ਬੇਮੇਲ ਸਥਿਤੀ ਦੇ ਹੱਲ ਵਜੋਂ ਲਿਆਂਦਾ ਗਿਆ ਸੀ। 2021 ਵਿੱਚ ਸ਼ੁਰੂ ਕੀਤਾ ਗਿਆ ਇਹ ਮਿਸ਼ਨ—ਜਿਸ ਨੂੰ ਉਸੇ ਸਾਲ ਅਪ੍ਰੈਲ ਵਿੱਚ ਸਥਾਪਤ 'ਸਮਰੱਥਾ ਨਿਰਮਾਣ ਆਯੋਗ' ਵੱਲੋਂ ਸੰਸਥਾਗਤ ਤੌਰ 'ਤੇ ਚਲਾਇਆ ਗਿਆ—ਇੱਕ ਵਾਕਈ ਅਭਿਲਾਸ਼ੀ ਟੀਚਾ ਹਾਸਲ ਕਰਨ ਲਈ ਅੱਗੇ ਵਧਿਆ। ਭਾਰਤੀ ਸਿਵਲ ਸੇਵਾਵਾਂ ਦੀ ਸਿੱਖਣ ਸੰਸਕ੍ਰਿਤੀ ਨੂੰ, ਸਮੇਂ-ਸਮੇਂ 'ਤੇ ਹੋਣ ਵਾਲੀ ਅਤੇ ਕੇਵਲ ਨਿਯਮਾਂ ਦੇ ਪਾਲਣ ਤੱਕ ਸੀਮਿਤ ਪ੍ਰਕਿਰਿਆ ਤੋਂ ਬਦਲ ਕੇ, ਇੱਕ ਨਿਰੰਤਰ ਚੱਲਣ ਵਾਲੀ, ਭੂਮਿਕਾ-ਅਧਾਰਤ ਅਤੇ ਸਵੈ-ਨਿਰਦੇਸ਼ਿਤ ਵਿਕਾਸ ਯਾਤਰਾ ਵਿੱਚ ਤਬਦੀਲ ਕਰਨਾ ਇਸ ਦਾ ਮਕਸਦ ਹੈ। ਜਿਵੇਂ ਕਿ ਆਯੋਗ ਇਸ ਦਾ ਵਰਣਨ ਕਰਦਾ ਹੈ, ਇਹ ਬਦਲਾਅ 'ਕਰਮਚਾਰੀ'—ਅਰਥਾਤ ਨਿਯਮਾਂ ਦਾ ਪਾਲਣ ਕਰਨ ਵਾਲੇ ਇੱਕ ਅਧਿਕਾਰੀ ਤੋਂ 'ਕਰਮਯੋਗੀ' ਬਣਨ ਵੱਲ ਹੈ: ਇੱਕ ਅਜਿਹਾ ਲੋਕ ਸੇਵਕ ਜੋ ਕਿਸੇ ਮੰਤਵ, ਸੇਵਾ-ਭਾਵਨਾ ਅਤੇ ਉੱਤਮਤਾ ਤੋਂ ਪ੍ਰੇਰਿਤ ਹੋਵੇ। ਪੰਜ ਸਾਲਾਂ ਬਾਅਦ, ਇਹ ਅੰਕੜੇ ਬਹੁਤ ਹੀ ਸਿੱਖਿਆਦਾਇਕ ਹਨ। 'ਆਈਗੌਟ' (ਇੰਟੀਗ੍ਰੇਟਡ ਗਵਰਨਮੈਂਟ ਆਨਲਾਈਨ ਟ?ਰੇਨਿੰਗ) ਪਲੇਟਫਾਰਮ 'ਤੇ ਹੁਣ 1.5 ਕਰੋੜ ਤੋਂ ਵੱਧ ਸਰਕਾਰੀ ਅਧਿਕਾਰੀ ਸਰਗਰਮ ਸਿੱਖਿਆਰਥੀ ਵਜੋਂ ਜੁੜੇ ਹੋਏ ਹਨ — ਇਹ ਇੱਕ ਅਜਿਹੀ ਗਿਣਤੀ ਹੈ, ਜੋ ਸ਼ੁਰੂਆਤ ਦੇ ਸਮੇਂ ਕਲਪਨਾਤਮਕ ਲੱਗਦੀ ਸੀ। 4,600 ਤੋਂ ਵੱਧ ਯੋਗਤਾ-ਅਧਾਰਤ ਪਾਠਕ੍ਰਮਾਂ ਰਾਹੀਂ, ਇਨ੍ਹਾਂ ਅਧਿਕਾਰੀਆਂ ਨੇ 8.3 ਕਰੋੜ ਤੋਂ ਵੱਧ ਕੋਰਸ ਪੂਰੇ ਕੀਤੇ ਹਨ। ਕੇਵਲ ਪਿਛਲੇ 'ਰਾਸ਼ਟਰੀ ਸਿਖਲਾਈ ਹਫ਼ਤੇ' ਦੌਰਾਨ, ਭਾਗੀਦਾਰੀ ਦੇ ਨਤੀਜੇ ਵਜੋਂ 4.5 ਮਿਲੀਅਨ ਘੰਟਿਆਂ ਦੇ ਕੋਰਸ ਰਜਿਸਟਰੇਸ਼ਨ ਅਤੇ 3.8 ਮਿਲੀਅਨ ਘੰਟਿਆਂ ਦੀ ਅਸਲ ਸਿੱਖਿਆ ਦਰਜ ਕੀਤੀ ਗਈ। ਇਹ ਸਿਰਫ਼ ਸੰਖੇਪ ਅੰਕੜੇ ਨਹੀਂ ਹਨ। ਦਰਜ ਕੀਤਾ ਗਿਆ ਹਰ ਇੱਕ ਘੰਟਾ ਭਾਰਤ ਵਿੱਚ ਕਿਤੇ ਨਾ ਕਿਤੇ ਇੱਕ ਲੋਕ ਸੇਵਕ ਦੀ ਨੁਮਾਇੰਦਗੀ ਕਰਦਾ ਹੈ — ਛੱਤੀਸਗੜ੍ਹ ਵਿੱਚ ਇੱਕ ਰੈਵਿਨਿਊ ਇੰਸਪੈਕਟਰ, ਪੁਣੇ ਵਿੱਚ ਇੱਕ ਸ਼ਹਿਰੀ ਸਥਾਨਕ ਸੰਸਥਾ ਅਧਿਕਾਰੀ, ਮਣੀਪੁਰ ਵਿੱਚ ਇੱਕ ਸਿਹਤ ਕਰਮਚਾਰੀ — ਇਹ ਸਾਰੇ ਆਪਣੇ ਸਾਥੀ ਨਾਗਰਿਕਾਂ ਦੀ ਬਿਹਤਰ ਸੇਵਾ ਕਰਨ ਲਈ ਆਪਣੀ ਸਮਰੱਥਾ ਵਧਾ ਰਹੇ ਹਨ।

ਜੋ ਗੱਲ ਆਈਗੌਟ ਪਲੇਟਫਾਰਮ ਨੂੰ ਅਸਲ ਵਿੱਚ ਬਦਲਾਅਕਾਰੀ ਬਣਾਉਂਦੀ ਹੈ, ਉਹ ਸਿਰਫ਼ ਇਸ ਦਾ ਪੈਮਾਨਾ ਨਹੀਂ, ਸਗੋਂ ਇਸ ਦੀ 'ਪਹੁੰਚ ਦੀ ਬਣਤਰ' ਹੈ। ਇਹ ਕਿਸੇ ਵੀ ਸਮੇਂ ਅਤੇ ਕਿਸੇ ਵੀ ਥਾਂ, ਸਮਾਰਟਫੋਨ ਜਾਂ ਡੈਸਕਟਾਪ 'ਤੇ, ਕਈ ਭਾਸ਼ਾਵਾਂ ਵਿੱਚ ਉਪਲਬਧ ਹੈ, ਅਤੇ ਇਸ ਨੂੰ ਸਿੱਖਿਆਰਥੀ ਦੇ ਪੇਸ਼ਾਵਰ ਪ੍ਰੋਫ਼ਾਈਲ ਅਨੁਸਾਰ ਤਿਆਰ ਕੀਤਾ ਗਿਆ ਹੈ। ਪਾਠਕ੍ਰਮਾਂ ਨੂੰ ਹਰ ਤਿੰਨ ਤੋਂ ਛੇ ਮਹੀਨੇ ਵਿੱਚ ਅਪਡੇਟ ਕੀਤਾ ਜਾਂਦਾ ਹੈ, ਜਿਸ ਨਾਲ ਇਹ ਯਕੀਨੀ ਬਣਾਇਆ ਜਾਂਦਾ ਹੈ ਕਿ ਸ਼ਾਸਨ ਵਿੱਚ ਏਆਈ ਟੂਲਾਂ ਦਾ ਉਪਯੋਗ ਕਿਵੇਂ ਕਰਨਾ ਹੈ ਜਾਂ ਨਵੇਂ ਵਿੱਤੀ ਨਿਯਮਾਂ ਨੂੰ ਕਿਵੇਂ ਸਮਝਣਾ ਹੈ — ਇਸ ਨਾਲ ਸਬੰਧਤ ਸਮੱਗਰੀ ਤਾਜ਼ਾ ਅਤੇ ਪ੍ਰਸੰਗਿਕ ਰਹੇ। ਦੂਜੇ ਸ਼ਬਦਾਂ ਵਿੱਚ, ਇਹ ਪਲੇਟਫਾਰਮ ਧੂੜ 'ਚ ਦੱਬੀ ਜਾਣ ਵਾਲੀ ਕੋਈ ਡਿਜ਼ੀਟਲ ਲਾਇਬ੍ਰੇਰੀ ਨਹੀਂ ਹੈ — ਬਲਕਿ ਇਹ ਸਿੱਖਣ ਦਾ ਇੱਕ ਜੀਵੰਤ ਅਤੇ ਅਨੁਕੂਲ ਤੰਤਰ ਹੈ। ਇਸ ਬਾਰੇ ਸੋਚੋ ਕਿ ਇੱਕ ਆਦਿਵਾਸੀ ਜ਼ਿਲ੍ਹੇ ਦੀ ਜੂਨੀਅਰ ਆਂਗਣਵਾੜੀ ਵਰਕਰ ਲਈ ਇਸ ਦਾ ਕੀ ਅਰਥ ਹੈ, ਜਿਸ ਨੂੰ ਉਸ ਦੀ ਆਪਣੀ ਭਾਸ਼ਾ ਵਿੱਚ ਬਾਲ ਪੋਸ਼ਣ ਮੁਲਾਂਕਣ ਦੇ ਨਵੇਂ ਪ੍ਰੋਟੋਕਾਲ ਸਮਝਾਉਣ ਵਾਲਾ ਇੱਕ ਮੌਡੀਊਲ ਮਿਲਦਾ ਹੈ। ਉਸ ਨੂੰ ਆਪਣੇ ਬਲਾਕ ਵਿੱਚ ਕਿਸੇ ਟ?ਰੇਨਰ ਦੇ ਆਉਣ ਦੀ ਉਡੀਕ ਕਰਨ ਦੀ ਲੋੜ ਨਹੀਂ ਪੈਂਦੀ। ਉਹ ਸਿੱਖਦੀ ਹੈ ਅਤੇ ਕੰਮ ਕਰਦੀ ਹੈ। ਇਹੀ ਇਸ ਮਿਸ਼ਨ ਦਾ 'ਲੋਕਤੰਤਰੀ ਲਾਭਅੰਸ਼' ਹੈ। ਸਮਰੱਥਾ ਨਿਰਮਾਣ ਆਯੋਗ, ਇਸ ਤੰਤਰ ਦੇ ਰਣਨੀਤਿਕ ਰਾਖੇ ਵਜੋਂ, ਇੱਕੋ ਸਮੇਂ 'ਆਰਕੀਟੈਕਟ' ਅਤੇ 'ਸੰਚਾਲਕ' ਦੋਵਾਂ ਦੀ ਭੂਮਿਕਾ ਨਿਭਾਉਂਦਾ ਹੈ। ਰਾਸ਼ਟਰੀ ਨੀਤੀ ਬਣਾਉਣ ਵਾਲੇ ਇੱਕ ਸਕੱਤਰ ਤੋਂ ਲੈ ਕੇ ਪਿੰਡ ਪੱਧਰ 'ਤੇ ਇਸ ਨੂੰ ਲਾਗੂ ਕਰਨ ਵਾਲੇ ਇੱਕ ਪੰਚਾਇਤ ਅਧਿਕਾਰੀ ਤੱਕ, ਇਹ ਇਹ ਤੈਅ ਕਰਦਾ ਹੈ ਕਿ ਜਨਤਕ ਭੂਮਿਕਾਵਾਂ ਦੇ ਵਿਸ਼ਾਲ ਖੇਤਰ ਵਿੱਚ ਕਿਹੜੀਆਂ ਯੋਗਤਾਵਾਂ ਦੀ ਲੋੜ ਹੈ। ਇਹ ਸਿਵਲ ਸੇਵਾ ਸਿਖਲਾਈ ਸੰਸਥਾਵਾਂ ਲਈ ਨੈਸ਼ਨਲ ਸਟੈਂਡਰਡ 2.0 ਫਰੇਮਵਰਕ ਰਾਹੀਂ ਦੇਸ਼ ਦੇ ਸਿਖਲਾਈ ਸੰਸਥਾਨਾਂ ਲਈ ਗੁਣਵੱਤਾ ਮਾਪਦੰਡ ਤੈਅ ਕਰਦਾ ਹੈ, ਜਿਸ ਦੇ ਅਧੀਨ ਦੇਸ਼ ਭਰ ਦੇ 200 ਤੋਂ ਵੱਧ ਸਿਖਲਾਈ ਸੰਸਥਾਨ ਪਹਿਲਾਂ ਹੀ ਮਾਨਤਾ ਪ੍ਰਾਪਤ ਕਰ ਚੁੱਕੇ ਹਨ। ਇਹ ਰਾਜਾਂ ਨਾਲ ਮਿਲ ਕੇ ਕੰਮ ਕਰਦਾ ਹੈ। ਸਾਰੇ 30 ਰਾਜ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਹੁਣ ਰਸਮੀ ਸਮਝੌਤਾ ਪੱਤਰਾਂ ਰਾਹੀਂ ਜੁੜ ਚੁੱਕੇ ਹਨ ਤਾਂ ਜੋ ਵਿਸ਼ੇਸ਼ 'ਸਮਰੱਥਾ ਨਿਰਮਾਣ ਯੋਜਨਾਵਾਂ' ਤਿਆਰ ਕੀਤੀਆਂ ਜਾ ਸਕਣ ਜੋ ਕਿਰਤਬਲ ਦੀਆਂ ਯੋਗਤਾਵਾਂ ਨੂੰ ਸੰਗਠਨਾਤਮਕ ਟੀਚਿਆਂ ਨਾਲ ਜੋੜਦੀਆਂ ਹਨ। 'ਰਾਸ਼ਟਰੀ ਕਰਮਯੋਗੀ ਜਨ ਸੇਵਾ ਪ੍ਰੋਗਰਾਮ' ਵਰਗੀਆਂ ਇਤਿਹਾਸਕ ਪਹਿਲਕਦਮੀਆਂ ਰਾਹੀਂ, ਇਸ ਨੇ ਇੱਕ ਮਿਲੀਅਨ ਤੋਂ ਵੱਧ ਪ੍ਰਮਾਣਿਤ ਅਧਿਕਾਰੀਆਂ ਨੂੰ ਵੱਡੇ ਪੱਧਰ 'ਤੇ ਵਿਵਹਾਰਕ ਸਿਖਲਾਈ ਦਿੱਤੀ ਹੈ — ਜੋ ਹਰ ਨਾਗਰਿਕ ਨੂੰ ਅੰਤਿਮ ਹਿੱਸੇਦਾਰ ਵਜੋਂ ਦੇਖਣ ਦੀ ਸੂਖ਼ਮ ਪਰ ਮਹੱਤਵਪੂਰਨ ਕਲਾ ਹੈ। ਮਿਸ਼ਨ ਦੇ ਇਸ ਅੰਤਿਮ ਪੱਖ 'ਤੇ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ, ਕਿਉਂਕਿ ਇਹ ਇੱਕ ਅਜਿਹੀ ਚੀਜ਼ ਨਾਲ ਸਬੰਧਤ ਹੈ ਜਿਸ ਨੂੰ 'ਪੂਰਨਤਾ ਪ੍ਰਮਾਣ ਪੱਤਰ' ਜਾਂ 'ਲੌਗ ਕੀਤੇ ਘੰਟਿਆਂ' ਵਿੱਚ ਆਸਾਨੀ ਨਾਲ ਨਹੀਂ ਮਾਪਿਆ ਜਾ ਸਕਦਾ। ਮਿਸ਼ਨ ਕਰਮਯੋਗੀ ਦੀਆਂ ਸਭ ਤੋਂ ਡੂੰਘੀਆਂ ਆਸਾਂ ਵਿੱਚੋਂ ਇੱਕ ਹੈ—ਦ੍ਰਿਸ਼ਟੀਕੋਣ ਵਿੱਚ ਬਦਲਾਅ। ਇਹ ਰਾਜ ਅਤੇ ਨਾਗਰਿਕ ਵਿਚਕਾਰ ਇੱਕ 'ਲੈਣ-ਦੇਣ' ਵਾਲੇ ਰਿਸ਼ਤੇ ਤੋਂ ਹਟ ਕੇ 'ਨਾਗਰਿਕ ਦੇਵੋ ਭਵ' ਦੀ ਭਾਵਨਾ ਨਾਲ ਪਰਿਭਾਸ਼ਿਤ ਰਿਸ਼ਤੇ ਵੱਲ ਇੱਕ ਮੁਹਿੰਮ ਹੈ: ਨਾਗਰਿਕ ਪਰਮਾਤਮਾ ਦੇ ਸਮਾਨ ਹੈ, ਉਹ ਸਭ ਤੋਂ ਉੱਚਾ ਅਧਿਕਾਰੀ ਹੈ, ਜਿਸ ਦੇ ਪ੍ਰਤੀ ਰਾਜ ਦਾ ਸੇਵਕ ਜਵਾਬਦੇਹ ਹੈ। ਜਦੋਂ ਰੇਲਵੇ ਕਾਊਂਟਰਾਂ, ਮਾਲ ਦਫ਼ਤਰਾਂ ਅਤੇ ਸਿਹਤ ਕੇਂਦਰਾਂ 'ਤੇ ਨਾਗਰਿਕ-ਕੇਂਦਰਿਤ ਅਧਿਕਾਰੀਆਂ ਨੂੰ ਇਸ ਦੇ ਤਹਿਤ ਸਿਖਲਾਈ ਦਿੱਤੀ ਗਈ ਅਤੇ ਬਾਅਦ ਵਿੱਚ ਨਾਗਰਿਕਾਂ ਦਾ ਸਰਵੇਂਣ ਕੀਤਾ ਗਿਆ, ਤਾਂ ਪ੍ਰਤੀਕ੍ਰਿਆ ਹੈਰਾਨ ਕਰਨ ਵਾਲੀ ਸੀ। ਉਨ੍ਹਾਂ ਨੇ ਬਦਲਾਅ ਨੂੰ ਮਹਿਸੂਸ ਕੀਤਾ। ਸਿਰਫ਼ ਯੋਗਤਾ ਵਿੱਚ ਹੀ ਨਹੀਂ, ਸਗੋਂ ਵਿਹਾਰ ਦੀ ਆਪਣੇਪਣ, ਤਤਪਰਤਾ ਅਤੇ ਗੱਲਬਾਤ ਦੀ ਮਨੁੱਖੀ ਗੁਣਵੱਤਾ ਵਿੱਚ ਵੀ। ਇੱਕ ਅਜਿਹੇ ਯੁੱਗ ਵਿੱਚ ਜਦੋਂ ਏਆਈ ਪ੍ਰਸ਼ਾਸਨਿਕ ਕੰਮਾਂ ਦੇ ਵੱਡੇ ਹਿੱਸਿਆਂ ਨੂੰ ਆਟੋਮੇਟ ਕਰਨ ਦੀ ਚੁਣੌਤੀ ਦੇ ਰਿਹਾ ਹੈ, ਇਹ ਮਨੁੱਖੀ ਪੱਖ—ਜੋ ਹਮਦਰਦੀ ਭਰਪੂਰ, ਸੱਭਿਆਚਾਰਕ ਤੌਰ 'ਤੇ ਜਾਗਰੂਕ ਅਤੇ ਸਥਾਨਕ ਮੂਲ ਨਾਲ ਜੁੜਿਆ ਹੋਇਆ ਹੈ—ਇਹ ਕੋਈ ਗੈਰ-ਜ਼ਰੂਰੀ ਚੀਜ਼ ਨਹੀਂ, ਸਗੋਂ ਭਾਰਤ ਦੇ ਸ਼ਾਸਨ ਦੀ ਸਭ ਤੋਂ ਵੱਡੀ ਤਾਕਤ ਹੈ।



ਡਾ. ਜਿਤੇਂਦਰ ਸਿੰਘ

ਇਸ ਮਿਸ਼ਨ ਨੇ ਆਪਣੀਆਂ ਤਕਨੀਕੀ ਅਭਿਲਾਸ਼ਾਵਾਂ ਦੇ ਨਾਲ-ਨਾਲ ਭਾਰਤ ਦੀ ਬੌਧਿਕ ਵਿਰਾਸਤ ਦਾ ਸਤਿਕਾਰ ਕਰਨ ਦਾ ਵੀ ਇੱਕ ਜਾਗਰੂਕ ਯਤਨ ਕੀਤਾ ਹੈ। 'ਭਾਰਤੀ ਗਿਆਨ ਪ੍ਰਣਾਲੀ ਸੈੱਲ' ਰਾਹੀਂ, ਪਰੰਪਰਾਗਤ ਗਿਆਨ—ਜਿਸ ਵਿੱਚ ਭਾਈਚਾਰਕ ਸ਼ਾਸਨ ਅਤੇ ਖੇਤੀਬਾੜੀ ਤੋਂ ਲੈ ਕੇ ਵਿੱਤ ਅਤੇ ਸਿਹਤ ਸੇਵਾ ਤੱਕ ਦੇ ਖੇਤਰ ਸ਼ਾਮਲ ਹਨ—ਨੂੰ ਸਿਖਲਾਈ ਸਮੱਗਰੀ ਦੇ ਤਾਣੇ-ਬਾਣੇ ਵਿੱਚ ਬੁਣਿਆ ਜਾ ਰਿਹਾ ਹੈ; ਇਸ ਨੂੰ ਸਿਰਫ਼ ਅਤੀਤ ਦੀਆਂ ਯਾਦਾਂ ਵਜੋਂ ਨਹੀਂ, ਸਗੋਂ ਇੱਕ ਜੀਵੰਤ ਗਿਆਨ ਵਜੋਂ ਪੇਸ਼ ਕੀਤਾ ਜਾ ਰਿਹਾ ਹੈ। 'ਅੰਮ੍ਰਿਤ ਗਿਆਨ ਕੋਸ਼' ਭੰਡਾਰ, ਜਿਸ ਵਿੱਚ 70 ਤੋਂ ਵੱਧ ਪੂਰੀਆਂ ਕੇਸ ਅਧਿਐਨ ਸ਼ਾਮਲ ਹਨ, ਜੋ ਸ਼ਾਸਨ-ਪ੍ਰਸ਼ਾਸਨ ਨਾਲ ਸਬੰਧਤ ਅਜਿਹੇ ਗਿਆਨ ਦਾ ਇੱਕ ਸੰਗ੍ਰਹਿ ਤਿਆਰ ਕਰ ਰਿਹਾ ਹੈ ਜਿਸ ਦੀਆਂ ਜੜ੍ਹਾਂ ਭਾਰਤੀ ਸੰਦਰਭਾਂ ਅਤੇ ਭਾਰਤੀ ਹੱਲਾਂ ਵਿੱਚ ਸਮਾਈਆਂ ਹੋਈਆਂ ਹਨ। ਪ੍ਰਸ਼ਾਸਨਿਕ ਸੋਚ ਦਾ ਇਹ 'ਬਸਤੀਵਾਦ ਤੋਂ ਮੁਕਤੀ', ਜਿਸ ਦੇ ਤਹਿਤ ਭਾਰਤੀ ਲੋਕ ਸੇਵਕਾਂ ਨੂੰ ਆਧੁਨਿਕ ਚੁਣੌਤੀਆਂ ਦਾ ਸਾਹਮਣਾ ਕਰਦੇ ਹੋਏ ਆਪਣੀ ਹੀ ਸਭਿਆਚਾਰਕ ਵਿਰਾਸਤ ਨਾਲ ਆਤਮਵਿਸ਼ਵਾਸ ਨਾਲ ਜੁੜਨ ਵੱਲ ਮੋੜਿਆ ਜਾਂਦਾ ਹੈ, ਜੋ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀਆਂ ਪ੍ਰਮੁੱਖ ਅਭਿਲਾਸ਼ਾਵਾਂ ਵਿੱਚੋਂ ਇੱਕ ਹੈ ਅਤੇ 'ਮਿਸ਼ਨ ਕਰਮਯੋਗੀ' ਇਸੇ ਆਸ ਨੂੰ ਅਮਲੀ ਰੂਪ ਦੇ ਰਿਹਾ ਹੈ। 'ਸਾਧਨਾ' ਹਫ਼ਤਾ — 2 ਤੋਂ 8 ਅਪ੍ਰੈਲ ਤੱਕ ਮਨਾਇਆ ਜਾਣ ਵਾਲਾ ਰਾਸ਼ਟਰੀ ਸਿਖਲਾਈ ਹਫ਼ਤਾ — ਇਸ ਪੰਜ ਸਾਲਾਂ ਦੀ ਯਾਤਰਾ ਦਾ ਜਸ਼ਨ ਵੀ ਹੈ ਅਤੇ ਇਸ ਦੇ ਅੱਧਵਾਟੇ ਪਏ ਕੰਮਾਂ ਪ੍ਰਤੀ ਨਵਾਂ ਸੰਕਲਪ ਵੀ ਹੈ। 'ਸਾਧਨਾ' ਸ਼ਬਦ ਇੱਥੇ ਬਹੁਤ ਹੀ ਢੁਕਵਾਂ ਹੈ। ਇਸ ਦਾ ਅਰਥ ਹੈ ਸਮਰਪਿਤ ਅਭਿਆਸ; ਇੱਕ ਅਜਿਹੇ ਵਿਅਕਤੀ ਦਾ ਅਨੁਸ਼ਾਸਿਤ ਰੋਜ਼ਾਨਾ ਯਤਨ ਜੋ ਕਿਸੇ ਇੱਕ ਅਸਾਧਾਰਣ ਕੰਮ ਨਾਲ ਨਹੀਂ, ਸਗੋਂ ਆਪਣੇ ਹੁਨਰ ਪ੍ਰਤੀ ਲਗਾਤਾਰ ਸਮਰਪਣ ਰਾਹੀਂ ਨਿਪੁੰਨਤਾ ਹਾਸਲ ਕਰਨਾ ਚਾਹੁੰਦਾ ਹੈ।

ਜਿਵੇਂ ਹੀ ਅਸੀਂ ਸਿਵਲ ਸੇਵਾ ਸਿਖਲਾਈ ਸੰਸਥਾਵਾਂ ਦੇ ਇੱਕ 'ਰਾਸ਼ਟਰੀ ਸੰਮੇਲਨ' ਨਾਲ ਇਸ ਹਫ਼ਤੇ ਦੀ ਸ਼ੁਰੂਆਤ ਕਰ ਰਹੇ ਹਾਂ, ਜਿਸ ਵਿੱਚ ਲਗਭਗ 700 ਸੀਨੀਅਰ ਅਧਿਕਾਰੀ ਸਿੱਧੇ ਤੌਰ 'ਤੇ ਅਤੇ 3,000 ਤੋਂ ਵੱਧ ਵਰਚੁਅਲ ਮਾਧਿਅਮ ਰਾਹੀਂ ਸ਼ਾਮਲ ਹੋ ਰਹੇ ਹਨ, ਅਸੀਂ ਸਿਰਫ਼ ਇੱਕ ਵਰ੍ਹੇਗੰਢ ਨਹੀਂ ਮਨਾ ਰਹੇ। ਅਸੀਂ ਅਗਲੇ ਪੰਜ ਸਾਲਾਂ ਲਈ ਆਪਣਾ ਟੀਚਾ ਨਿਰਧਾਰਤ ਕਰ ਰਹੇ ਹਾਂ — ਇੱਕ ਅਜਿਹੇ ਭਵਿੱਖ ਵੱਲ, ਜਿੱਥੇ ਹਰ ਪੱਧਰ 'ਤੇ ਹਰ ਇੱਕ ਸਿਵਲ ਸੇਵਕ ਨਿਰੰਤਰ ਸਿੱਖਣ ਵਾਲਾ, ਇੱਕ 'ਨਾਗਰਿਕ-ਚੈਂਪੀਅਨ' ਅਤੇ ਭਾਰਤ ਦੀਆਂ ਆਸਾਂ ਦਾ ਇੱਕ ਆਤਮਵਿਸ਼ਵਾਸੀ ਰਖਵਾਲਾ ਹੋਵੇਗਾ। ਵਿਕਸਿਤ ਭਾਰਤ 2047 ਦਾ ਟੀਚਾ— ਵਿਆਪਕ ਸਿਹਤ ਕਵਰੇਜ ਤੋਂ ਲੈ ਕੇ ਸਿਫ਼ਰ ਸ਼ੁੱਧ ਨਿਕਾਸੀ ਦੇ ਸੰਕਲਪ ਤੱਕ, ਡਿਜ਼ੀਟਲ ਜਨਤਕ ਢਾਂਚੇ ਤੋਂ ਲੈ ਕੇ ਵਿਸ਼ਵ ਪੱਧਰੀ ਉਤਪਾਦਨ ਅਗਵਾਈ ਤੱਕ — ਸਿਰਫ਼ ਨੀਤੀਆਂ ਰਾਹੀਂ ਪੂਰਾ ਨਹੀਂ ਹੋਵੇਗਾ। ਇਹ ਲੋਕਾਂ ਰਾਹੀਂ ਪੂਰੇ ਹੋਣਗੇ: ਉਸ ਜ਼ਿਲ੍ਹਾ ਅਧਿਕਾਰੀ ਰਾਹੀਂ ਜੋ ਯੋਜਨਾ ਨੂੰ ਠੀਕ ਤਰ੍ਹਾਂ ਸਮਝ ਕੇ ਉਸ ਨੂੰ ਪੂਰੀ ਸ਼ੁੱਧਤਾ ਨਾਲ ਲਾਗੂ ਕਰ ਸਕੇ; ਉਸ ਸ਼ਹਿਰੀ ਯੋਜਕ ਰਾਹੀਂ ਜੋ ਸਥਾਨਕ ਡਾਟਾ ਟੂਲਾਂ ਦੀ ਵਰਤੋਂ ਕਰ ਸਕੇ; ਉਸ ਅਗਲੀ ਕਤਾਰ ਦੇ ਸਿਹਤ ਕਰਮਚਾਰੀ ਰਾਹੀਂ ਜੋ ਜਨ ਸਿਹਤ ਸੁਨੇਹਿਆਂ ਨੂੰ ਇਸ ਤਰ੍ਹਾਂ ਪਹੁੰਚਾਵੇ ਕਿ ਉਸ ਦਾ ਭਾਈਚਾਰਾ ਉਸ 'ਤੇ ਭਰੋਸਾ ਕਰੇ। ਮਿਸ਼ਨ ਕਰਮਯੋਗੀ ਨਾ ਸਿਰਫ਼ ਕੱਲ੍ਹ ਲਈ, ਸਗੋਂ ਆਉਣ ਵਾਲੇ ਦਹਾਕਿਆਂ ਲਈ ਟੀਮ ਦਾ ਨਿਰਮਾਣ ਕਰ ਰਿਹਾ ਹੈ। ਭਾਰਤ ਦੀ ਸ਼ਾਸਨ ਪ੍ਰਣਾਲੀ ਦੀ ਲੰਬੀ ਅਤੇ ਰੌਸ਼ਨ ਯਾਤਰਾ ਵਿੱਚ, ਇਹ ਸ਼ਾਇਦ ਉਹ ਅਧਿਆਇ ਹੈ, ਜਿੱਥੇ ਸ਼ਾਸਨ ਨੇ ਆਖਿਰਕਾਰ 'ਸਿੱਖਣਾ' ਸਿੱਖ ਲਿਆ ਹੈ।

**(ਲੇਖਕ ਕੇਂਦਰੀ ਵਿਗਿਆਨ ਅਤੇ ਤਕਨਾਲੋਜੀ ਅਤੇ ਪ੍ਰਿਥਵੀ ਵਿਗਿਆਨ ਰਾਜ ਮੰਤਰੀ (ਸੁਤੰਤਰ ਚਾਰਜ) ਅਤੇ ਪ੍ਰਧਾਨ ਮੰਤਰੀ ਦਫ਼ਤਰ, ਪਰਮਾਣੂ ਊਰਜਾ ਵਿਭਾਗ, ਪੁਲਾੜ ਵਿਭਾਗ ਅਤੇ ਅਮਲਾ, ਲੋਕ ਸ਼ਿਕਾਇਤ ਅਤੇ ਪੈਨਸ਼ਨ ਰਾਜ ਮੰਤਰੀ ਹਨ)**

# ਕੀ ਆਰਟੀਫਿਸ਼ਲ ਇੰਨਟੈਲੀਜੈਂਸ ਮਨੁੱਖੀ ਸੋਚ ਨੂੰ ਮਾਤ ਦੇ ਸਕਦੀ ਹੈ....?

ਜ਼ਿਕਰ ਪੰਜਾਬ

**ਭਾਵਨਾਤਮਕ ਅਤੇ ਨੈਤਿਕ ਫੈਸਲੇ ਲੈਣ ਵਿੱਚ ਮਨੁੱਖੀ ਸੋਚ ਅਜੇਤੂ ਹੈ। ਭਾਵਨਾਵਾਂ ਜਿਵੇਂ ਪਿਆਰ, ਦੁੱਖ ਅਤੇ ਸਹਾਨੁਭੂਤੀ ਮਨੁੱਖੀ ਫੈਸਲਿਆਂ ਨੂੰ ਰੂਪ ਦਿੰਦੀਆਂ ਹਨ। ਇੱਕ ਪਰਿਵਾਰ ਵਿੱਚ ਜੀਵਨ ਬਚਾਉਣ ਵਾਲਾ ਫੈਸਲਾ ਅੰਕੜਿਆਂ ਤੋਂ ਉਪਰ ਉੱਠ ਕੇ ਪਿਆਰ ਅਤੇ ਜ਼ਿੰਮੇਵਾਰੀ ਤੇ ਅਧਾਰਤ ਹੁੰਦਾ ਹੈ। ਨੈਤਿਕ ਸੰਕਟ ਵਿੱਚ ਮਨੁੱਖ ਆਪਣੀ ਅੰਤਰਆਤਮਾ ਅਤੇ ਸਮਾਜਿਕ ਮੁੱਲਾਂ ਨੂੰ ਸੁਣਦਾ ਹੈ ਜੋ ਏਆਈ ਲਈ ਅਸੰਭਵ ਹੈ।**

ਆਧੁਨਿਕ ਵਿਗਿਆਨ ਅਤੇ ਤਕਨੀਕੀ ਯੁੱਗ ਵਿੱਚ ਆਰਟੀਫਿਸ਼ਅਲ ਇੰਟੈਲੀਜੈਂਸ (ਏਆਈ) ਨੇ ਇੱਕ ਅਸਾਧਾਰਨ ਕ੍ਰਾਂਤੀ ਲਿਆਂਦੀ ਹੈ। ਇਸ ਨੇ ਮਨੁੱਖੀ ਜੀਵਨ ਦੇ ਹਰ ਖੇਤਰ ਨੂੰ ਬਦਲ ਕੇ ਰੱਖ ਦਿੱਤਾ ਹੈ। ਸਿਹਤ ਸੰਭਾਲ ਤੋਂ ਵਪਾਰ, ਸਿੱਖਿਆ ਤੋਂ ਸੰਚਾਰ ਤੱਕ ਏਆਈ ਨੇ ਮਨੁੱਖੀ ਸਮਰੱਥਾਵਾਂ ਨੂੰ ਨਵੀਆਂ ਉਚਾਈਆਂ ਤੱਕ ਪਹੁੰਚਾਇਆ ਹੈ। ਇਹ ਮਸ਼ੀਨੀ ਬੁੱਧੀ ਮਨੁੱਖ ਦੁਆਰਾ ਬਣਾਏ ਗਏ ਅਲਗੋਰਿਦਮ ਅਤੇ ਵਿਸ਼ਾਲ ਡੇਟਾ ਤੇ ਅਧਾਰਤ ਹੈ, ਜਿਸ ਨਾਲ ਗੁੰਝਲਦਾਰ ਸਮੱਸਿਆਵਾਂ ਨੂੰ ਤੇਜ਼ੀ ਨਾਲ ਹੱਲ ਕੀਤਾ ਜਾ ਸਕਦਾ ਹੈ। ਪਰ ਇੱਕ ਮਹੱਤਵਪੂਰਨ ਸਵਾਲ ਅੱਜ ਵੀ ਵਿਚਾਰਧਾਰਕ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ ਕਿ ਕੀ ਏਆਈ ਕਦੇ ਮਨੁੱਖੀ ਸੋਚ ਦੀ ਬਰਾਬਰੀ ਕਰ ਸਕੇਗੀ ਜਾਂ ਇਸ ਨੂੰ ਪਛਾੜ ਸਕੇਗੀ। ਇਹ ਸਵਾਲ ਸਿਰਫ ਤਕਨੀਕੀ ਨਹੀਂ ਬਲਕਿ ਭਾਵਨਾਤਮਕ, ਨੈਤਿਕ ਅਤੇ ਸਮਾਜਿਕ ਪਹਿਲੂਆਂ ਨਾਲ ਵੀ ਜੁੜਿਆ ਹੋਇਆ ਹੈ। ਇਸ ਲੇਖ ਵਿੱਚ ਅਸੀਂ ਇਸ ਵਿਸ਼ੇ ਦੀ ਡੂੰਘਾਈ ਨਾਲ ਪੜਚੋਲ ਕਰਾਂਗੇ ਅਤੇ ਇਹ ਸਾਬਤ ਕਰਾਂਗੇ ਕਿ ਭਾਵੇਂ ਏਆਈ ਜਿੰਨੀ ਵੀ ਉੱਨਤ ਹੋਵੇ, ਇਹ ਮਨੁੱਖੀ ਸੋਚ ਦੀ ਵਿਲੱਖਣਤਾ ਨੂੰ, ਖਾਸ ਕਰਕੇ ਭਾਵਨਾਤਮਕ ਅਤੇ ਨੈਤਿਕ ਫੈਸਲਿਆਂ ਵਿੱਚ ਪੂਰੀ ਤਰ੍ਹਾਂ ਨਹੀਂ ਸਮਝ ਸਕਦੀ।

ਆਰਟੀਫਿਸ਼ਅਲ ਇੰਟੈਲੀਜੈਂਸ ਮਨੁੱਖੀ ਬੁੱਧੀ ਦੀ ਨਕਲ ਲਈ ਤਿਆਰ ਕੀਤੀ ਗਈ ਤਕਨੀਕ ਹੈ ਜੋ ਡੇਟਾ ਵਿਸ਼ਲੇਸ਼ਣ, ਪੈਟਰਨ ਪਛਾਣ ਅਤੇ ਅੰਕੜਿਆਂ ਦੀ ਤੇਜ਼ ਪ੍ਰਕਿਰਿਆ ਤੇ ਚੱਲਦੀ ਹੈ। ਇਸ ਨੇ ਮਸ਼ੀਨਾਂ ਨੂੰ ਸੁਤੰਤਰ ਰੂਪ ਵਿੱਚ ਕੰਮ ਕਰਨ ਦੀ ਸਮਰੱਥਾ ਦਿੱਤੀ ਹੈ। ਸਿਹਤ ਸੰਭਾਲ ਵਿੱਚ ਏਆਈ ਬਿਮਾਰੀਆਂ ਜਿਵੇਂ ਕੈਂਸਰ ਅਤੇ ਦਿਲ ਦੀਆਂ ਬੀਮਾਰੀਆਂ ਦੀ ਸ਼ੁਰੂਆਤੀ ਪਛਾਣ ਵਿੱਚ ਡਾਕਟਰਾਂ ਦੀ ਬਹੁਤ ਮਦਦ ਕਰ ਰਹੀ ਹੈ। ਐਕਸ-ਰੇ ਅਤੇ ਐੱਮਆਰਆਈ ਰਿਪੋਰਟਾਂ ਦਾ ਵਿਸ਼ਲੇਸ਼ਣ ਕਰਕੇ ਇਹ ਛੇਤੀ ਨਿਦਾਨ ਸੰਭਵ ਬਣਾਉਂਦੀ ਹੈ। ਸਵੈ-ਚਾਲਿਤ ਵਾਹਨਾਂ ਵਿੱਚ ਏਆਈ ਨੇ ਰੋਡ ਸੁਰੱਖਿਆ ਵਧਾਈ ਹੈ ਅਤੇ ਅਕਸੀਡੈਂਟ ਘਟਾਏ ਹਨ। ਸਮਾਰਟ ਸਹਾਇਕ ਜਿਵੇਂ ਐੱਲੈਕਸਾ ਅਤੇ ਸਿਰੀ ਰੋਜ਼ਾਨਾ ਕੰਮਾਂ ਨੂੰ ਆਸਾਨ ਬਣਾਉਂਦੇ ਹਨ।

ਏਆਈ ਦੀ ਸਫਲਤਾ ਇਸ ਦੀ ਤੇਜ਼ ਡੇਟਾ ਪ੍ਰੋਸੈੱਸਿੰਗ ਅਤੇ ਭਵਿੱਖਬਾਣੀਆਂ ਕਰਨ ਦੀ ਯੋਗਤਾ ਵਿੱਚ ਹੈ। ਮਸ਼ੀਨ ਲਰਨਿੰਗ ਅਤੇ ਡੀਪ ਲਰਨਿੰਗ ਤਕਨੀਕਾਂ ਨੇ ਇਸ ਨੂੰ ਵੱਡੇ ਡੇਟਾ ਸੈੱਟਾਂ ਵਿੱਚੋਂ ਲੁਕੇ ਪੈਟਰਨ ਲੱਭਣ ਅਤੇ ਉਨ੍ਹਾਂ ਤੋਂ ਨਤੀਜੇ ਕੱਢਣ ਦੀ ਤਾਕਤ ਦਿੱਤੀ ਹੈ। ਵਪਾਰ ਵਿੱਚ ਏਆਈ ਗਾਹਕ ਵਿਵਹਾਰ ਦਾ ਵਿਸ਼ਲੇਸ਼ਣ ਕਰਕੇ ਬਿਹਤਰ ਰਣਨੀਤੀਆਂ ਬਣਾਉਂਦੀ ਹੈ ਅਤੇ ਗਾਹਕ ਕੇਂਦਰਿਤ ਸਿਫਾਰਸ਼ਾਂ ਪੇਸ਼ ਕਰਦੀ ਹੈ। ਸੁਰੱਖਿਆ ਖੇਤਰ ਵਿੱਚ ਇਹ ਅਪਰਾਧੀ ਗਤੀਵਿਧੀਆਂ ਨੂੰ ਪਹਿਲਾਂ ਪਛਾਣ ਕੇ ਅਲਰਟ ਜਾਰੀ ਕਰਦੀ ਹੈ। ਵਾਤਾਵਰਣ ਵਿਗਿਆਨ ਵਿੱਚ ਵੀ ਏਆਈ ਜਲਵਾਯੂ ਬਦਲਾਅ ਦੀ ਭਵਿੱਖਬਾਣੀ ਵਿੱਚ ਮਦਦਗਾਰ ਸਾਬਤ ਹੋ ਰਹੀ ਹੈ। ਇਸ ਤਰ੍ਹਾਂ ਏਆਈ ਮਨੁੱਖੀ ਜੀਵਨ ਨੂੰ ਵਧੇਰੇ ਕੁਸ਼ਲ ਅਤੇ ਉਤਪਾਦਕ ਬਣਾ ਰਹੀ ਹੈ।




ਫਿਰ ਵੀ ਏਆਈ ਦੀਆਂ ਬੁਨਿਆਦੀ ਸੀਮਾਵਾਂ ਇਸ ਨੂੰ ਮਨੁੱਖੀ ਸੋਚ ਤੋਂ ਵੱਖ ਕਰਦੀਆਂ ਹਨ। ਏਆਈ ਪੂਰੀ ਤਰ੍ਹਾਂ ਮਨੁੱਖੀ ਪ੍ਰੋਗਰਾਮਿੰਗ ਅਤੇ ਉਪਲਬਧ ਡੇਟਾ ਤੇ ਨਿਰਭਰ ਹੈ। ਜੇ ਡੇਟਾ ਅਧੂਰਾ ਜਾਂ ਪੱਖਪਾਤੀ ਹੋਵੇ ਤਾਂ ਏਆਈ ਵੀ ਗਲਤ ਫੈਸਲੇ ਲੈ ਸਕਦੀ ਹੈ। ਉਦਾਹਰਨ ਵਜੋਂ ਰਿਕਰੂਟਮੈਂਟ ਟੂਲਸ ਵਿੱਚ ਨਸਲੀ ਪੱਖਪਾਤ ਵਾਲਾ ਡੇਟਾ ਏਆਈ ਨੂੰ ਗਲਤ ਨਤੀਜੇ ਦੇ ਸਕਦਾ ਹੈ। ਏਆਈ ਵਿੱਚ ਸਵੈ-ਚੇਤਨਤਾ ਅਤੇ ਅਸਲੀ ਭਾਵਨਾਤਮਕ ਸਮਝ ਬਿਲਕੁਲ ਨਹੀਂ ਹੈ। ਇਹ ਸਿਰਫ ਉਹੀ ਕਰ ਸਕਦੀ ਹੈ ਜਿਸ ਲਈ ਇਸ ਨੂੰ ਡਿਜ਼ਾਈਨ ਕੀਤਾ ਗਿਆ ਹੈ ਅਤੇ ਅਣਜਾਣੀਆਂ ਸਥਿਤੀਆਂ ਵਿੱਚ ਅਕਸਰ ਅਸਫਲ ਹੋ ਜਾਂਦੀ ਹੈ।

ਇਸ ਦੇ ਉਲਟ ਮਨੁੱਖੀ ਸੋਚ ਬਹੁਆਯਾਮੀ ਹੈ। ਇਹ ਸਿਰਫ ਤਰਕ ਅਤੇ ਅੰਕੜਿਆਂ ਤੱਕ ਸੀਮਤ ਨਹੀਂ ਬਲਕਿ ਭਾਵਨਾਵਾਂ, ਅਨੁਭਵ, ਸਭਿਆਚਾਰ ਅਤੇ ਨੈਤਿਕਤਾ ਨਾਲ ਡੂੰਘੀ ਤਰ੍ਹਾਂ ਜੁੜੀ ਹੋਈ ਹੈ। ਮਨੁੱਖੀ ਦਿਮਾਗ ਹਾਲਾਤਾਂ ਨੂੰ ਸਮਝਦਾ ਹੈ ਅਤੇ ਫੈਸਲੇ ਲੈਂਦਾ ਹੈ। ਇੱਕ ਡਾਕਟਰ ਮਰੀਜ਼ ਦੇ ਮੈਡੀਕਲ ਡੇਟਾ ਤੋਂ ਇਲਾਵਾ ਉਸ ਦੀ ਮਾਨਸਿਕ ਸਥਿਤੀ, ਪਰਿਵਾਰਕ ਹਾਲਾਤ ਅਤੇ ਭਾਵਨਾਵਾਂ ਨੂੰ ਵੀ ਵਿਚਾਰਦਾ ਹੈ। ਅਦਾਲਤ ਵਿੱਚ ਜੱਜ ਅਪਰਾਧੀ ਦੇ ਜੀਵਨ ਪਿਛੋਕੜ ਅਤੇ ਸਮਾਜਿਕ ਪ੍ਰਭਾਵ ਨੂੰ ਵੀ ਧਿਆਨ ਵਿੱਚ ਰੱਖਦਾ ਹੈ। ਇਸ ਵਿੱਚ ਸਹਾਨੁਭੂਤੀ ਅਤੇ ਨੈਤਿਕਤਾ ਦੀ ਡੂੰਘੀ ਭੂਮਿਕਾ ਹੁੰਦੀ ਹੈ ਜੋ ਏਆਈ ਵਿੱਚ ਬਿਲਕੁਲ ਗੈਰ-ਮੌਜੂਦ ਹੈ। ਮਨੁੱਖੀ ਸੋਚ ਦੀ ਸਭ ਤੋਂ ਵੱਡੀ ਵਿਸ਼ੇਸ਼ਤਾ ਇਸ ਦੀ ਸਿਰਜਣਾਤਮਕਤਾ ਹੈ। ਮਨੁੱਖ ਨਵੀਆਂ ਕਲਾਵਾਂ, ਵਿਚਾਰ ਅਤੇ ਹੱਲ ਖੋਜ ਸਕਦਾ ਹੈ। ਪਾਬਲੋ ਪਿਕਾਸੋ ਵਰਗੇ ਕਲਾਕਾਰਾਂ ਨੇ ਭਾਵਨਾਤਮਕ ਡੂੰਘਾਈ ਨਾਲ ਕਲਾ ਸਿਰਜੀ। ਏਆਈ ਭਾਵੇਂ ਚਿੱਤਰ ਬਣਾਉਂਦੀ ਹੈ ਪਰ ਉਹ ਸਿਰਫ ਪੁਰਾਣੇ ਡੇਟਾ ਤੋਂ ਲਏ ਗਏ ਪੈਟਰਨਾਂ ਤੇ ਅਧਾਰਤ ਹੁੰਦੀ ਹੈ। ਇਸ ਵਿੱਚ ਅਸਲੀ ਮੌਲਿਕਤਾ ਅਤੇ ਭਾਵਨਾਤਮਕ ਡੂੰਘਾਈ ਦੀ ਘਾਟ ਹੈ।


ਸੰਦੀਪ ਕੁਮਾਰ

ਭਾਵਨਾਤਮਕ ਅਤੇ ਨੈਤਿਕ ਫੈਸਲੇ ਲੈਣ ਵਿੱਚ ਮਨੁੱਖੀ ਸੋਚ ਅਜੇਤੂ ਹੈ। ਭਾਵਨਾਵਾਂ ਜਿਵੇਂ ਪਿਆਰ, ਦੁੱਖ ਅਤੇ ਸਹਾਨੁਭੂਤੀ ਮਨੁੱਖੀ ਫੈਸਲਿਆਂ ਨੂੰ ਰੂਪ ਦਿੰਦੀਆਂ ਹਨ। ਇੱਕ ਪਰਿਵਾਰ ਵਿੱਚ ਜੀਵਨ ਬਚਾਉਣ ਵਾਲਾ ਫੈਸਲਾ ਅੰਕੜਿਆਂ ਤੋਂ ਉਪਰ ਉੱਠ ਕੇ ਪਿਆਰ ਅਤੇ ਜ਼ਿੰਮੇਵਾਰੀ ਤੇ ਅਧਾਰਤ ਹੁੰਦਾ ਹੈ। ਨੈਤਿਕ ਸੰਕਟ ਵਿੱਚ ਮਨੁੱਖ ਆਪਣੀ ਅੰਤਰਆਤਮਾ ਅਤੇ ਸਮਾਜਿਕ ਮੁੱਲਾਂ ਨੂੰ ਸੁਣਦਾ ਹੈ ਜੋ ਏਆਈ ਲਈ ਅਸੰਭਵ ਹੈ। ਪਿਛਲੇ ਦਹਾਕਿਆਂ ਵਿੱਚ ਏਆਈ ਨੇ ਨਿਊਰਲ ਨੈੱਟਵਰਕਸ ਅਤੇ ਬਿਗ ਡੇਟਾ ਵਰਗੀਆਂ ਤਕਨੀਕਾਂ ਨਾਲ ਤਰੱਕੀ ਕੀਤੀ ਹੈ ਪਰ ਇਹ ਤਰੱਕੀ ਵੀ ਮਨੁੱਖੀ ਪ੍ਰੋਗਰਾਮਿੰਗ ਅਤੇ ਡੇਟਾ ਦੀ ਸੀਮਾ ਤੱਕ ਹੀ ਹੈ। ਮਨੁੱਖੀ ਸੋਚ ਵਿੱਚ ਕੋਈ ਸੀਮਾ ਨਹੀਂ। ਇਹ ਨਵੀਆਂ ਸੰਭਾਵਨਾਵਾਂ ਖੋਜਦੀ ਹੈ ਅਤੇ ਆਪਣੇ ਆਪ ਨੂੰ ਨਿਰੰਤਰ ਢਾਲਦੀ ਹੈ। ਇਸ ਦੀ ਅਨੁਕੂਲਤਾ ਅਤੇ ਸਵੈ-ਚੇਤਨਤਾ ਏਆਈ ਤੋਂ ਬਿਲਕੁਲ ਵੱਖਰੀ ਹੈ।

ਸਿੱਟੇ ਵਜੋਂ, ਏਆਈ ਨੇ ਮਨੁੱਖੀ ਜੀਵਨ ਨੂੰ ਬਹੁਤ ਸੁਖਾਲਾ ਬਣਾਇਆ ਹੈ ਅਤੇ ਭਵਿੱਖ ਵਿੱਚ ਵੀ ਇਸ ਦੀਆਂ ਸੰਭਾਵਨਾਵਾਂ ਵਧਦੀਆਂ ਰਹਿਣਗੀਆਂ। ਪਰ ਮਨੁੱਖੀ ਸੋਚ ਦੀ ਭਾਵਨਾਤਮਕ ਡੂੰਘਾਈ, ਸਿਰਜਣਾਤਮਕਤਾ, ਨੈਤਿਕ ਸਮਝ ਅਤੇ ਅਨੁਕੂਲਤਾ ਏਆਈ ਤੋਂ ਉੱਪਰ ਹੈ। ਏਆਈ ਇੱਕ ਸ਼ਾਨਦਾਰ ਟੂਲ ਹੈ ਪਰ ਮਨੁੱਖੀ ਸੋਚ ਦਾ ਬਦਲ ਨਹੀਂ ਬਣ ਸਕਦੀ। ਭਵਿੱਖ ਵਿੱਚ ਏਆਈ ਅਤੇ ਮਨੁੱਖੀ ਸੋਚ ਵਿਚਕਾਰ ਸਹਿਯੋਗ ਹੀ ਸਭ ਤੋਂ ਵਧੀਆ ਰਾਹ ਹੈ, ਜਿੱਥੇ ਏਆਈ ਤਕਨੀਕੀ ਕੰਮਾਂ ਨੂੰ ਸੰਭਾਲੇ ਅਤੇ ਮਨੁੱਖ ਭਾਵਨਾਤਮਕ ਤੇ ਨੈਤਿਕ ਫੈਸਲੇ ਲੈਂਦਾ ਰਹੇ। ਇਸ ਤਰ੍ਹਾਂ ਮਨੁੱਖੀ ਸੋਚ ਹਮੇਸ਼ਾ ਸਰਵਉੱਚ ਰਹੇਗੀ।

**ਸੰਪਰਕ** : 7009807121
**ਐਮ.ਏ ਜਰਨਲਿਜ਼ਮ, ਐਮ.ਏ ਮਨੋਵਿਗਿਆਨ, ਰੂਪਨਗਰ**

# ਸ੍ਰੀ ਅਨੰਦਪੁਰ ਸਾਹਿਬ ਵਾਲੀ ਘਟਨਾ, ਮਰਯਾਦਾ ਦਾ ਉਲੰਘਣ ਅਨਜਾਣਪੁਣਾ ਨਹੀ ਸਾਜਿਸ਼ ਹੈ

ਜ਼ਿਕਰ ਪੰਜਾਬ

**ਜਦੋਂ ਕੋਈ ਸਿੱਖ ਕਿਰਪਾਨ ਪਾ ਕੇ ਕਿਸੇ ਹੋਰ ਧਾਰਮਿਕ ਸਥਾਨ 'ਤੇ ਜਾਂਦਾ ਹੈ, ਉਹ ਉੱਥੇ ਦੀ ਮਰਯਾਦਾ ਨੂੰ ਬਦਲਨ ਨਹੀਂ ਜਾਂਦਾ। ਪਰ ਜਦੋਂ ਕੋਈ ਵਿਅਕਤੀ ਮੂਰਤੀ ਲੈ ਕੇ ਗੁਰਦੁਆਰੇ ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਕਰਦਾ ਹੈ, ਉਹ ਸਿਰਫ ਆਪਣੀ ਪਹਿਚਾਣ ਨਾਲ ਨਹੀਂ ਆ ਰਿਹਾ, ਸਗੋਂ ਉਹ ਗੁਰਦੁਆਰੇ ਦੀ ਮਰਯਾਦਾ ਵਿੱਚ ਦਖਲ ਦੇ ਰਿਹਾ ਹੈ। ਇਹ ਦੋਨੋਂ ਗੱਲਾਂ ਵਿੱਚ ਜਮੀਨ ਅਸਮਾਨ ਜਿੰਨਾ ਫਰਕ ਹੈ।**

ਅਨੰਦਪੁਰ ਸਾਹਿਬ ਦੀ ਤਾਜ਼ਾ ਘਟਨਾ ਨੇ ਇੱਕ ਵਾਰ ਫਿਰ ਸੁਚੇਤ ਸਿੱਖ ਮਨਾਂ ਨੂੰ ਚਿੰਤਤ ਕੀਤਾ ਹੈ। ਇਹ ਘਟਨਾ ਭਾਵੇਂ ਸ੍ਰੀ ਅਨੰਦਪੁਰ ਸਾਹਿਬ ਦੀ ਹੋਵੇ ਜਾਂ ਸ੍ਰੀ ਦਰਬਾਰ ਸਾਹਿਬ ਵਿੱਚ ਵਾਪਰੀਆਂ ਪਹਿਲਾਂ ਦੀਆਂ ਘਟਨਾਵਾਂ ਹੋਣ,ਮਕਸਦ ਸਭ ਦਾ ਇੱਕੋ ਹੈ ਅਤੇ ਸਾਰੀਆਂ ਹੀ ਘਟਨਾਵਾਂ ਇੱਕੋ ਕੜੀ ਦਾ ਹਿੱਸਾ ਹਨ।ਇਹਨਾਂ ਨੂੰ ਅਲੱਗ-ਅਲੱਗ ਕਰਕੇ ਦੇਖਣਾ ਸਭ ਤੋਂ ਵੱਡੀ ਭੁੱਲ ਹੋਵੇਗੀ। ਇਹ ਇੱਕ ਲੜੀ ਹੈ, ਇੱਕ ਲਗਾਤਾਰ ਚੱਲ ਰਹੀ ਕੋਸ਼ਿਸ਼ ਹੈ, ਜਿਸਦਾ ਨਿਸ਼ਾਨਾ ਸਿੱਖ ਧਰਮ ਦੀ ਮਰਯਾਦਾ ਹੈ, ਸਿਧਾਂਤ ਹਨ,ਉਸਦੀ ਅਸਲੀ ਵਿਲੱਖਣ ਪਛਾਣ ਹੈ। ਅਨੰਦਪੁਰ ਸਾਹਿਬ ਦੀ ਧਰਤੀ, ਜਿੱਥੇ ਖਾਲਸਾ ਪੰਥ ਦਾ ਜਨਮ ਹੋਇਆ, ਉੱਥੇ ਇੱਕ ਬੀਬੀ ਵੱਲੋਂ ਮੂਰਤੀ ਲੈ ਕੇ ਗੁਰਦੁਆਰਾ ਸਾਹਿਬ ਅੰਦਰ ਜਾਣ ਦੀ ਜ਼ਿੱਦ ਕਰਨਾ ਇਹ ਉਸ ਔਰਤ ਦਾ ਭੋਲਾਪਣ ਨਹੀ ਅਤੇ ਨਾ ਹੀ ਉਸ ਮੂਰਤੀ ਪ੍ਰਤੀ ਕੋਈ ਸ਼ਰਧਾ ਕਾਰਨ ਹੈ। ਬਲਕਿ ਘਟਨਾ ਉਸ ਸੋਚ ਦੀ ਪਰਤੀਕ ਹੈ,ਜੋ ਸਿੱਖੀ ਦੇ ਅਸੂਲਾਂ ਨਾਲ ਟੱਕਰ ਲੈਣ ਲਈ ਤਿਆਰ ਬੈਠੀ ਹੈ,ਜੋ ਸਿੱਖੀ ਅਸੂਲਾਂ ਦਾ ਮਲ?ਿਆਮੇਟ ਕਰਨ ਲਈ ਕਾਹਲੀ ਹੈ।ਇਸ ਤੋਂ ਪਹਿਲਾਂ ਸ੍ਰੀ ਦਰਬਾਰ ਸਾਹਿਬ ਵਿੱਚ ਇੱਕ ਬੀਬੀ ਵੱਲੋਂ ਚਿਹਰੇ 'ਤੇ ਭਾਰਤੀ ਝੰਡਾ ਬਣਾ ਕੇ ਅੰਦਰ ਜਾਣ ਦੀ ਕੋਸ਼ਿਸ਼ ਕਰਨੀ ਅਤੇ ਰੋਕੇ ਜਾਣ 'ਤੇ ਤੁਰੰਤ ਕੈਮਰਾ ਚਾਲੂ ਕਰਕੇ ਹੰਗਾਮਾ ਕਰਨ ਦੀ ਕੋਸ਼ਿਸ਼ ਅਤੇ ਇਸ ਤੋ ਇਲਾਵਾ ਹੋਰ ਵੀ ਬਹੁਤ ਘਟਨਾਵਾਂ ਵਾਪਰੀਆਂ ਹਨ ਜਿੰਨਾਂ ਵਿੱਚ ਅੰਦਰ ਬੜਕੇ ਬੀੜੀ ਸਿਗਰਟਾਂ ਨਾਲ ਬੇਅਦਬੀ ਕਰਨ ਦੀਆਂ ਕੋਸ਼ਿਸ਼ਾਂ ਵੀ ਸ਼ਾਮਲ ਹਨ। ਸਾਰੀਆਂ ਘਟਨਾਵਾਂ ਇੱਕੋ ਲੜੀ ਚੋ ਨਿਕਲੀਆਂ ਹੋਈਆਂ ਜਾਪਦੀਆਂ ਹਨ।ਇਹ ਕੋਈ ਸਧਾਰਣ ਸੰਯੋਗ ਨਹੀਂ। ਇਹ ਇੱਕ ਪੈਟਰਨ ਹੈ,ਇੱਕ ਸੋਚੀ ਸਮਝੀ ਰਣਨੀਤੀ, ਜਿਸਦਾ ਮਕਸਦ ਹੈ ਗੁਰਦੁਆਰਾ ਸਾਹਿਬ ਦੀ ਮਰਯਾਦਾ ਨੂੰ ਪਾਖੰਡਵਾਦ ਵਿੱਚ ਰਲਗੱਡ ਕਰਨਾ,ਵਿਪਰਵਾਦ ਦਾ ਬੋਲਾਬਾਲਾ ਕਰਵਾ ਕੇ ਸਿੱਖੀ ਨੂੰ ਭੇਖ ਦੀ ਸਿੱਖੀ ਬਣਾ ਕੇ ਸਿਧਾਂਤਾਂ ਨੂੰ ਖੋਰਾ ਲਾਉਣਾ।ਅਜਿਹੇ ਬਗੈਰ ਮਤਲਬ ਦੇ ਟਕਰਾਅ ਪੈਦਾ ਕਰਕੇ , ਪ੍ਰਬੰਧਕਾਂ ਨੂੰ ਉਕਸਾਉਣਾ, ਅਤੇ ਫਿਰ ਉਸ ਉਕਸਾਏ ਹੋਏ ਪਲਾਂ ਨੂੰ ਕੈਮਰੇ ਵਿੱਚ ਕੈਦ ਕਰਕੇ ਇੱਕ ਨਵਾਂ ਵਿਰਤਾਂਤ ਸਿਰਜਣ ਦੀ ਕੌਸਿਸ਼ ਕਰਨਾ,ਸਭ ਖਤ?ਰਨਾਕ ਸਾਜਿਸ਼ਾਂ ਹਨ।ਅੱਜ ਦੇ ਸਮੇ ਦੀ ਲੜਾਈ ਸਿਰਫ ਧਾਰਮਿਕ ਨਹੀਂ ਰਹੀ। ਜਦੋਂ ਕੋਈ ਵਿਅਕਤੀ ਪਹਿਲਾਂ ਤੋਂ ਹੀ ਵੀਡੀਓ ਬਣਾਉਣ ਵਾਲਾ ਨਾਲ ਲੈ ਕੇ ਆਉਂਦਾ ਹੈ, ਤਾਂ ਇਹ ਸਪੱਸ਼ਟ ਹੁੰਦਾ ਹੈ ਕਿ ਉਹ ਦਰਸ਼ਨ ਕਰਨ ਨਹੀਂ ਆਇਆ,ਉਹ ਇੱਕ ਮੰਜ਼ਰ ਬਣਾਉਣ ਆਇਆ ਹੈ। ਉਹ ਚਾਹੁੰਦਾ ਹੈ ਕਿ ਉਸਨੂੰ ਰੋਕਿਆ ਜਾਵੇ, ਉਸ ਨਾਲ ਤਕਰਾਰ ਹੋਵੇ, ਤਾਂ ਜੋ ਉਹ ਆਪਣੇ ਆਪ ਨੂੰ ਪੀੜਤ ਦਿਖਾ ਸਕੇ ਅਤੇ ਸਿੱਖ ਸੰਸਥਾਵਾਂ ਨੂੰ ਬਦਨਾਮ ਕਰ ਸਕੇ।ਇਹ ਖੇਡ ਬਹੁਤ ਸੂਖਮ ਅਤੇ ਬਹੁਤ ਖਤਰਨਾਕ ਹੈ। ਗੁਰਦੁਆਰਾ ਸਾਹਿਬ ਦੀ ਮਰਯਾਦਾ ਕੋਈ ਆਮ ਨਿਯਮ ਨਹੀਂ। ਇਹ ਸਦੀਆਂ ਦੀਆਂ ਕੁਰਬਾਨੀਆਂ ਨਾਲ ਬਣੀ ਇੱਕ ਪ੍ਰਣਾਲੀ ਹੈ, ਇਹਦੇ ਸਿਧਾਂਤ ਦੁਨਿਆਵੀ ਤਖਤਾਂ ਨਾਲ ਟੱਕਰ ਲੈ ਕੇ ਤਹਿ ਕੀਤੇ ਗਏ ਹਨ ਅਤੇ ਖੰਡੇ ਦੀ ਧਾਰ ਚੋ ਪੈਦਾ ਹੋਏ ਹਨ।

**ਪਹਿਲਾ ਮਰਣੁ ਕਬੂਲਿ ਜੀਵਣ ਕੀ ਛਡਿ ਆਸ ॥**
**ਹੋਹੁ ਸਭਨਾ ਕੀ ਰੇਣੁਕਾ ਤਉ ਆਉ ਹਮਾਰੈ ਪਾਸਿ ॥**

ਦੇ ਸੰਕਲਪ ਨੂੰ ਪਹਿਲਾ ਜੀਵਨ ਦਾ ਹਿੱਸਾ ਬਣਾਉਣਾ ਪੈਂਦਾ ਹੈ,ਫਿਰ ਸਿੱਖੀ ਨਸੀਬ ਹੁੰਦੀ ਹੈ। ਸਿੱਖ ਅਤੇ ਸਿੱਖੀ ਦਾ ਕੇਂਦਰ ਸਿਰਫ ਅਤੇ ਸਿਰਫ ਧੰਨ ਧੰਨ ਸ੍ਰੀ ਗੁਰੂ ਗਰੰਥ ਸਾਹਬ ਜੀ ਦੀ ਸਰਬ ਉੱਚਤਾ ਵਾਲੀ ਵਿਚਾਰਧਾਰਾ ਹੈ। ਇੱਥੇ ਕਿਸੇ ਹੋਰ ਪ੍ਰਤੀਕ, ਕਿਸੇ ਹੋਰ ਧਾਰਮਿਕ ਰੂਪ ਜਾਂ ਮੂਰਤੀ ਲਈ ਕੋਈ ਥਾਂ ਨਹੀਂ। ਇਹ ਸਿੱਖੀ ਦਾ ਮੂਲ ਸਿਧਾਂਤ ਹੈ, ਜਿਸਨੂੰ ਕੋਈ ਵੀ ਸਮਝਣ ਵਾਲਾ ਆਸਾਨੀ ਨਾਲ ਸਮਝ ਸਕਦਾ ਹੈ। ਫਿਰ ਵੀ ਜਦੋਂ ਕੋਈ ਵਿਅਕਤੀ ਮੂਰਤੀ ਲੈ ਕੇ ਅੰਦਰ ਜਾਣ ਦੀ ਜ਼ਿੱਦ ਕਰਦਾ ਹੈ, ਤਾਂ ਇਹ ਸਿਰਫ ਇੱਕ ਨਿਯਮ ਤੋੜਨ ਦੀ ਕੋਸ਼ਿਸ਼ ਨਹੀਂ ਰਹਿੰਦੀ। ਇਹ ਇੱਕ ਅਸੂਲ ਨੂੰ ਚੁਣੌਤੀ ਦੇਣ ਦੀ ਕੋਸ਼ਿਸ਼ ਬਣ ਜਾਂਦੀ ਹੈ। ਅਜਿਹੇ ਮੌਕਿਆਂ ਤੇ ਅਕਸਰ ਕਿਹਾ ਜਾਂਦਾ ਹੈ ਕਿ ਸਿੱਖ ਕਿਰਪਾਨ ਪਾ ਕੇ ਮੰਦਰਾਂ ਵਿੱਚ ਜਾਂਦੇ ਹਨ,



ਤਾਂ ਗੁਰਦੁਆਰੇ ਵਿੱਚ ਮੂਰਤੀ ਕਿਉਂ ਨਹੀਂ ਜਾ ਸਕਦੀ ? ਇਹ ਤਰਕ ਸੁਣਨ ਵਿੱਚ ਸਿੱਧਾ ਲੱਗਦਾ ਹੈ, ਪਰ ਅਸਲ ਵਿੱਚ ਇਹ ਬਹੁਤ ਹੀ ਗਲਤ ਤੁਲਨਾ ਹੈ। ਕਿਰਪਾਨ ਸਿੱਖ ਧਰਮ ਦਾ ਅਟੁੱਟ ਅੰਗ ਹੈ,ਇਹ ਸਿੱਖ ਦੀ ਪਹਿਚਾਣ ਹੈ, ਉਸਦੀ ਰਹਿਤ ਦਾ ਹਿੱਸਾ ਹੈ। ਜਦੋਂ ਕੋਈ ਸਿੱਖ ਕਿਰਪਾਨ ਪਾ ਕੇ ਕਿਸੇ ਹੋਰ ਧਾਰਮਿਕ ਸਥਾਨ 'ਤੇ ਜਾਂਦਾ ਹੈ, ਉਹ ਉੱਥੇ ਦੀ ਮਰਯਾਦਾ ਨੂੰ ਬਦਲਨ ਨਹੀਂ ਜਾਂਦਾ। ਪਰ ਜਦੋਂ ਕੋਈ ਵਿਅਕਤੀ ਮੂਰਤੀ ਲੈ ਕੇ ਗੁਰਦੁਆਰੇ ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਕਰਦਾ ਹੈ, ਉਹ ਸਿਰਫ ਆਪਣੀ ਪਹਿਚਾਣ ਨਾਲ ਨਹੀਂ ਆ ਰਿਹਾ, ਸਗੋਂ ਉਹ ਗੁਰਦੁਆਰੇ ਦੀ ਮਰਯਾਦਾ ਵਿੱਚ ਦਖਲ ਦੇ ਰਿਹਾ ਹੈ। ਇਹ ਦੋਨੋਂ ਗੱਲਾਂ ਵਿੱਚ ਜਮੀਨ ਅਸਮਾਨ ਜਿੰਨਾ ਫਰਕ ਹੈ। ਇਹ ਵੀ ਸੱਚ ਹੈ ਕਿ ਦੇਸ਼ ਦੇ ਕਈ ਮੰਦਰਾਂ ਵਿੱਚ ਆਪਣੇ ਨਿਯਮ ਹਨ। ਕਿਤੇ ਦਸਤਾਰ ਉਤਾਰਨ ਦੀ ਸ਼ਰਤ, ਕਿਤੇ ਧਾਰਮਿਕ ਪਹਿਚਾਣ ਦੇ ਆਧਾਰ 'ਤੇ ਰੋਕ, ਕਿਤੇ ਜਾਤੀ ਦੇ ਆਧਾਰ 'ਤੇ ਪ੍ਰਵੇਸ਼ ਦੀ ਪਾਬੰਦੀ, ਇਹ ਸਾਰੀਆਂ ਗੱਲਾਂ ਦੇਸ਼ ਦੇ ਵੱਖ ਵੱਖ ਹਿੱਸਿਆਂ ਵਿੱਚ ਬਣੇ ਹੋਏ ਮੰਦਰਾਂ ਵਿੱਚ ਅੱਜ ਵੀ ਲਾਗੂ ਹਨ,ਜਿੱਥੇ ਰਾਸ਼ਟਰਪਤੀ ਤੱਕ ਨੂੰ ਵੀ ਨੀਵੀਂ ਜਾਤ ਹੋਣ ਕਰਕੇ ਰੋਕਿਆ ਜਾ ਚੁੱਕਾ ਹੈ।ਉੱਥੇ ਕੋਈ ਇਹ ਨਹੀਂ ਕਹਿੰਦਾ ਕਿ ਇਹ ਅਸਹਿਣਸ਼ੀਲਤਾ ਹੈ। ਉੱਥੇ ਇਹ ਕਿਹਾ ਜਾਂਦਾ ਹੈ ਕਿ ਇਹ ਮੰਦਰ ਦੀ ਮਰਯਾਦਾ ਹੈ। ਫਿਰ ਜਦੋਂ ਗੁਰਦੁਆਰਾ ਪ੍ਰਬੰਧ ਆਪਣੀ ਮਰਯਾਦਾ ਦੀ ਗੱਲ ਕਰਦਾ ਹੈ, ਤਾਂ ਇਸਨੂੰ ਮੁੱਦਾ ਕਿਉਂ ਬਣਾਇਆ ਜਾਂਦਾ ਹੈ। ਇਹੀ ਦੋਹਰਾ ਮਾਪਦੰਡ ਹੈ, ਜਿਸਨੂੰ ਸਮਝਣ ਦੀ ਲੋੜ ਹੈ। ਸ੍ਰੀ ਦਰਬਾਰ ਸਾਹਿਬ ਵਿੱਚ ਵਾਪਰੀ ਘਟਨਾ,ਚਿਹਰੇ 'ਤੇ ਭਾਰਤੀ ਝੰਡਾ ਬਣਾਕੇ ਅੰਦਰ ਜਾਣ ਦੀ ਕੋਸ਼ਿਸ਼ ਵੀ ਇੱਕ ਪ੍ਰਤੀਕਾਤਮਕ ਕਦਮ ਸੀ। ਇਸਦਾ ਮਕਸਦ ਧਾਰਮਿਕ ਸਥਾਨ ਨੂੰ ਇੱਕ ਰਾਜਨੀਤਿਕ ਪ੍ਰਤੀਕ ਨਾਲ ਜੋੜਨਾ ਸੀ। ਉਹਦੀ ਮਰਿਯਾਦਾ ਨੂੰ ਢਾਹ ਲਾਉਣਾ ਸੀ,ਕਿਉਂਕਿ ਸ੍ਰੀ ਦਰਬਾਰ ਸਾਹਿਬ ਦੇ ਸਾਹਮਣੇ ਅਕਾਲ ਤਖਤ ਸਾਹਿਬ ਮੌਜੂਦਾ ਹੈ,ਸ੍ਰੀ ਦਰਬਾਰ ਸਾਹਿਬ ਰੂਹਾਨੀਅਤ ਭਾਵ ਧਰਮ ਦਾ ਪਰਤੀਕ ਹੈ ਅਤੇ ਸ੍ਰੀ ਅਕਾਲ ਤਖਤ ਸਾਹਿਬ ਰਾਜਨੀਤਕ ਤਾਕਤ ਦਾ ਪਰਤੀਕ ਹੈ। ਵਿਚਕਾਰ ਲੱਗੇ ਦੋ ਉੱਚੇ ਨੀਵੇਂ ਨਿਸਾਨ ਸਾਹਿਬ ਇਸ ਗੱਲ ਦਾ ਪਰਤੀਕ ਹਨ ਕਿ ਧਰਮ ਰਾਜਨੀਤੀ ਦੇ ਉੱਪਰ ਰਹੇਗਾ।ਉਸ ਤਿਰੰਗੇ ਚਿਹਰੇ ਵਾਲੀ ਬੀਬੀ ਦਾ ਮਕਸਦ ਵੀ ਸਮਝਿਆ ਜਾ ਸਕਦਾ ਹੈ।ਉਹਨੂੰ ਜਦੋ ਰੋਕਿਆ ਗਿਆ, ਤਾਂ ਤੁਰੰਤ ਕੈਮਰਾ ਚਾਲੂ ਹੋ ਗਿਆ ਸੀ। ਇਹ ਸਾਰਾ ਵਿਰਤਾਂਤ ਦੱਸਦਾ ਹੈ ਕਿ ਮਾਮਲਾ ਸਿਰਫ ਦਰਸ਼ਨ ਦਾ ਨਹੀਂ ਸੀ,ਮਾਮਲਾ ਇੱਥੋ ਦੀ ਮਰਯਾਦਾ ਨੂੰ ਤਹਿਸ ਨਹਿਸ ਕਰਨ ਦਾ ਸੀ। ਇਹਨਾਂ ਘਟਨਾਵਾਂ ਨੂੰ ਦੇਖ ਕੇ ਇਹ ਸਵਾਲ ਉੱਠਦਾ ਹੈ ਕਿ ਕੀ ਇਹ ਸਿਰਫ ਕੁਝ ਵਿਅਕਤੀਆਂ ਦੀਆਂ ਹਰਕਤਾਂ ਹਨ ਜਾਂ ਇਸਦੇ ਪਿੱਛੇ ਕੋਈ ਵੱਡੀ ਸੋਚ ਕੰਮ ਕਰ ਰਹੀ ਹੈ? ਜਦੋਂ ਇੱਕੋ ਤਰ੍ਹਾਂ ਦੀ ਤਿਆਰੀ ਨਾਲ, ਇੱਕੋ ਤਰ੍ਹਾਂ ਦੇ ਨਤੀਜੇ ਦੇਣ ਲਈ ਇੱਕੋ ਜਿਹੀਆਂ ਘਟਨਾਵਾਂ ਵਾਰ-ਵਾਰ ਵਾਪਰਨ ਲੱਗਣ, ਤਾਂ ਇਹਨਾਂ ਨੂੰ ਸਿਰਫ ਸੰਯੋਗ ਕਹਿ ਦੇਣਾ ਨਾਸਮਝੀ ਹੋਵੇਗੀ ਜਾ ਫਿਰ ਗੁਲਾਮ ਜਿਹਨੀਅਤ,ਕਿਉਂਕਿ ਸਿੱਖ ਸੇਵਾਦਾਰ ਜਿਸਤਰਾਂ ਅਜਿਹੇ ਮਾਮਲਿਆਂ ਵਿੱਚ ਦੋਸ਼ੀਆਂ ਨਾਲ ਪੇਸ਼ ਆਉਂਦੇ ਹਨ। ਉਸ ਤੋ ਇੰਜ ਪਰਤੀਤ ਹੁੰਦਾ ਹੈ ਕਿ ਜਿਵੇਂ ਸੇਵਾਦਾਰ ਅਜਿਹੇ ਦੋਸ਼ੀਆਂ ਨਾਲ ਉਲਝਣ ਤੋ ਡਰਦੇ ਹੋਣ। ਇਹ ਇੱਕ ਮਨੋਵਿਗਿਆਨਕ ਦਬਾਅ ਬਣਾਉਣ ਦੀ ਕੋਸ਼ਿਸ਼ ਵੀ ਹੋ ਸਕਦੀ ਹੈ,ਇੱਕ ਐਸਾ ਮਾਹੌਲ ਬਣਾਉਣ ਦੀ ਕੋਸ਼ਿਸ਼, ਜਿੱਥੇ ਸਿੱਖ ਆਪਣੀ ਮਰਯਾਦਾ ਦੀ ਰੱਖਿਆ ਕਰਦੇ ਹੋਏ ਵੀ ਗਲਤ ਦਿਖਾਏ ਜਾਣ।ਇਸ ਸਾਰੀ ਸਥਿਤੀ ਵਿੱਚ ਸਿੱਖ ਕੌਮ ਲਈ ਸਭ ਤੋਂ ਵੱਡੀ ਚੁਣੌਤੀ ਹੈ ਕਿ ਅਜਿਹੀਆਂ ਸਾਜਿਸ਼ਾਂ ਦਾ ਜਵਾਬ ਕਿਵੇਂ ਦਿੱਤਾ ਜਾਵੇ , ਜੇਕਰ ਜਵਾਬ ਕਮਜ਼ੋਰੀ ਨਾਲ ਦਿੱਤਾ ਗਿਆ, ਤਾਂ ਮਰਯਾਦਾ ਨੂੰ ਨੁਕਸਾਨ ਪਹੁੰਚੇਗਾ।ਇਸ ਲਈ ਜ਼ਰੂਰੀ ਹੈ ਕਿ ਪੂਰੇ ਹੋਸ ਨਾਲ ਪਰ ਸਖਤੀ ਦੀ ਵਰਤੋਂ ਕਰਕੇ ਅਜਿਹੇ ਮਨਸੂਬਿਆਂ ਨੂੰ ਅਸਫਲ ਕੀਤੇ ਜਾਣ ਦੇ ਨਾਲ ਸ਼ਰੋਮਣੀ ਕਮੇਟੀ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ,ਕਿ ਅਜਿਹੇ ਸ਼ਰਾਰਤੀ ਅਨਸਰ ਨੇੜੇ ਹੀ ਨਾ ਪਹੁੰਚ ਸਕਣ।ਮਰਯਾਦਾ 'ਤੇ ਕੋਈ ਸਮਝੌਤਾ ਨਹੀਂ ਹੋ ਸਕਦਾ। ਪਰ ਮਰਯਾਦਾ ਦੀ ਰੱਖਿਆ ਵੀ ਅਨੁਸ਼ਾਸਨ ਨਾਲ ਹੋਣੀ ਚਾਹੀਦੀ ਹੈ।ਇਹ ਸਮਾਂ ਜਿੱਥੇ ਬੇਹੱਦ ਜਾਗਰੂਕ ਹੋਣ ਦਾ ਹੈ, ਸਚੇਤ ਹੋਣ ਦਾ ਹੈ, ਉਥੇ ਪੰਥਕ ਏਕਤਾ ਵੀ ਸਮੇ ਦੀ ਫੌਰੀ ਲੋੜ ਹੈ।ਸਿੱਖ ਨੇ ਇਹ ਵੀ ਸਮਝਣਾ ਹੋਵੇਗਾ,ਕਿ ਅਜਿਹੀਆਂ ਹਰਕਤਾਂ ਸਿੱਖੀ ਦੀ ਰੂਹ ਨੂੰ ਜਖਮੀ ਕਰਨ ਲਈ ਕੀਤੀਆਂ ਜਾ ਰਹੀਆਂ ਹਨ। ਸੋ ਜੇਕਰ ਸਿੱਖ ਆਪਣੇ ਪਵਿੱਤਰ ਗੁਰਧਾਮਾਂ ਦੀ ਰੱਖਿਆ ਨਹੀਂ ਕਰ ਸਕਣਗੇ, ਤਾਂ ਇਤਿਹਾਸ ਕਦੇ ਮਾਫ਼ ਨਹੀਂ ਕਰੇਗਾ।


ਬਘੇਲ ਸਿੰਘ ਧਾਲੀਵਾਲ

**ਸੰਪਰਕ** : 99142-58142

# ਨਹੀਂ ਮੰਨਦੇ ਤਕੜੇ ਦੇਸ਼ ਯੁੱਧ ਸਬੰਧੀ ਅੰਤਰਰਾਸ਼ਟਰੀ ਨਿਯਮਾਂ ਨੂੰ

ਜ਼ਿਕਰ ਪੰਜਾਬ

ਅੱਜ ਦਾ ਯੁੱਗ ਵਿਗਿਆਨਕ ਉਪਲੱਬਧੀਆ, ਤਕਨੀਕੀ ਤਰੱਕੀ ਅਤੇ ਆਰਥਿਕ ਵਿਕਾਸ ਦਾ ਯੁੱਗ ਮੰਨਿਆ ਜਾਂਦਾ ਹੈ। ਮਨੁੱਖ ਨੇ ਚੰਦ ਤੇ ਮੰਗਲ ਤੱਕ ਆਪਣੀ ਪਹੁੰਚ ਬਣਾਈ ਹੈ, ਪਰ ਇਸੇ ਮਨੁੱਖੀ ਸਭਿਆਚਾਰ ਦੇ ਅੰਦਰ ਜੰਗਾਂ ਅਤੇ ਹਥਿਆਰਬੰਦ ਟਕਰਾਅ ਦੀ ਕਰੜੀ ਹਕੀਕਤ ਅਜੇ ਵੀ ਮੌਜੂਦ ਹੈ। ਇਹ ਇਕ ਡੂੰਘਾ ਵਿਰੋਧਾਭਾਸ ਹੈ—ਜਿੱਥੇ ਇੱਕ ਪਾਸੇ ਤਰੱਕੀ ਦੀ ਚਮਕ ਹੈ, ਉੱਥੇ ਦੂਜੇ ਪਾਸੇ ਤਬਾਹੀ ਦਾ ਹਨੇਰਾ ਵੀ ਹੈ। ਇਸ ਪਿਛੋਕੜ ਵਿੱਚ ਅੰਤਰਰਾਸ਼ਟਰੀ ਕਾਨੂੰਨਾਂ ਦਾ ਰੋਲ ਬਹੁਤ ਮਹੱਤਵਪੂਰਨ ਬਣ ਜਾਂਦਾ ਹੈ। ਜੰਗਾਂ ਨੂੰ ਪੂਰੀ ਤਰ੍ਹਾਂ ਰੋਕਣਾ ਭਾਵੇਂ ਸੰਭਵ ਨਹੀਂ ਹੋ ਸਕਿਆ, ਪਰ ਉਨ੍ਹਾਂ ਨੂੰ ਮਨੁੱਖੀ ਹੱਦਾਂ ਵਿੱਚ ਰੱਖਣ ਲਈ ਵਿਸ਼ਵ ਭਰ ਵਿੱਚ ਕਈ ਨਿਯਮ ਬਣਾਏ ਗਏ ਹਨ। ਜਨੇਵਾ ਕਨਵੈਨਸ਼ਨ ਅਤੇ ਹੇਗ ਕਨਵੈਨਸ਼ਨ ਵਰਗੀਆਂ ਸੰਧੀਆਂ ਨੇ ਜੰਗ ਦੇ ਸਮੇਂ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਇੱਕ ਮਜ਼ਬੂਤ ਢਾਂਚਾ ਦਿੱਤਾ ਹੈ। ਇਹ ਨਿਯਮ ਇਹ ਯਕੀਨੀ ਬਣਾਉਣ ਦੀ ਕੋਸ਼ਿਸ਼ ਕਰਦੇ ਹਨ ਕਿ ਜੰਗ ਦੇ ਦੌਰਾਨ ਵੀ ਨਾਗਰਿਕਾਂ, ਬੀਮਾਰਾਂ ਅਤੇ ਕੈਦੀਆਂ ਨਾਲ ਮਨੁੱਖਤਾ ਭਰਿਆ ਵਤੀਰਾ ਕੀਤਾ ਜਾਵੇ।

ਅੰਤਰਰਾਸ਼ਟਰੀ ਮਾਨਵਤਾ ਕਾਨੂੰਨ ਦੀਆਂ ਜੜ੍ਹਾਂ ਮਨੁੱਖੀ ਦੁੱਖਾਂ ਵਿੱਚ ਹਨ। 19ਵੀਂ ਸਦੀ ਵਿੱਚ ਹੈਨਰੀ ਦੁਨਾਂਟ ਵੱਲੋਂ ਜੰਗੀ ਮੈਦਾਨਾਂ ਵਿੱਚ ਜ਼ਖ਼ਮੀਆਂ ਦੀ ਦਰਦਨਾਕ ਹਾਲਤ ਦੇਖਣ ਤੋਂ ਬਾਅਦ ਮਨੁੱਖਤਾ ਲਈ ਇੱਕ ਅੰਦੋਲਨ ਸ਼ੁਰੂ ਕੀਤਾ ਗਿਆ। ਇਸ ਅੰਦੋਲਨ ਨੇ ਅੰਤਰਰਾਸ਼ਟਰੀ ਰੈੱਡ ਕਰਾਸ ਕਮੇਟੀ ਦੀ ਸਥਾਪਨਾ ਨੂੰ ਜਨਮ ਦਿੱਤਾ, ਜਿਸ ਨੇ ਬਾਅਦ ਵਿੱਚ ਜਨੇਵਾ ਕਨਵੈਨਸ਼ਨਾਂ ਦੀ ਰਚਨਾ ਲਈ ਮਜ਼ਬੂਤ ਆਧਾਰ ਤਿਆਰ ਕੀਤਾ। ਇਹ ਕਾਨੂੰਨ ਭੇਦਭਾਵ ਤੋਂ ਰਹਿਤ ਸਲੂਕ, ਸਮੁਚਿਤਤਾ, ਜ਼ਰੂਰਤ ਅਤੇ ਮਨੁੱਖਤਾ ਦੇ ਅਸੂਲਾਂ 'ਤੇ ਅਧਾਰਿਤ ਹਨ। ਇਤਿਹਾਸ ਦੇ ਪੰਨਿਆਂ 'ਤੇ ਨਜ਼ਰ ਮਾਰੀਏ ਤਾਂ ਜੰਗਾਂ ਨੇ ਮਨੁੱਖਤਾ ਨੂੰ ਵਾਰ-ਵਾਰ ਝੰਜੋੜਿਆ ਹੈ। ਦੂਜੀ ਵਿਸ਼ਵ ਜੰਗ ਇਸਦਾ ਸਭ ਤੋਂ ਵੱਡਾ ਉਦਾਹਰਣ ਹੈ, ਜਿਸ ਵਿੱਚ ਲਗਭਗ 7 ਤੋਂ 8 ਕਰੋੜ ਲੋਕ ਮਾਰੇ ਗਏ। ਇਸ ਦੌਰਾਨ ਜਪਾਨ ਦੇ ਹਿਰੋਸ਼ੀਮਾ ਅਤੇ ਨਾਗਾਸਾਕੀ 'ਤੇ ਪਰਮਾਣੂ ਬੰਬ ਗਿਰਾਏ ਗਏ, ਜਿਸ ਨਾਲ ਲੱਖਾਂ ਲੋਕ ਤੁਰੰਤ ਮਾਰੇ ਗਏ ਅਤੇ ਬਾਕੀਆਂ ਨੂੰ ਲੰਬੇ ਸਮੇਂ ਤੱਕ ਰੇਡੀਏਸ਼ਨ ਦੇ ਪ੍ਰਭਾਵ ਸਹਿਣੇ ਪਏ। ਇਹ ਘਟਨਾ ਮਨੁੱਖਤਾ ਵਿਰੁੱਧ ਸਭ ਤੋਂ ਵੱਡੇ ਅਪਰਾਧਾਂ ਵਿੱਚੋਂ ਇੱਕ ਮੰਨੀ ਜਾਂਦੀ ਹੈ। ਇਸ ਤੋਂ ਬਾਅਦ ਵੀ ਕੋਰੀਆ, ਵੀਅਤਨਾਮ, ਇਰਾਕ ਅਤੇ ਅਫ਼ਗਾਨਿਸਤਾਨ ਵਰਗੇ ਸੰਘਰਸ਼ਾਂ ਨੇ ਵਿਸ਼ਵ ਸ਼ਾਂਤੀ ਨੂੰ ਚੁਣੌਤੀ ਦਿੱਤੀ। ਹਰ ਜੰਗ ਨੇ ਮਨੁੱਖੀ ਜੀਵਨ ਦੇ ਨਾਲ-ਨਾਲ ਸਮਾਜਕ ਅਤੇ ਆਰਥਿਕ ਢਾਂਚੇ ਨੂੰ ਵੀ ਹਿਲਾ ਕੇ ਰੱਖ ਦਿੱਤਾ। 1945 ਵਿੱਚ ਸੰਯੁਕਤ ਰਾਸ਼ਟਰ ਦੀ ਸਥਾਪਨਾ ਇਸ ਉਮੀਦ ਨਾਲ ਕੀਤੀ ਗਈ ਸੀ ਕਿ ਇਹ ਸੰਸਾਰ ਵਿੱਚ ਸ਼ਾਂਤੀ ਅਤੇ ਸੁਰੱਖਿਆ ਨੂੰ ਯਕੀਨੀ ਬਣਾਏਗਾ। ਇਸ ਦੇ ਚਾਰਟਰ ਅਨੁਸਾਰ, ਕਿਸੇ ਦੇਸ਼ ਵੱਲੋਂ ਬਿਨਾਂ ਜਾਇਜ਼ ਕਾਰਨ ਦੇ ਦੂਜੇ ਦੇਸ਼ 'ਤੇ ਹਮਲਾ ਕਰਨਾ ਗੈਰਕਾਨੂੰਨੀ ਹੈ। ਪਰ ਹਕੀਕਤ ਵਿੱਚ ਕਈ ਵਾਰ ਇਹ ਨਿਯਮ ਕਾਗਜ਼ਾਂ ਤੱਕ ਹੀ ਸੀਮਿਤ ਰਹਿ ਜਾਂਦੇ ਹਨ। ਉਦਾਹਰਨ ਵਜੋਂ 2003 ਦਾ ਇਰਾਕ ਯੁੱਧ ਕਾਫ਼ੀ ਵਿਵਾਦਿਤ ਰਿਹਾ, ਕਿਉਂਕਿ ਬਾਅਦ ਵਿੱਚ ਇਹ ਸਾਬਤ ਨਹੀਂ ਹੋ ਸਕਿਆ ਕਿ ਉੱਥੇ ਨਸ਼ਟ ਕਰਨ ਵਾਲੇ ਹਥਿਆਰ ਮੌਜੂਦ ਸਨ। ਇਸੇ ਤਰ੍ਹਾਂ 2022 ਤੋਂ ਚੱਲ ਰਹੀ ਰੂਸ-ਯੂਕਰੇਨ ਜੰਗ ਵਿੱਚ ਨਾਗਰਿਕ ਢਾਂਚਿਆਂ 'ਤੇ ਹਮਲੇ ਹੋਏ, ਜਿਸ ਨਾਲ ਅੰਤਰਰਾਸ਼ਟਰੀ ਨਿਯਮਾਂ ਦੀ ਉਲੰਘਣਾ ਸਾਫ਼ ਦਿਖਾਈ ਦਿੰਦੀ ਹੈ। ਜਨੇਵਾ ਅਤੇ ਹੇਗ ਸੰਧੀਆਂ ਦੇ ਬਾਵਜੂਦ ਜੰਗਾਂ ਵਿੱਚ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਲਗਾਤਾਰ ਜਾਰੀ ਹੈ। ਸੀਰੀਆ ਵਿੱਚ ਰਸਾਇਣਕ ਹਥਿਆਰਾਂ ਦੀ ਵਰਤੋਂ ਨੇ ਮਨੁੱਖਤਾ ਨੂੰ ਹਿਲਾ ਦਿੱਤਾ। ਯਮਨ ਵਿੱਚ ਹਸਪਤਾਲਾਂ ਅਤੇ ਸਕੂਲਾਂ 'ਤੇ ਹਮਲੇ ਹੋਏ, ਜਿਸ ਨਾਲ ਉੱਥੇ ਭੁੱਖਮਰੀ ਅਤੇ ਬਿਮਾਰੀਆਂ ਵਧ ਗਈਆਂ। ਗਾਜ਼ਾ ਖੇਤਰ ਵਿੱਚ ਵਾਰ-ਵਾਰ ਹੋਣ ਵਾਲੇ ਟਕਰਾਅ ਦੌਰਾਨ ਵੀ ਨਾਗਰਿਕ ਸਭ ਤੋਂ ਵੱਧ ਪ੍ਰਭਾਵਿਤ ਹੁੰਦੇ ਹਨ। ਇਹ ਸਾਰੀਆਂ ਘਟਨਾਵਾਂ ਸਿਰਫ਼ ਕਾਨੂੰਨਾਂ ਦੀ ਨਾਕਾਮੀ ਨਹੀਂ, ਸਗੋਂ ਮਨੁੱਖੀ ਮੁੱਲਾਂ ਦੀ ਵੀ ਹਾਰ ਦਰਸਾਉਂਦੀਆਂ ਹਨ। ਆਧੁਨਿਕ ਯੁੱਧਾਂ ਦਾ ਸਭ ਤੋਂ ਵੱਡਾ ਦੁਖਾਂਤ ਇਹ ਹੈ ਕਿ ਇਨ੍ਹਾਂ ਦਾ ਸਭ ਤੋਂ ਵੱਧ ਨੁਕਸਾਨ ਨਾਗਰਿਕਾਂ ਨੂੰ ਹੁੰਦਾ ਹੈ। ਅੰਕੜਿਆਂ ਅਨੁਸਾਰ, ਅੱਜ ਦੇ ਯੁੱਧਾਂ ਵਿੱਚ ਮਰਨ ਵਾਲਿਆਂ ਵਿੱਚੋਂ 70 ਤੋਂ 90 ਫੀਸਦੀ ਤੱਕ ਨਾਗਰਿਕ ਹੁੰਦੇ ਹਨ। ਅਫ਼ਗਾਨਿਸਤਾਨ ਵਿੱਚ ਡਰੋਨ ਹਮਲਿਆਂ ਦੌਰਾਨ ਕਈ ਵਾਰ ਬੇਗੁਨਾਹ ਲੋਕ ਵੀ ਮਾਰੇ ਗਏ। ਬੱਚੇ, ਔਰਤਾਂ ਅਤੇ ਬਜ਼ੁਰਗ ਇਸ ਦਾ ਸਭ ਤੋਂ ਵੱਡਾ ਸਿਕਾਰ ਬਣਦੇ ਹਨ। ਯੂਨੀਸੈਫ ਦੇ ਅਨੁਸਾਰ, ਜੰਗਾਂ ਕਾਰਨ ਲੱਖਾਂ ਬੱਚੇ ਸਿੱਖਿਆ ਤੋਂ ਵਾਂਝੇ ਰਹਿ ਜਾਂਦੇ ਹਨ, ਜਿਸ ਨਾਲ ਪੂਰੀ ਇੱਕ ਪੀੜ੍ਹੀ ਦਾ ਭਵਿੱਖ ਪ੍ਰਭਾਵਿਤ ਹੁੰਦਾ ਹੈ। ਆਰਥਿਕ ਪੱਖੋਂ ਵੀ ਜੰਗਾਂ ਦੇ ਨਤੀਜੇ ਤਬਾਹੀਕਾਰ ਹੁੰਦੇ ਹਨ। ਜੰਗਾਂ ਨਾਲ ਦੇਸ਼ਾਂ ਦੀ ਆਰਥਿਕਤਾ ਡਿੱਗ ਜਾਂਦੀ ਹੈ, ਬੇਰੁਜ਼ਗਾਰੀ ਵਧਦੀ ਹੈ ਅਤੇ ਤਰੱਕੀ ਦੀ ਗਤੀ ਰੁਕ ਜਾਂਦੀ ਹੈ।


ਜਗਤਾਰ ਲਾਡੀ ਮਾਨਸਾ

ਵਿਸ਼ਵ ਪੱਧਰ 'ਤੇ ਸੈਨਿਕ ਖਰਚ ਲਗਾਤਾਰ ਵਧ ਰਿਹਾ ਹੈ। ਇਹ ਵੱਡੀ ਰਕਮ ਜੇਕਰ ਸਿੱਖਿਆ, ਸਿਹਤ ਅਤੇ ਗਰੀਬੀ ਹਟਾਉਣ 'ਤੇ ਖਰਚ ਕੀਤੀ ਜਾਵੇ, ਤਾਂ ਮਨੁੱਖਤਾ ਲਈ ਵੱਡਾ ਫਾਇਦਾ ਹੋ ਸਕਦਾ ਹੈ। ਵਾਤਾਵਰਨ 'ਤੇ ਜੰਗਾਂ ਦਾ ਪ੍ਰਭਾਵ ਵੀ ਘੱਟ ਗੰਭੀਰ ਨਹੀਂ। ਗਲਫ਼ ਯੁੱਧ ਦੌਰਾਨ ਤੇਲ ਦੇ ਖੂਹਾਂ ਨੂੰ ਅੱਗ ਲਗਾਉਣ ਨਾਲ ਵੱਡੇ ਪੱਧਰ 'ਤੇ ਪ੍ਰਦੂਸ਼ਣ ਫੈਲਿਆ ਸੀ। ਇਸੇ ਤਰ੍ਹਾਂ ਦੂਜੀ ਵਿਸ਼ਵ ਜੰਗ ਦੌਰਾਨ ਹੋਏ ਪ੍ਰਮਾਣੂ ਹਮਲਿਆਂ ਨੇ ਲੰਬੇ ਸਮੇਂ ਲਈ ਵਾਤਾਵਰਨ ਨੂੰ ਨੁਕਸਾਨ ਪਹੁੰਚਾਇਆ। ਆਧੁਨਿਕ ਸਮੇਂ ਵਿੱਚ ਵੀ ਮਿਸਾਈਲਾਂ ਅਤੇ ਰਸਾਇਣਕ ਹਥਿਆਰ ਵਾਤਾਵਰਨ ਨੂੰ ਦੂਸ਼ਿਤ ਕਰ ਰਹੇ ਹਨ। ਜੰਗਾਂ ਦਾ ਸਭ ਤੋਂ ਵੱਡਾ ਮਨੁੱਖੀ ਸੰਕਟ ਬੇਘਰ ਹੋਣਾ ਹੈ। ਸੰਯੁਕਤ ਰਾਸ਼ਟਰ ਦੇ ਅਨੁਸਾਰ, ਦੁਨੀਆ ਵਿੱਚ ਕਰੋੜਾਂ ਲੋਕ ਜੰਗਾਂ ਕਾਰਨ ਆਪਣੇ ਘਰਾਂ ਤੋਂ ਬੇਘਰ ਹੋ ਚੁੱਕੇ ਹਨ। ਮਿਆਨਮਾਰ ਵਿੱਚ ਰੋਹਿੰਗਿਆ ਸੰਕਟ ਇਸਦਾ ਤਾਜ਼ਾ ਉਦਾਹਰਣ ਹੈ, ਜਿੱਥੇ ਲੱਖਾਂ ਲੋਕ ਸ਼ਰਨਾਰਥੀ ਬਣ ਗਏ। ਇਹ ਲੋਕ ਅਜਿਹੀਆਂ ਥਾਵਾਂ 'ਤੇ ਜੀਵਨ ਬਿਤਾਉਂਦੇ ਹਨ, ਜਿੱਥੇ ਉਨ੍ਹਾਂ ਨੂੰ ਬੁਨਿਆਦੀ ਸਹੂਲਤਾਂ ਵੀ ਮੁਸ਼ਕਲ ਨਾਲ ਮਿਲਦੀਆਂ ਹਨ। ਜੰਗੀ ਅਪਰਾਧਾਂ ਨੂੰ ਰੋਕਣ ਲਈ ਅੰਤਰਰਾਸ਼ਟਰੀ ਅਦਾਲਤਾਂ ਦੀ ਭੂਮਿਕਾ ਵੀ ਸੀਮਿਤ ਰਹੀ ਹੈ। ਇੰਟਰਨੈਸ਼ਨਲ ਕ੍ਰਿਮਿਨਲ ਕੋਰਟ ਦਾ ਮਕਸਦ ਦੋਸ਼ੀਆਂ ਨੂੰ ਸਜ਼ਾ ਦੇਣਾ ਹੈ, ਪਰ ਕਈ ਵੱਡੇ ਦੇਸ਼ ਇਸਦੀ ਅਧਿਕਾਰਤਾ ਨੂੰ ਸਵੀਕਾਰ ਨਹੀਂ ਕਰਦੇ। ਇਸ ਕਾਰਨ ਕਈ ਵਾਰ ਨਿਆਂ ਅਧੂਰਾ ਰਹਿ ਜਾਂਦਾ ਹੈ ਅਤੇ ਨਿਯਮ ਕਾਗਜ਼ੀ ਬਣ ਕੇ ਰਹਿ ਜਾਂਦੇ ਹਨ। ਆਧੁਨਿਕ ਸਮੇਂ ਵਿੱਚ ਜੰਗਾਂ ਦੀ ਪ੍ਰਕਿਰਤੀ ਵੀ ਬਦਲ ਰਹੀ ਹੈ। ਡਰੋਨ ਹਮਲੇ, ਸਾਈਬਰ ਯੁੱਧ ਅਤੇ ਆਤੰਕਵਾਦ ਨੇ ਜੰਗ ਨੂੰ ਹੋਰ ਪੇਚੀਦਾ ਬਣਾ ਦਿੱਤਾ ਹੈ। ਇਨ੍ਹਾਂ ਵਿੱਚ ਜ਼ਿੰਮੇਵਾਰੀ ਤੈਅ ਕਰਨਾ ਮੁਸ਼ਕਲ ਹੋ ਜਾਂਦਾ ਹੈ, ਜਿਸ ਨਾਲ ਅੰਤਰਰਾਸ਼ਟਰੀ ਕਾਨੂੰਨਾਂ ਦੀ ਲਾਗੂ ਕਰਨ ਦੀ ਪ੍ਰਕਿਰਿਆ ਹੋਰ ਵੀ ਕਠਿਨ ਬਣ ਜਾਂਦੀ ਹੈ। ਅਸਲ ਚੁਣੌਤੀ ਕਾਨੂੰਨਾਂ ਦੀ ਘਾਟ ਨਹੀਂ, ਸਗੋਂ ਉਨ੍ਹਾਂ ਦੀ ਲਾਗੂ ਕਰਨ ਦੀ ਕਮੀ ਹੈ। ਜਦ ਤੱਕ ਦੇਸ਼ ਆਪਣੇ ਸਵਾਰਥਾਂ ਤੋਂ ਉੱਪਰ ਉੱਠ ਕੇ ਮਨੁੱਖਤਾ ਨੂੰ ਪਹਿਲ ਨਹੀਂ ਦੇਣਗੇ, ਤਦ ਤੱਕ ਇਹ ਨਿਯਮ ਪ੍ਰਭਾਵਸ਼ਾਲੀ ਨਹੀਂ ਹੋ ਸਕਦੇ। ਦੋਹਰੇ ਮਾਪਦੰਡ ਅਤੇ ਰਾਜਨੀਤਿਕ ਹਿਤ ਅਕਸਰ ਨਿਆਂ ਦੇ ਰਸਤੇ ਵਿੱਚ ਰੁਕਾਵਟ ਬਣਦੇ ਹਨ। ਇਸ ਸਥਿਤੀ ਵਿੱਚ ਇਕੋ ਇੱਕ ਸਥਾਈ ਹੱਲ ਸ਼ਾਂਤੀ ਹੈ। ਸੰਵਾਦ, ਕੂਟਨੀਤੀ ਅਤੇ ਅੰਤਰਰਾਸ਼ਟਰੀ ਸਹਿਯੋਗ ਰਾਹੀਂ ਹੀ ਸੰਘਰਸ਼ਾਂ ਦਾ ਹੱਲ ਸੰਭਵ ਹੈ। ਸਿੱਖਿਆ ਵਿੱਚ ਮਨੁੱਖੀ ਮੁੱਲਾਂ, ਸਹਿਨਸ਼ੀਲਤਾ ਅਤੇ ਸ਼ਾਂਤੀ ਦੀ ਸੰਸਕ੍ਰਿਤੀ ਨੂੰ ਵਧਾਵਾ ਦੇਣਾ ਬਹੁਤ ਜ਼ਰੂਰੀ ਹੈ। ਅੰਤ ਵਿੱਚ ਇਹ ਕਹਿਣਾ ਗਲਤ ਨਹੀਂ ਹੋਵੇਗਾ ਕਿ ਜੰਗਾਂ ਵਿੱਚ ਜਿੱਤ ਕਿਸੇ ਦੀ ਵੀ ਹੋਵੇ, ਹਾਰ ਹਮੇਸ਼ਾਂ ਮਨੁੱਖਤਾ ਦੀ ਹੀ ਹੁੰਦੀ ਹੈ। ਜਦ ਤੱਕ ਦੁਨੀਆ ਮਨੁੱਖਤਾ ਨੂੰ ਤਾਕਤ ਤੋਂ ਉੱਪਰ ਨਹੀਂ ਰੱਖਦੀ, ਤਦ ਤੱਕ ਜੰਗਾਂ ਅਤੇ ਉਨ੍ਹਾਂ ਨਾਲ ਜੁੜੇ ਦੁੱਖਾਂ ਦਾ ਸਿਲਸਿਲਾ ਜਾਰੀ ਰਹੇਗਾ। ਇਸ ਲਈ ਲੋੜ ਹੈ ਕਿ ਜੰਗਾਂ ਨਾ ਹੋਣ, ਅਤੇ ਜੇਕਰ ਹੁੰਦੀਆਂ ਵੀ ਹਨ ਤਾਂ ਕਾਨੂੰਨਾਂ ਦਾ ਪੂਰਾ ਖਿਆਲ ਰੱਖਿਆ ਜਾਵੇ, ਤਾਂ ਜੋ ਬੇਕਸੂਰ ਬੱਚੇ, ਔਰਤਾਂ, ਬਜ਼ੁਰਗ ਅਤੇ ਵਾਤਾਵਰਨ ਇਸ ਦੀ ਲਪੇਟ ਵਿੱਚ ਨਾ ਆਉਣ।

**ਸੰਪਰਕ** : 9463603091

# ਮੱਧ-ਪੂਰਬ ਦੀ ਜੰਗ ਦੇ ਧੂੰਏਂ 'ਚ ਡੋਲਦਾ ਅਮਰੀਕੀ ਡਾਲਰ

ਜ਼ਿਕਰ ਪੰਜਾਬ

ਅਮਰੀਕਾ-ਇਜ਼ਰਾਇਲ ਅਤੇ ਈਰਾਨ ਵਿਚਕਾਰ ਵੱਧਦਾ ਯੁੱਧ ਸਿਰਫ਼ ਸੁਰੱਖਿਆ ਜਾਂ ਰਾਜਨੀਤਿਕ ਮਸਲਾ ਨਹੀਂ, ਸਗੋਂ ਵਿਸ਼ਵ ਅਰਥਵਿਵਸਥਾ—ਖ਼ਾਸ ਕਰਕੇ ਡਾਲਰ ਦੀ ਹਕੂਮਤ—ਲਈ ਵੀ ਇੱਕ ਵੱਡਾ ਖਤਰਾ ਬਣ ਸਕਦਾ ਹੈ। ਅਮਰੀਕੀ ਡਾਲਰ ਦਹਾਕਿਆਂ ਤੋਂ ਵਿਸ਼ਵ ਦੀ ਰਿਜ਼ਰਵ ਕਰੰਸੀ ਰਿਹਾ ਹੈ, ਪਰ ਜਦੋਂ ਯੁੱਧ, ਅਸਥਿਰਤਾ ਅਤੇ ਭਰੋਸੇ ਦੀ ਘਾਟ ਵਧੇਗੀ, ਤਾਂ ਡਾਲਰ ਦੀ ਪੁਜ਼ੀਸ਼ਨ ਵੀ ਹਿਲ ਸਕਦੀ ਹੈ। ਸਭ ਤੋਂ ਪਹਿਲਾਂ, ਇਹ ਸਮਝਣਾ ਜ਼ਰੂਰੀ ਹੈ ਕਿ ਅਮਰੀਕੀ ਡਾਲਰ ਦੀ ਤਾਕਤ ਸਿਰਫ਼ ਅਮਰੀਕਾ ਦੀ ਅਰਥਵਿਵਸਥਾ ਨਾਲ ਨਹੀਂ, ਸਗੋਂ ਦੁਨੀਆ ਦੇ ਭਰੋਸੇ ਨਾਲ ਜੁੜੀ ਹੋਈ ਹੈ। ਜਦੋਂ ਅਮਰੀਕਾ ਵੱਡੇ ਪੱਧਰ 'ਤੇ ਯੁੱਧਾਂ ਵਿੱਚ ਸ਼ਾਮਲ ਹੁੰਦਾ ਹੈ—ਜਿਵੇਂ ਕਿ ਈਰਾਨ ਨਾਲ ਟਕਰਾਅ—ਤਾਂ ਉਸਦੇ ਖਰਚੇ ਵੱਧਦੇ ਹਨ, ਕਰਜ਼ਾ ਵੱਧਦਾ ਹੈ ਅਤੇ ਫਿਸਕਲ ਦਬਾਅ ਪੈਦਾ ਹੁੰਦਾ ਹੈ, ਜਿਹੜਾ ਡਾਲਰ ਦੀ ਮਜ਼ਬੂਤੀ ਨੂੰ ਕਮਜ਼ੋਰ ਕਰ ਸਕਦਾ ਹੈ। ਇੱਕ ਹੋਰ ਪੱਖ, ਪੈਟਰੋਲੀਅਮ ਪਦਾਰਥਾਂ ਅਤੇ ਮੱਧ-ਪੂਰਬ ਨਾਲ ਜੁੜਿਆ ਹੈ। ਦੁਨੀਆਂ ਦਾ ਵੱਡਾ ਹਿੱਸਾ ਪੈਟਰੋਲੀਅਮ ਪਦਾਰਥਾਂ ਦੀ ਖਰੀਦ-ਫਰੋਖ਼ਤ ਡਾਲਰ ਵਿੱਚ ਕਰਦਾ ਹੈ, ਜਿਸਨੂੰ 'ਪੈਟਰੋਡਾਲਰ ਸਿਸਟਮ' ਕਿਹਾ ਜਾਂਦਾ ਹੈ। ਜੇਕਰ ਈਰਾਨ ਨਾਲ ਯੁੱਧ ਹੋਰ ਖਿੱਚਦਾ ਹੈ ਅਤੇ ਹਾਰਮੁਜ਼ ਸਟ?ਰੇਟ ਵਰਗੇ ਮਹੱਤਵਪੂਰਨ ਰਾਸਤੇ ਪ੍ਰਭਾਵਿਤ ਹੁੰਦੇ ਹਨ, ਤਾਂ ਤੇਲ ਸਪਲਾਈ ਵਿੱਚ ਰੁਕਾਵਟ ਆ ਸਕਦੀ ਹੈ। ਇਸ ਨਾਲ ਸੰਸਾਰ ਦੇ ਹੋਰ ਮੁਲਕ ਲੈਣ-ਦੇਣ ਵਿੱਚ ਹੋਰ ਆਪਸ਼ਨਸ ਲੱਭਣਗੇ—ਜਿਵੇਂ ਕਿ ਯੂਆਨ ਜਾਂ ਹੋਰ ਕਰੰਸੀ ਵਿੱਚ ਵਪਾਰ ਜਿਹੜਾ ਡਾਲਰ ਦੀ ਮੰਗ ਨੂੰ ਸਿੱਧਾ ਘਟਾ ਜਾਂ ਬੁਰੀ ਤਰ੍ਹਾਂ ਪ੍ਰਭਾਵਿਤ ਕਰ ਸਕਦਾ ਹੈ। ਜੇਕਰ ਯੁੱਧ ਲੰਮੇ ਸਮੇਂ ਤੱਕ ਚੱਲਦਾ ਹੈ, ਤਾਂ ਹੋਰ ਵੱਡੀਆਂ ਅਰਥਵਿਵਸਥਾਵਾਂ—ਜਿਵੇਂ ਚੀਨ ਅਤੇ ਰੂਸ—ਡਾਲਰ ਤੋਂ ਦੂਰੀ ਬਣਾਉਣ ਦੀ ਕੋਸ਼ਿਸ਼ ਕਰਨਗੇ ਜੋ ਪਹਿਲਾਂ ਹੀ ਡਾਲਰ ਦੇ ਵਿਰੁੱਧ ਹਨ। ਰੂਸ ਵਰਗਾ ਸ਼ਕਤੀਸਾਲੀ ਦੇਸ਼ ਕਾਫੀ ਹੱਦ ਤੱਕ ਡਾਲਰ ਤੋਂ ਕਿਨਾਰਾ ਕਰ ਚੁੱਕਿਆਂ ਹੈ। ਇਹ "ਡੀ-ਡਾਲਰਾਈਜ਼ੇਸ਼ਨ ਦੀ ਪ੍ਰਕਿਰਿਆ ਨੂੰ ਤੇਜ਼ੀ ਪ੍ਰਦਾਨ ਕਰੇਗਾ। ਜੇਕਰ ਅਮਰੀਕਾ-ਈਰਾਨ ਯੁੱਧ ਹੋਰ ਵੱਧਦਾ ਹੈ, ਜਿਸਦੇ ਆਸਾਰ ਵੀ ਹਨ, ਤਾਂ ਇਹ ਰੁਝਾਨ ਹੋਰ ਮਜ਼ਬੂਤ ਹੋ ਸਕਦਾ ਹੈ, ਜਿਸ ਨਾਲ ਡਾਲਰ ਦੀ ਸੰਸਾਰ 'ਤੇ ਪਕੜ ਹੌਲੀ-ਹੌਲੀ ਢਿੱਲੀ ਪੈ ਸਕਦੀ ਹੈ। ਇਸ ਸੰਦਰਭ ਵਿੱਚ ਇਰਾਕ ਅਤੇ ਸੱਦਾਮ ਹੁਸੈਨ ਦਾ ਮਾਮਲਾ ਵੀ ਮਹੱਤਵਪੂਰਨ ਹੈ। ਸੰਨ 2000 ਦੇ ਸ਼ੁਰੂਆਤੀ ਦਹਾਕੇ ਵਿੱਚ ਸੱਦਾਮ ਹੁਸੈਨ ਨੇ ਤੇਲ ਦੀ ਵਿਕਰੀ ਡਾਲਰ ਦੀ ਬਜਾਏ ਯੂਰੋ ਵਿੱਚ ਕਰਨ ਦੀ ਕੋਸ਼ਿਸ਼ ਕੀਤੀ ਸੀ। ਇਸ ਕਦਮ ਨੂੰ ਕਈ ਰਣਨੀਤੀਘਾੜੇ ਡਾਲਰ ਲਈ ਇੱਕ ਚੁਣੌਤੀ ਵਜੋਂ ਵੇਖਦੇ ਹਨ। ਸੰਨ 2003 ਵਿੱਚ ਅਮਰੀਕਾ ਵੱਲੋਂ ਇਰਾਕ 'ਤੇ ਹਮਲੇ ਤੋਂ ਬਾਅਦ ਇਹ ਨੀਤੀ ਖਤਮ ਹੋ ਗਈ। ਇਹ ਘਟਨਾ ਦੱਸਦੀ ਹੈ ਕਿ ਡਾਲਰ ਦੀ ਹਕੂਮਤ ਸਿਰਫ਼ ਅਰਥਵਿਵਸਥਾ ਨਾਲ ਨਹੀਂ, ਸਗੋਂ ਜਿਓ-ਪਾੱਲਿਟਿਕਲ ਤਾਕਤ ਨਾਲ ਵੀ ਜੁੜੀ ਹੋਈ ਹੈ। ਇਸੇ ਤਰ੍ਹਾਂ 3 ਜਨਵਰੀ 2026 ਨੂੰ ਅਮਰੀਕਾ ਵੱਲੋਂ ਕੀਤੀ ਗਈ 'ਓਪਰੇਸ਼ਨ ਐਬਸੋਲਿਊਟ ਰਿਜ਼ੋਲਵ' ਅਧੀਨ ਕਾਰਵਾਈ—ਜਿਸ ਵਿੱਚ ਨਿਕੋਲਸ ਮਾਦੁਰੋ ਨੂੰ ਗ੍ਰਿਫ਼ਤਾਰ ਕੀਤਾ ਗਿਆ, ਇਹ ਦਰਸਾਉਂਦੀ ਹੈ ਕਿ ਅਮਰੀਕਾ ਆਪਣੀ ਗਲੋਬਲ ਪੁਜ਼ੀਸ਼ਨ ਬਣਾਈ ਰੱਖਣ ਲਈ ਸਿੱਧੀ ਦਖਲਅੰਦਾਜ਼ੀ ਵੀ ਕਰ ਸਕਦਾ ਹੈ। ਵੈੱਨਜ਼ੁਏਲਾ, ਜੋ ਦੁਨੀਆਂ ਦੇ ਸਭ ਤੋਂ ਵੱਡੇ ਤੇਲ ਭੰਡਾਰਾਂ ਵਿੱਚੋਂ ਇੱਕ ਹੈ, ਲੰਮੇ ਸਮੇਂ ਤੋਂ ਡਾਲਰ ਤੋਂ ਹੱਟ ਕੇ ਹੋਰ ਕਰੰਸੀ ਵਿੱਚ ਵਪਾਰ ਕਰਨ ਦੀ ਕੋਸ਼ਿਸ਼ ਕਰ ਰਿਹਾ ਸੀ। ਇਸ ਕਾਰਵਾਈ ਨੇ ਹੋਰ ਦੇਸ਼ਾਂ ਨੂੰ ਇਹ ਸੰਦੇਸ਼ ਦਿੱਤਾ ਕਿ ਡਾਲਰ ਸਿਸਟਮ ਨੂੰ ਚੁਣੌਤੀ ਦੇਣਾ ਆਸਾਨ ਨਹੀਂ, ਪਰ ਇਸ ਨਾਲ ਇੱਕ ਡਰ ਵੀ ਪੈਦਾ ਹੁੰਦਾ ਹੈ ਜੋ ਅੱਗੇ ਚੱਲ ਕੇ ਦੇਸ਼ਾਂ ਨੂੰ ਹੋਰ ਕਰੰਸੀ



ਅਪਾਨਾਉਣ ਵੱਲ ਧੱਕ ਸਕਦਾ ਹੈ। ਡੋਨਾਲਡ ਟਰੰਪ ਵੱਲੋਂ ਨਾਟੋ ਦੇਸ਼ਾਂ ਖ਼ਿਲਾਫ਼ ਦਿੱਤੇ ਬਿਆਨਾਂ ਨੇ ਅੰਤਰਰਾਸ਼ਟਰੀ ਰਾਜਨੀਤੀ ਅਤੇ ਅਰਥਵਿਵਸਥਾ ਵਿੱਚ ਨਵੀਂ ਚਰਚਾ ਨੂੰ ਜਨਮ ਦਿੱਤਾ ਹੈ। ਟਰੰਪ ਨੇ ਕਈ ਵਾਰ ਕਿਹਾ ਕਿ ਨਾਟੋ ਦੇ ਮੈਂਬਰ ਦੇਸ਼ ਆਪਣਾ ਵਾਜਬ ਖਰਚ ਨਹੀਂ ਕਰ ਰਹੇ ਅਤੇ ਅਮਰੀਕਾ 'ਤੇ ਜ਼ਿਆਦਾ ਬੋਝ ਪੈ ਰਿਹਾ ਹੈ। ਉਸਨੇ ਇਹ ਵੀ ਸੰਕੇਤ ਦਿੱਤਾ ਕਿ ਜੇ ਯੂਰਪੀ ਦੇਸ਼ ਆਪਣੀ ਜ਼ਿੰਮੇਵਾਰੀ ਨਹੀਂ ਨਿਭਾਉਂਦੇ, ਤਾਂ ਅਮਰੀਕਾ ਉਨ੍ਹਾਂ ਦੀ ਰੱਖਿਆ ਕਰਨ ਲਈ ਬੱਝਿਆ ਨਹੀਂ ਰਹੇਗਾ। ਅਮਰੀਕੀ ਡਾਲਰ ਦੀ ਗਲੋਬਲ ਪੁਜ਼ੀਸ਼ਨ ਭਰੋਸੇ ਅਤੇ ਸਥਿਰਤਾ 'ਤੇ ਨਿਰਭਰ ਕਰਦੀ ਹੈ। ਜਦੋਂ ਅਮਰੀਕਾ ਆਪਣੇ ਪੁਰਾਣੇ ਸਾਥੀਆਂ ਨਾਲ ਸੰਬੰਧਾਂ ਨੂੰ ਕਮਜ਼ੋਰ ਕਰਦਾ ਦਿੱਸਦਾ ਹੈ, ਤਾਂ ਨਿਵੇਸ਼ਕਾਂ ਵਿੱਚ ਬੇਚੈਨੀ ਵੱਧਦੀ ਹੈ। ਇਹ ਬੇਚੈਨੀ ਡਾਲਰ ਦੀ ਮੰਗ 'ਤੇ ਅਸਰ ਪਾ ਸਕਦੀ ਹੈ।ਟਰੰਪ ਦੇ ਬਿਆਨਾਂ ਨਾਲ ਯੂਰਪ ਵਿੱਚ ਇਹ ਚਿੰਤਾ ਵਧੀ ਕਿ ਉਨ੍ਹਾਂ ਨੂੰ ਆਪਣੀ ਸੁਰੱਖਿਆ ਲਈ ਖੁਦ ਨਵੇਂ ਪ੍ਰਬੰਧ ਕਰਨੇ ਪੈਣਗੇ। ਇਸ ਨਾਲ ਯੂਰਪੀ ਸੰਘ ਦੇ ਅੰਦਰ ਆਰਥਿਕ ਅਤੇ ਰਾਜਨੀਤਿਕ ਖੁਦਮੁਖਤਿਆਰੀ ਵੱਲ ਰੁਝਾਨ ਵਧ ਸਕਦਾ ਹੈ, ਜੋ ਡਾਲਰ ਦੀ ਬਜਾਏ ਯੂਰੋ ਜਾਂ ਹੋਰ ਕਰੰਸੀਆਂ ਦੀ ਵਰਤੋਂ ਨੂੰ ਪ੍ਰੋਤਸਾਹਿਤ ਕਰ ਸਕਦਾ ਹੈ। ਇੱਕ ਹੋਰ ਮਹੱਤਵਪੂਰਨ ਕਾਰਕ ਭਰੋਸਾ ਹੈ। ਜਦੋਂ ਵਿਸ਼ਵ ਵਿੱਚ ਯੁੱਧ ਅਤੇ ਅਸਥਿਰਤਾ ਵੱਧਦੀ ਹੈ, ਤਾਂ ਨਿਵੇਸ਼ਕ ਸੁਰੱਖਿਅਤ ਥਾਵਾਂ ਦੀ ਭਾਲ ਕਰਦੇ ਹਨ। ਕਈ ਵਾਰ ਡਾਲਰ ਮਜ਼ਬੂਤ ਵੀ ਹੁੰਦਾ ਹੈ ਕਿਉਂਕਿ ਇਹ 'ਸੇਫ਼ ਹੈਵਨ' ਮੰਨਿਆ ਜਾਂਦਾ ਹੈ, ਪਰ ਜੇਕਰ ਯੁੱਧ ਦਾ ਕੇਂਦਰ ਅਮਰੀਕਾ ਖੁਦ ਬਣ ਜਾਂਦਾ ਹੈ, ਤਾਂ ਇਹ ਭਰੋਸਾ ਡੋਲ ਸਕਦਾ ਹੈ। ਲੰਮੇ ਸਮੇਂ ਵਿੱਚ ਇਹ ਡਾਲਰ ਲਈ ਨੁਕਸਾਨਦਾਇਕ ਸਾਬਤ ਹੋ ਸਕਦਾ ਹੈ।ਜੇਕਰ ਮੱਧ-ਪੂਰਬ ਵਿੱਚ ਨਿਊਕਲੀਅਰ ਤਣਾਅ ਵੱਧਦਾ ਹੈ, ਤਾਂ ਇਹ ਗਲੋਬਲ ਮਾਰਕੀਟ ਵਿੱਚ ਘਬਰਾਹਟ ਪੈਦਾ ਕਰੇਗਾ। ਸਟਾਕ ਮਾਰਕੀਟਾਂ ਡਿੱਗ ਸਕਦੀਆਂ ਹਨ, ਤੇਲ ਦੀਆਂ ਕੀਮਤਾਂ ਚੜ੍ਹ ਸਕਦੀਆਂ ਹਨ ਅਤੇ ਵਪਾਰ ਵਿੱਚ ਰੁਕਾਵਟ ਆ ਸਕਦੀ ਹੈ। ਇਹ ਸਾਰੇ ਕਾਰਕ ਮਿਲ ਕੇ ਅਮਰੀਕੀ ਅਰਥਵਿਵਸਥਾ 'ਤੇ ਦਬਾਅ ਪਾਉਂਦੇ ਹਨ, ਜੋ ਅਖੀਰਕਾਰ ਡਾਲਰ ਦੀ ਕੀਮਤ 'ਤੇ ਪ੍ਰਭਾਵ ਪਾਉਂਦਾ ਹੈ। ਅੰਤ ਵਿੱਚ, ਇਹ ਕਹਿਣਾ ਸਹੀ ਹੈ ਕਿ ਅਮਰੀਕਾ-ਇਜ਼ਰਾਇਲ ਅਤੇ ਈਰਾਨ ਦਾ ਯੁੱਧ ਡਾਲਰ ਲਈ ਤੁਰੰਤ ਖਤਰਾ ਨਹੀਂ, ਪਰ ਲੰਬੇ ਸਮੇਂ ਵਿੱਚ ਇਹ ਇਸਦੀ ਗਲੋਬਲ ਹਕੂਮਤ ਨੂੰ ਚੁਣੌਤੀ ਦੇ ਸਕਦਾ ਹੈ। ਜੇ ਯੁੱਧ ਲੰਮਾ ਚਲਦਾ ਹੈ, ਜੇ ਹੋਰ ਦੇਸ਼ ਚੀਨ ਅਤੇ ਰੂਸ ਦੇ ਪ੍ਰਭਾਵ ਤੋਂ ਡਾਲਰ ਤੋਂ ਦੂਰ ਜਾਣ ਲੱਗਦੇ ਹਨ ਅਤੇ ਜੇ ਹੋਰ ਕਰੰਸੀ-ਬ੍ਰਿਕਸ ਕਰੰਸੀ-ਵਿਕਲਪ ਦੇ ਤੌਰ 'ਤੇ ਆਉਂਦੀ ਹੈ ਤਾਂ ਡਾਲਰ ਦੀ ਪਕੜ ਕਮਜ਼ੋਰ ਹੋ ਸਕਦੀ ਹੈ। ਇਸ ਲਈ, ਇਹ ਯੁੱਧ ਸਿਰਫ਼ ਜੰਗ ਦਾ ਮੈਦਾਨ ਨਹੀਂ, ਸਗੋਂ ਇੱਕ ਆਰਥਿਕ ਲੜਾਈ ਵੀ ਹੈ—ਜਿੱਥੇ ਡਾਲਰ ਦੀ ਹਕੂਮਤ ਵੀ ਦਾਅ 'ਤੇ ਲੱਗੀ ਹੋਈ ਹੈ।

**ਰਾਜ ਕੁਮਾਰ ਖੰਨਾ**
**(ਐੱਮ.ਏ.,ਐੱਮ.ਫਿਲ.)**
**ਸੰਪਰਕ** : 9988401976

# ਸਾਹਨੇਵਾਲ ਰੈਲੀ 'ਚ ਆਪ ਸਰਕਾਰ ਦੇ ਮਾਡਲ ਦੀ ਗੂੰਜ

## ਮਨੀਸ਼ ਸਿਸੋਦੀਆ ਬੋਲੇ- ਜਦੋਂ ਹਰ ਪਰਿਵਾਰ ਦਾ ਬੱਚਾ ਚੰਗਾ ਪੜ੍ਹ ਲਿਖ ਜਾਵੇਗਾ, ਉਦੋਂ ਸਾਡਾ ਸਮਾਜ ਤੇ ਦੇਸ਼ ਤਰੱਕੀ ਕਰੇਗਾ, ਇਹੀ ਆਪ ਸਰਕਾਰ ਦਾ ਅਸਲੀ ਮਿਸ਼ਨ ਹੈ

ਜ਼ਿਕਰ ਪੰਜਾਬ

**ਸਾਹਨੇਵਾਲ (ਲੁਧਿਆਣਾ)/ ਗੀਤਾ ਸਕਸੈਨਾ**

**ਹਰਦੀਪ ਸਿੰਘ ਮੁੰਡੀਆਂ ਨੇ ਆਪਣੀ ਬੇਟੀ ਦੇ ਜਨਮ ਦਿਨ ਮੌਕੇ ਕੀਤੀ ਨਿਵੇਕਲੀ ਪਹਿਲ - ਹਲਕੇ ਦੇ ਨੌਜਵਾਨਾਂ ਨੂੰ ਵੰਡੀਆਂ ਸਪੋਰਟਸ ਕਿੱਟਾਂ, ਔਰਤਾਂ ਨੂੰ ਸਿਲਾਈ ਮਸ਼ੀਨਾਂ**

ਸਾਹਨੇਵਾਲ ਵਿਧਾਨ ਸਭਾ ਹਲਕੇ ਦੇ ਖਾਸੀ ਕਲਾਂ ਸਥਿਤ ਦਾਣਾ ਮੰਡੀ ਵਿਖੇ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਦੀ ਅਗਵਾਈ ਹੇਠ ਇੱਕ ਵਿਸ਼ਾਲ ਰੈਲੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸੀਨੀਅਰ 'ਆਪ' ਆਗੂ ਮਨੀਸ਼ ਸਿਸੋਦੀਆ ਉਚੇਚੇ ਤੌਰ 'ਤੇ ਪੁੱਜੇ। ਹਜ਼ਾਰਾਂ ਦੀ ਗਿਣਤੀ ਵਿੱਚ ਲੋਕਾਂ ਦੀ ਹਾਜ਼ਰੀ ਨੇ ਇਹ ਸਾਬਤ ਕਰ ਦਿੱਤਾ ਕਿ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਨੂੰ ਜਨਤਾ ਵੱਲੋਂ ਭਰਪੂਰ ਸਮਰਥਨ ਮਿਲ ਰਿਹਾ ਹੈ। ਵਿਸ਼ਾਲ ਰੈਲੀ ਦੌਰਾਨ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਅਤੇ ਮਨੀਸ਼ ਸਿਸੋਦੀਆ ਨੇ ਸਾਂਝੇ ਤੌਰ 'ਤੇ






ਲੋਕਾਂ ਨੂੰ ਸੰਬੋਧਨ ਕਰਦਿਆਂ ਆਮ ਆਦਮੀ ਪਾਰਟੀ ਦੀ ਇਮਾਨਦਾਰ ਅਤੇ ਲੋਕ-ਕੇਂਦਰਿਤ ਰਾਜਨੀਤੀ ਨੂੰ ਉਭਾਰਿਆ। ਦੋਵੇਂ ਆਗੂਆਂ ਨੇ ਇੱਕ ਸੁਰ ਵਿੱਚ ਕਿਹਾ ਕਿ ਆਮ ਆਦਮੀ ਪਾਰਟੀ ਦਾ ਮਕਸਦ ਸਿਰਫ ਸੱਤਾ ਹਾਸਲ ਕਰਨਾ ਨਹੀਂ, ਸਗੋਂ ਲੋਕਾਂ ਦੀ ਜ਼ਿੰਦਗੀ ਵਿੱਚ ਅਸਲ ਬਦਲਾਅ ਲਿਆਉਣਾ ਹੈ। ਹਰਦੀਪ ਸਿੰਘ ਮੁੰਡੀਆਂ ਅਤੇ ਮਨੀਸ਼ ਸਿਸੋਦੀਆ ਨੇ ਕਿਹਾ ਕਿ ਦਿੱਲੀ ਵਿੱਚ ਸ਼ੁਰੂ ਹੋਈ ਇਮਾਨਦਾਰੀ ਦੀ ਰਾਜਨੀਤੀ ਹੁਣ ਪੰਜਾਬ ਵਿੱਚ ਵੀ ਮਜ਼ਬੂਤੀ ਨਾਲ ਅੱਗੇ ਵਧ ਰਹੀ ਹੈ ਅਤੇ ਲੋਕ ਇਸ ਨੂੰ ਪੂਰਾ ਸਮਰਥਨ ਦੇ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਅੱਜ ਲੋਕਾਂ ਨੂੰ ਵਧੀਆ ਸਿੱਖਿਆ, ਮੁਫ਼ਤ ਬਿਜਲੀ ਅਤੇ ਸਿਹਤ ਸਹੂਲਤਾਂ ਮਿਲ ਰਹੀਆਂ ਹਨ, ਜੋ ਇੱਕ ਜ਼ਿੰਮੇਵਾਰ ਸਰਕਾਰ ਦੀ ਅਸਲੀ ਪਹਿਚਾਣ ਹੈ। ਦੋਵੇਂ ਆਗੂਆਂ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਸੁਪਰੀਮੋ ਸ਼?ਰੀ ਅਰਵਿੰਦ ਕੇਜਰੀਵਾਲ ਦੀ ਅਗਵਾਈ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਸੋਚ ਅਤੇ ਨੀਤੀਆਂ ਨੇ ਰਾਜਨੀਤੀ ਨੂੰ ਨਵੀਂ ਦਿਸ਼ਾ ਦਿੱਤੀ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਇਮਾਨਦਾਰ ਅਤੇ ਵਿਕਾਸ ਪਸੰਦ ਰਾਜਨੀਤੀ ਦਾ ਸਾਥ ਦੇਣ ਤਾਂ ਜੋ ਪੰਜਾਬ ਨੂੰ ਤਰੱਕੀ ਦੇ ਰਾਹ 'ਤੇ ਹੋਰ ਅੱਗੇ ਲਿਆਂਦਾ ਜਾ ਸਕੇ। ਰੈਲੀ ਨੂੰ ਸੰਬੋਧਨ ਕਰਦਿਆਂ ਮਨੀਸ਼ ਸਿਸੋਦੀਆ ਨੇ ਕਿਹਾ ਕਿ ਕਦੇ ਵਿਰੋਧੀ ਪਾਰਟੀਆਂ ਦਾਅਵਾ ਕਰਦੀਆਂ ਸਨ ਕਿ ਇਮਾਨਦਾਰੀ ਅਤੇ ਸਾਦਗੀ ਨਾਲ ਰਾਜਨੀਤੀ ਨਹੀਂ ਕੀਤੀ ਜਾ ਸਕਦੀ। ਪਰ ਅੱਜ ਦਿੱਲੀ ਤੋਂ ਸ਼ੁਰੂ ਹੋਈ ਇਹ ਰਾਜਨੀਤੀ ਪੰਜਾਬ ਤੱਕ ਪਹੁੰਚ ਚੁੱਕੀ ਹੈ ਅਤੇ ਲੋਕ ਇਸਨੂੰ ਦਿਲੋਂ ਸਵੀਕਾਰ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਦੇਖ ਕੇ ਮਾਣ ਮਹਿਸੂਸ ਹੁੰਦਾ ਹੈ ਕਿ ਪੰਜਾਬ ਦੇ ਲੋਕ ਹੁਣ ਇਮਾਨਦਾਰ ਸਰਕਾਰ ਦੇ ਨਾਲ ਖੜ੍ਹੇ ਹਨ। ਉਨ੍ਹਾਂ ਨੇ ਕਿਹਾ ਕਿ ਪਹਿਲਾਂ ਨੇਤਾਵਾਂ ਦੇ ਜਨਮ ਦਿਨਾਂ 'ਤੇ ਠੇਕੇ ਵੰਡੇ ਜਾਂਦੇ ਸਨ, ਪਰ ਅੱਜ ਆਮ ਆਦਮੀ ਪਾਰਟੀ ਦੇ ਆਗੂ ਆਪਣੇ ਬੱਚਿਆਂ ਦੇ ਜਨਮ ਦਿਨਾਂ 'ਤੇ ਲੋਕਾਂ ਨੂੰ ਸਪੋਰਟਸ ਕਿੱਟਾਂ ਅਤੇ ਸਿਲਾਈ ਮਸ਼ੀਨਾਂ ਵੰਡ ਰਹੇ ਹਨ, ਜੋ ਸੱਚੀ ਸੇਵਾ ਦੀ ਨਿਸ਼ਾਨੀ ਹੈ। ਅੰਤ ਵਿੱਚ ਉਨ੍ਹਾਂ ਕਿਹਾ ਕਿ ਇਹ ਸਿਰਫ ਇੱਕ ਸਰਕਾਰ ਨਹੀਂ, ਸਗੋਂ ਇੱਕ ਅੰਦੋਲਨ ਹੈ ਜੋ ਦੇਸ਼ ਨੂੰ ਨਵੀਂ ਦਿਸ਼ਾ ਦੇਣ ਲਈ ਕੰਮ ਕਰ ਰਿਹਾ ਹੈ ਅਤੇ ਲੋਕਾਂ ਦੇ ਭਰੋਸੇ ਨਾਲ ਹੀ ਇਹ ਮਿਸ਼ਨ ਸਫਲ ਹੋਵੇਗਾ। ਇਸ ਮੌਕੇ ਪੰਜਾਬ ਜੈਨਕੋ ਦੇ ਚੇਅਰਮੈਨ ਨਵਜੋਤ ਸਿੰਘ ਜਰਗ, 'ਆਪ' ਦੇ ਜ਼ਿਲ੍ਹਾ ਪ੍ਰਧਾਨ ਲੁਧਿਆਣਾ ਦਿਹਾਤੀ-2 ਦਰਸ਼ਨ ਸਿੰਘ ਕੂਹਲੀ, ਮਾਰਕੀਟ ਕਮੇਟੀ ਸਾਹਨੇਵਾਲ ਦੇ ਚੇਅਰਮੈਨ ਹੇਮਰਾਜ ਰਾਜੀ, ਚੇਅਰਮੈਨ ਬਲਾਕ ਸੰਮਤੀ ਕੂੰਮਕਲਾਂ ਗੁਰਪ੍ਰੀਤ ਸਿੰਘ ਗੋਪੀ, ਚੇਅਰਮੈਨ ਬਲਾਕ ਸੰਮਤੀ ਲੁਧਿਆਣਾ-2 ਦਰਸ਼ਨ ਸਿੰਘ ਮਾਹਲਾ ਤੋਂ ਇਲਾਵਾ ਬਲਾਕਾਂ ਦੇ ਪ੍ਰਧਾਨ, ਵਾਰਡਾਂ ਦੇ ਕੌਂਸਲਰ, ਪਿੰਡਾਂ ਦੇ ਸਰਪੰਚ-ਪੰਚ ਅਤੇ ਵੱਡੀ ਗਿਣਤੀ ਹਲਕਾ ਸਾਹਨੇਵਾਲ ਦੇ ਨਿਵਾਸੀ ਮੌਜੂਦ ਸਨ।



# ਜੀ.ਐਸ. ਫਾਊਂਡੇਸ਼ਨ ਕਾਲਜ ਆਫ ਲਾਅ ਵਿੱਚ ਕਾਨੂੰਨੀ ਵਿਸ਼ਿਆਂ 'ਤੇ ਭਾਸ਼ਣ ਮੁਕਾਬਲਾ ਕਰਵਾਇਆ

ਜ਼ਿਕਰ ਪੰਜਾਬ

**ਲੁਧਿਆਣਾ/ਗੀਤਾ ਸਕਸੈਨਾ**

ਜੀ.ਐਸ. ਫਾਊਂਡੇਸ਼ਨ ਕਾਲਜ ਆਫ ਲਾਅ ਵੱਲੋਂ ਐਲ.ਐਲ.ਬੀ. ਅਤੇ ਬੀ.ਏ. ਐਲ.ਐਲ.ਬੀ. ਦੇ ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਨਾਲ ਇੰਟਰਾ-ਕਾਲਜ ਸਪੀਚ ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਇਸ ਮੁਕਾਬਲੇ ਦਾ ਮਕਸਦ ਵਿਦਿਆਰਥੀਆਂ ਵਿੱਚ ਵਕਾਲਤ ਅਤੇ ਸਰਵਜਨਿਕ ਭਾਸ਼ਣ ਦੀਆਂ ਕੌਸ਼ਲਤਾਵਾਂ ਨੂੰ ਨਿਖਾਰਨਾ ਸੀ। ਇਸ ਮੌਕੇ ਮੁੱਖ ਮਹਿਮਾਨ ਵਜੋਂ ਐਡਵੋਕੇਟ ਹਰਜੋਤ ਸਿੰਘ ਹਰਿਕੇ ਹਾਜ਼ਰ ਹੋਏ, ਜਿਨ੍ਹਾਂ ਨੇ ਕਾਨੂੰਨੀ ਪੇਸ਼ੇ ਨਾਲ ਸੰਬੰਧਿਤ ਆਪਣੇ ਤਜਰਬੇ ਅਤੇ ਪ੍ਰਯੋਗਿਕ ਜਾਣਕਾਰੀਆਂ ਵਿਦਿਆਰਥੀਆਂ ਨਾਲ ਸਾਂਝੀਆਂ ਕੀਤੀਆਂ। ਇਹ ਮੁਕਾਬਲਾ ਆਨਰੇਰੀ ਡਾਇਰੈਕਟਰ ਐਡਵੋਕੇਟ ਸ਼ਰਵਨ ਸਹਿਗਲ ਦੀ ਰਹਿਨੁਮਾਈ ਹੇਠ ਕਰਵਾਇਆ ਗਿਆ। ਸਮਾਗਮ ਦੀਆਂ ਮੁੱਖ ਆਯੋਜਕਾਂ ਮਿਸ ਪਾਰੁਲ ਜੈਨ ਅਤੇ ਮਿਸ ਦਿਵਿਆ ਝਾ ਸਨ। ਮੁਕਾਬਲੇ ਦੀ ਜੱਜਮੈਂਟ ਐਡਵੋਕੇਟ ਹਰਕਮਲ ਸਿੰਘ, ਐਡਵੋਕੇਟ ਹਨੀਸ਼ ਗੁਪਤਾ ਅਤੇ ਐਡਵੋਕੇਟ ਰਾਹੁਲ ਕੌਸ਼ਲ ਵੱਲੋਂ ਕੀਤੀ ਗਈ। ਭਾਗੀਦਾਰਾਂ ਨੂੰ ਸਮੱਗਰੀ, ਭਾਸ਼ਣ ਦੇ ਢੰਗ ਅਤੇ ਆਤਮ ਵਿਸ਼ਵਾਸ ਦੇ ਆਧਾਰ 'ਤੇ ਅੰਕ ਦਿੱਤੇ ਗਏ। ਮੁਕਾਬਲੇ ਦੌਰਾਨ ਵਿਦਿਆਰਥੀਆਂ ਨੇ "ਕਾਨੂੰਨ ਵਿੱਚ ਆਰਟੀਫੀਸ਼ਲ ਇੰਟੈਲੀਜੈਂਸ , "ਅਭਿਵਿਆਕਤੀ ਦੀ ਆਜ਼ਾਦੀ ਅਤੇ ਹੇਟ ਸਪੀਚ , "ਕਾਲੇਜੀਅਮ ਸਿਸਟਮ" ਅਤੇ "ਯੂਨੀਫਾਰਮ ਸਿਵਲ ਕੋਡ"ਵਰਗੇ ਵਿਸ਼ਿਆਂ 'ਤੇ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਮੁਕਾਬਲੇ ਦੌਰਾਨ ਜੈਨਸ ਬੰਬਾ ਜੇਤੂ, ਪ੍ਰਨੀਕ ਕੌਰ ਪਹਿਲਾ ਰਨਰਅੱਪ ਅਤੇ ਖੁਸ਼ਬੂ ਜੈਨ ਅਤੇ ਹਰਮਨ ਹੁੰਜਨ ਨੇ ਦੂਜਾ ਰਨਰਅੱਪ ਹਾਸਲ ਕੀਤਾ। ਸਮਾਗਮ ਦੇ ਅੰਤ ਵਿੱਚ ਆਨਰੇਰੀ ਡਾਇਰੈਕਟਰ ਵੱਲੋਂ ਵੋਟ ਆਫ ਥੈਂਕਸ ਪੇਸ਼ ਕੀਤਾ ਗਿਆ ਅਤੇ ਮੁੱਖ ਮਹਿਮਾਨ ਤੇ ਜੱਜਾਂ ਨੂੰ ਸਨਮਾਨਿਤ ਕੀਤਾ ਗਿਆ।

# ਪੈਟਰੋਲੀਅਮ ਉਤਪਾਦਾਂ ਅਤੇ ਐੱਲਪੀਜੀ ਦੀ ਸਪਲਾਈ ਸਥਿਰ ਹੈ : ਆਸ਼ੂਤੋਸ਼ ਗੁਪਤਾ

ਜ਼ਿਕਰ ਪੰਜਾਬ

**ਚੰਡੀਗੜ੍ਹ/ਬਿਊਰੋ**

ਆਈਓਸੀਐੱਲ ਦੇ ਕਾਰਜਕਾਰੀ ਨਿਦੇਸ਼ਕ ਅਤੇ ਪੰਜਾਬ ਵਿੱਚ ਤੇਲ ਉਦਯੋਗ ਲਈ ਰਾਜ-ਪੱਧਰੀ ਕੋਆਰਡੀਨੇਟਰ ਸ਼੍ਰੀ ਆਸ਼ੂਤੋਸ਼ ਗੁਪਤਾ ਵਲੋਂ ਜਾਰੀ ਬਿਆਨ ਵਿੱਚ ਸਪਸ਼ਟ ਕੀਤਾ ਗਿਆ ਹੈ ਕਿ ਤੇਲ ਮਾਰਕੀਟਿੰਗ ਕੰਪਨੀਆਂ (ਓਐੱਮਸੀਜ਼) ਸਮੁੱਚੇ ਪੰਜਾਬ ਦੇ ਲੋਕਾਂ ਨੂੰ ਭਰੋਸਾ ਦਿਵਾਉਣਾ ਚਾਹੁੰਦੀਆਂ ਹਨ ਕਿ ਪੈਟਰੋਲੀਅਮ ਉਤਪਾਦਾਂ ਅਤੇ ਐੱਲਪੀਜੀ ਦੀ ਸਪਲਾਈ ਸਥਿਰ ਹੈ ਅਤੇ ਮੌਜੂਦਾ ਮੰਗ ਨੂੰ ਪੂਰਾ ਕਰਨ ਲਈ ਢੁਕਵੀਂ ਮਾਤਰਾ ਵਿੱਚ ਉਪਲਬਧ ਹੈ। ਮੋਟਰ ਸਪਿਰਿਟ (ਐੱਮਐੱਸ) ਅਤੇ ਹਾਈ-ਸਪੀਡ ਡੀਜ਼ਲ (ਐੱਚਐੱਸਡੀ) ਦਾ ਭੰਡਾਰ ਸੂਬੇ ਭਰ ਵਿੱਚ ਆਮ ਵਾਂਗ ਹੈ। ਓਐੱਮਸੀ ਡੀਪੂਆਂ ਵਿੱਚ ਢੁਕਵਾਂ ਸਟਾਕ ਪੱਧਰ ਬਰਕਰਾਰ ਰੱਖੇ ਗਏ ਹਨ, ਜਦਕਿ ਪ੍ਰਚੂਨ ਆਊਟਲੈਟਾਂ 'ਤੇ ਬਿਨਾਂ ਰੁਕਾਵਟ ਵਿਕਰੀ ਲਈ ਢੁਕਵਾਂ ਭੰਡਾਰ ਮੌਜੂਦ ਹੈ। ਵਾਹਨ ਈਂਧਨ ਦੀ ਉਪਲੱਬਧਤਾ ਬਾਰੇ ਚਿੰਤਾ ਕਰਨ ਦੀ ਕੋਈ ਲੋੜ ਨਹੀਂ ਹੈ। ਐੱਲਪੀਜੀ ਸਬੰਧੀ, ਬੌਟਲਿੰਗ ਪਲਾਂਟਾਂ ਵਿੱਚ ਸਟਾਕ ਦੀ ਸਥਿਤੀ ਵੀ



ਸੁਖਾਵੀਂ ਹੈ ਅਤੇ ਸਟਾਕ ਪੱਧਰ ਪਿਛਲੇ ਮਿਆਰਾਂ ਦੇ ਅਨੁਸਾਰ ਕਾਫ਼ੀ ਹਨ, ਇਸ ਦੇ ਨਾਲ ਹੀ ਭਰਪਾਈ (ਰੀਪਲੇਨਿਸ਼ਮੈਂਟ) ਦੀ ਯੋਜਨਾ ਵੀ ਬਣਾਈ ਗਈ ਹੈ। ਓਐੱਮਸੀਜ਼ ਸਥਿਤੀ ਦੀ ਨਿਗਰਾਨੀ ਕਰ ਰਹੀਆਂ ਹਨ ਅਤੇ ਸਪਲਾਈ ਲਾਜਿਸਟਿਕਸ ਨੂੰ ਸੁਚਾਰੂ ਬਣਾਉਣ ਅਤੇ ਡਿਲੀਵਰੀ ਨੂੰ ਤੇਜ਼ ਕਰਨ ਲਈ ਲਾਜ਼ਮੀ ਕਦਮ ਚੁੱਕੇ ਗਏ ਹਨ। ਖਪਤਕਾਰਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਘਬਰਾਹਟ ਵਿੱਚ ਖਰੀਦਦਾਰੀ ਕਰਨ ਤੋਂ ਬਚਣ, ਕਿਉਂਕਿ ਢੁਕਵਾਂ ਭੰਡਾਰ ਉਪਲੱਬਧ ਹੈ ਅਤੇ ਭਰਪਾਈ ਲਗਾਤਾਰ ਜਾਰੀ ਹੈ। ਐੱਲਪੀਜੀ ਖਪਤਕਾਰਾਂ ਨੂੰ ਇਹ ਵੀ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਐੱਲਪੀਜੀ ਸਿਲੰਡਰ ਸਿਰਫ਼ ਡਿਜ਼ਿਟਲ ਮਾਧਿਅਮਾਂ ਰਾਹੀਂ ਬੁੱਕ ਕਰਨ ਅਤੇ ਸਿਲੰਡਰ ਦੀ ਪ੍ਰਾਪਤੀ ਨੂੰ ਡੀਏਸੀ (ਡਿਲੀਵਰੀ ਔਥੈਂਟੀਕੇਸ਼ਨ ਕੋਡ) ਰਾਹੀਂ ਪ੍ਰਮਾਣਿਤ ਕਰਨ। ਇਸ ਨਾਲ ਸੁਚਾਰੂ, ਪਾਰਦਰਸ਼ੀ ਅਤੇ ਬਿਨਾਂ ਕਿਸੇ ਪ੍ਰੇਸ਼ਾਨੀ ਵਾਲੀ ਡਿਲੀਵਰੀ ਪ੍ਰਕਿਰਿਆ ਯਕੀਨੀ ਬਣੇਗੀ ਅਤੇ ਅਸਲ ਖਪਤਕਾਰਾਂ ਨੂੰ ਸਮੇਂ ਸਿਰ ਸੇਵਾ ਪ੍ਰਦਾਨ ਕਰਨ ਵਿੱਚ ਮਦਦ ਮਿਲੇਗੀ। ਲੋਕਾਂ ਦਾ ਸਹਿਯੋਗ ਪੰਜਾਬ ਭਰ ਵਿੱਚ ਸੁਚਾਰੂ ਅਤੇ ਪ੍ਰਭਾਵਸ਼ਾਲੀ ਵੰਡ ਨੂੰ ਯਕੀਨੀ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ।

# ਦਲਿਤ ਭਾਈਚਾਰੇ ਨਾਲ ਕਿਸੇ ਵੀ ਤਰ੍ਹਾਂ ਦੀ ਵਧੀਕੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਨਿਰਮਲ ਸਿੰਘ

ਜ਼ਿਕਰ ਪੰਜਾਬ

**ਜੰਡਿਆਲਾ ਗੁਰੂ/ਮਲਕੀਤ ਸਿੰਘ ਚੀਦਾ**

ਰੰਘਰੇਟਾ ਯੂਥ ਏਕਤਾ ਪੰਜਾਬ ਪ੍ਰਧਾਨ ਨਿਰਮਲ ਸਿੰਘ ਦਸਮੇਸ਼ ਨਗਰ ਨੇ ਹਲਕਾ ਅਜਨਾਲਾ ਦੇ ਪਿੰਡ ਸੈਂਸਰਾ ਕਲਾਂ ਵਿਖੇ ਦਲਿਤ ਭਾਈਚਾਰੇ ਦੇ ਸ਼ਮਸ਼ਾਨਘਾਟ ਵਿਚ ਸਿਆਸੀ ਰੰਜਿਸ਼ ਤਹਿਤ ਦਲਿਤ ਆਗੂਆਂ 'ਤੇ ਪੁਲਸ ਕੇਸ ਦਰਜ ਕੀਤੇ ਜਾਣ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਨਿਰਮਲ ਸਿੰਘ ਦਸਮੇਸ਼ ਨਗਰ ਨੇ ਦੱਸਿਆ ਕਿ ਪਿੰਡ ਸੈਂਸਰਾ ਕਲਾਂ ਵਿਖੇ ਦਲਿਤ ਭਾਈਚਾਰੇ ਦੇ ਸ਼ਮਸ਼ਾਨਘਾਟ ਵਿਚ ਦੂਜੇ ਪਿੰਡ ਦੇ ਸਰਪੰਚ ਵੱਲੋਂ ਕੂੜੇ ਦਾ ਡੰਪ ਬਣਾਇਆ ਜਾ ਰਿਹਾ ਸੀ। ਇਸ ਦਾ ਵਿਰੋਧ ਕਰਨ ਵਾਲੇ ਵਾਲਮੀਕ ਭਾਈਚਾਰੇ ਦੇ ਉੱਘੇ ਆਗੂ ਸੁਖਵਿੰਦਰ ਸਿੰਘ ਬਾਊ ਠੇਕੇਦਾਰ, ਜ਼ਿਲ੍ਹਾ ਪ੍ਰਧਾਨ (ਮਿੰਨੀ ਬੱਸ ਆਟਰ ਐਸੋਸੀਏਸ਼ਨ) ਸਵਿੰਦਰ ਸਿੰਘ ਸੈਂਸਰਾ, ਸਾਬਕਾ ਸਰਪੰਚ ਬਲਵਿੰਦਰ ਸਿੰਘ, ਜੋਸ਼ੀ, ਪ੍ਰਭ ਸਿੰਘ ਅਤੇ ਬੱਬੀ ਮੈਂਬਰ 'ਤੇ ਪੁਲਸ ਵੱਲੋਂ ਮਾਮਲਾ ਦਰਜ ਕੀਤਾ ਗਿਆ ਹੈ। ਨਿਰਮਲ ਸਿੰਘ ਨੇ ਕਿਹਾ ਕਿ 'ਆਪ' ਸਰਕਾਰ ਦਲਿਤ ਆਗੂਆਂ ਨੂੰ ਤੰਗ-ਪ੍ਰੇਸ਼ਾਨ ਕਰਨਾ ਬੰਦ ਕਰੇ ਅਤੇ ਉਨ੍ਹਾਂ ਵਿਰੁੱਧ ਕੀਤੇ ਗਏ ਨਜਾਇਜ਼ ਪਰਚੇ ਤੁਰੰਤ ਰੱਦ ਕੀਤੇ ਜਾਣ । ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਇਹ ਪਰਚੇ ਰੱਦ ਨਾ ਹੋਏ, ਤਾਂ ਭਰਾਤਰੀ ਜਥੇਬੰਦੀਆਂ ਨੂੰ ਨਾਲ ਲੈ ਕੇ ਅੰਮ੍ਰਿਤਸਰ-ਅਜਨਾਲਾ ਰੋਡ ਨੂੰ ਬੰਦ ਕਰ ਕੇ ਵਿਸ਼ਾਲ ਰੋਸ ਧਰਨਾ ਲਾਇਆ ਜਾਵੇਗਾ। ਇਸ ਮੌਕੇ,ਤੇ ਨਾਲ ਰੰਘਰੇਟਾ ਯੂਥ ਏਕਤਾ ਪੰਜਾਬ ਪ੍ਰਧਾਨ ਨਿਰਮਲ ਸਿੰਘ ਦਸਮੇਸ ਨਗਰ ਚੈਆਰਮੇਨ ਪ੍ਰਭਦੀਪ ਸਿੰਘ ਭੀਮ ਪ੍ਰਧਾਨ ਜੋਗਾ ਸਿੰਘ ਵਡਾਲਾ ਪ੍ਰਧਾਨ ਗੁਬਰ ਜਥੇਦਾਰ ਬਾਬਾ ਮਾਨ ਸਿੰਘ ਆਦਿ।

# ਵਿਧਾਇਕ ਛੀਨਾ ਦੀ ਪ੍ਰਧਾਨਗੀ ਹੇਠ ਖੁਰਾਕ ਸਪਲਾਈ ਵਿਭਾਗ ਦੇ ਅਧਿਕਾਰੀਆਂ ਨਾਲ ਅਹਿਮ ਮੀਟਿੰਗ

## ਨਿਰਵਿਘਨ ਘਰੇਲੂ ਗੈਸ ਸਪਲਾਈ 'ਤੇ ਦਿੱਤਾ ਜ਼ੋਰ

ਜ਼ਿਕਰ ਪੰਜਾਬ

**ਲੁਧਿਆਣਾ/ਗੀਤਾ ਸਕਸੈਨਾ**

ਵਿਧਾਨ ਸਭਾ ਹਲਕਾ ਲੁਧਿਆਣਾ ਦੱਖਣੀ ਤੋਂ ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਦੀ ਪ੍ਰਧਾਨਗੀ ਹੇਠ ਖੁਰਾਕ ਸਪਲਾਈ ਵਿਭਾਗ ਦੇ ਅਧਿਕਾਰੀਆਂ ਨਾਲ ਘਰੇਲੂ ਗੈਸ ਦੀ ਸਪਲਾਈ ਸਬੰਧੀ ਇੱਕ ਅਹਿਮ ਮੀਟਿੰਗ ਹੋਈ। ਸਥਾਨਕ ਗਲਾਡਾ ਦਫ਼ਤਰ ਵਿਖੇ ਆਯੋਜਿਤ ਮੀਟਿੰਗ ਦੌਰਾਨ, ਘਰੇਲੂ ਗੈਸ ਦੀ ਕਿੱਲਤ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਵਿਧਾਇਕ ਛੀਨਾ ਵੱਲੋਂ ਅਧਿਕਾਰੀਆਂ ਨੂੰ ਸਪੱਸ਼ਟ ਕੀਤਾ ਗਿਆ ਗੈਸ ਸਪਲਾਈ ਵਿੱਚ ਆ ਰਹੀਆਂ ਦਿੱਕਤਾਂ ਨੂੰ ਜਲਦ ਤੋਂ ਜਲਦ ਦੂਰ ਕੀਤਾ ਜਾਵੇ ਅਤੇ ਜ਼ਮੀਨੀ ਪੱਧਰ 'ਤੇ ਇਹ ਯਕੀਨੀ ਬਣਾਇਆ ਜਾਵੇ ਕਿ ਕਿਸੇ ਵੀ ਵਿਅਕਤੀ ਨੂੰ ਸਪਲਾਈ ਲੈਣ ਵਿੱਚ ਕੋਈ ਪਰੇਸ਼ਾਨੀ ਨਾ ਆਵੇ। ਵਿਧਾਇਕ ਛੀਨਾ ਨੇ ਐਲਾਨ ਕੀਤਾ ਕਿ ਫੂਡ ਸਪਲਾਈ ਵਿਭਾਗ ਨਾਲ



ਤਾਲਮੇਲ ਕਰਦਿਆਂ ਹਲਕੇ ਦੇ ਵਸਨੀਕਾਂ ਨੂੰ ਗੈਸ ਦੇ ਸੰਕਟ ਤੋਂ ਨਿਜਾਤ ਦਿਵਾਉਣ ਲਈ ਜਲਦ 5 ਕਿਲੋ ਵਾਲੇ ਸਿਲੰਡਰਾਂ ਦੀ ਸਪਲਾਈ ਸ਼ੁਰੂ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਪਹਿਲਕਦਮੀ ਤਹਿਤ ਘਰ-ਘਰ ਸਿਲੰਡਰਾਂ ਦੀ ਪਹੁੰਚ ਯਕੀਨੀ ਬਣਾਈ ਜਾਵੇਗੀ। ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਨੇ ਕਿਹਾ ਕਿ ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਆਮ ਜਨਤਾ ਦੀਆਂ ਮੁੱਢਲੀਆਂ ਜ਼ਰੂਰਤਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਦੁਹਰਾਇਆ ਕਿ ਗੈਸ ਸਪਲਾਈ ਨਾਲ ਜੁੜੀ ਹਰ ਸਮੱਸਿਆ ਨੂੰ ਤਰਜੀਹੀ ਤੌਰ 'ਤੇ ਹੱਲ ਕੀਤਾ ਜਾਵੇਗਾ ਅਤੇ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਟੀਚਾ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਉਨ੍ਹਾਂ ਦੀਆਂ ਬਰੂਹਾਂ ਤੱਕ ਪਹੁੰਚਾਉਣਾ ਹੈ ਜਿਸਦੇ ਉਹ ਹੱਕਦਾਰ ਵੀ ਹਨ। ਇਸ ਮੌਕੇ ਖੁਰਾਕ ਸਪਲਾਈ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਤੋਂ ਇਲਾਵਾ ਹੋਰ ਅਧਿਕਾਰੀ ਵੀ ਮੌਜੂਦ ਸਨ।

# ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ 'ਸੰਵਾਦ' ਮੀਟਿੰਗਾਂ ਦੌਰਾਨ ਸਰਕਾਰ ਦੀਆਂ ਚਾਰ ਸਾਲਾਂ ਦੀਆਂ ਉਪਲਬਧੀਆਂ ਗਿਣਾਈਆਂ

## ਵਿਸਾਖੀ ਤੋਂ ਸ਼ੁਰੂ ਹੋਵੇਗੀ ਮਾਵਾਂ-ਧੀਆਂ ਸਤਿਕਾਰ ਯੋਜਨਾ: ਔਰਤਾਂ ਨੂੰ ਮਿਲੇਗੀ ਮਹੀਨਾਵਾਰ ਵਿੱਤੀ ਸਹਾਇਤਾ

ਜ਼ਿਕਰ ਪੰਜਾਬ

**ਲੁਧਿਆਣਾ/ਗੀਤਾ ਸਕਸੈਨਾ**

ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਸ਼ੁੱਕਰਵਾਰ ਨੂੰ ਪਿੰਡ ਚੌਂਤਾ, ਢੋਲਣਵਾਲ, ਮੰਡ ਚੌਂਤਾ ਅਤੇ ਸਲੇਮਪੁਰ ਵਿੱਚ ਆਯੋਜਿਤ 'ਸੰਵਾਦ' ਮੀਟਿੰਗਾਂ ਦੌਰਾਨ ਵਿਸ਼ਾਲ ਜਨਤਕ ਇਕੱਠਾਂ ਨੂੰ ਸੰਬੋਧਨ ਕੀਤਾ। ਉਨ੍ਹਾਂ ਨੇ ਪੰਜਾਬ ਸਰਕਾਰ ਦੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਇਤਿਹਾਸਕ ਪ੍ਰਾਪਤੀਆਂ ਦਾ ਜ਼ਿਕਰ ਕੀਤਾ। ਇਮਾਨਦਾਰ, ਪਾਰਦਰਸ਼ੀ ਅਤੇ ਲੋਕ-ਕੇਂਦ੍ਰਿਤ ਸ਼ਾਸਨ 'ਤੇ ਆਪਣਾ ਧਿਆਨ ਕੇਂਦਰਿਤ ਕਰਨ 'ਤੇ ਜ਼ੋਰ ਦਿੱਤਾ। ਮੰਤਰੀ ਮੁੰਡੀਆਂ ਨੇ ਕਿਹਾ ਕਿ ਸਰਕਾਰ ਨੇ ਸਿਰਫ਼ ਚਾਰ ਸਾਲਾਂ ਦੇ ਅੰਦਰ ਆਪਣੀਆਂ ਸਾਰੀਆਂ ਚੋਣਾਂ ਤੋਂ ਪਹਿਲਾਂ ਦੀਆਂ ਗਰੰਟੀਆਂ ਨੂੰ ਸਫਲਤਾ ਪੂਰਵਕ ਪੂਰਾ ਕਰ ਲਿਆ ਹੈ। ਉਨ੍ਹਾਂ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾਂ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਇਸ ਸਕੀਮ ਲਈ




ਰਜਿਸਟ੍ਰੇਸ਼ਨ 13 ਅਪ੍ਰੈਲ ਨੂੰ ਵਿਸਾਖੀ ਦੇ ਸ਼ੁਭ ਮੌਕੇ 'ਤੇ ਸ਼ੁਰੂ ਹੋਵੇਗੀ। ਇਸ ਸਕੀਮ ਦੇ ਤਹਿਤ 18 ਸਾਲ ਅਤੇ ਇਸ ਤੋਂ ਵੱਧ ਉਮਰ ਦੀਆਂ ਯੋਗ ਔਰਤਾਂ ਨੂੰ 1,000 ਰੁਪਏ ਦੀ ਮਾਸਿਕ ਵਿੱਤੀ ਸਹਾਇਤਾ ਸਿੱਧੇ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਮਿਲੇਗੀ। ਅਨੁਸੂਚਿਤ ਜਾਤੀ ਸ਼੍ਰੇਣੀ ਨਾਲ ਸਬੰਧਤ ਔਰਤਾਂ ਨੂੰ ਪ੍ਰਤੀ ਮਹੀਨਾ 1,500 ਰੁਪਏ ਦੀ ਵਧੀ ਹੋਈ ਰਕਮ ਮਿਲੇਗੀ। ਹਰਦੀਪ ਸਿੰਘ ਮੁੰਡੀਆਂ ਨੇ ਭਗਵੰਤ ਸਿੰਘ ਮਾਨ ਸਰਕਾਰ ਦੀਆਂ ਕਈ ਪ੍ਰਮੁੱਖ ਪ੍ਰਾਪਤੀਆਂ ਦਾ ਵੇਰਵਾ ਦਿੱਤਾ ਜਿਨ੍ਹਾਂ ਨੇ ਪੰਜਾਬ ਨੂੰ ਤਰੱਕੀ ਅਤੇ ਸਮਾਵੇਸ਼ੀ ਵਿਕਾਸ ਦੇ ਪੱਕੇ ਰਾਹ 'ਤੇ ਪਾਇਆ ਹੈ। ਉਨ੍ਹਾਂ ਨੇ ਕਰੀਬ 90 ਪ੍ਰਤੀਸ਼ਤ ਘਰੇਲੂ ਘਰਾਂ ਨੂੰ 300 ਯੂਨਿਟ ਮੁਫ਼ਤ ਬਿਜਲੀ ਦੀ ਵਿਵਸਥਾ 'ਤੇ ਚਾਨਣਾ ਪਾਇਆ, ਜਿਸ ਦੇ ਨਤੀਜੇ ਵਜੋਂ ਜ਼ਿਆਦਾਤਰ ਪਰਿਵਾਰਾਂ ਲਈ ਬਿਜਲੀ ਦੇ ਬਿੱਲ ਜ਼ੀਰੋ ਹੋ ਗਏ। ਕਿਸਾਨਾਂ ਨੂੰ ਹੁਣ ਦਿਨ ਵੇਲੇ ਬਿਜਲੀ ਸਪਲਾਈ ਮਿਲ ਰਹੀ ਹੈ, ਜਿਸ ਨਾਲ ਖੇਤੀਬਾੜੀ ਉਤਪਾਦਕਤਾ ਵਿੱਚ ਕਾਫ਼ੀ ਵਾਧਾ ਹੋਇਆ ਹੈ ਜਦੋਂ ਕਿ ਨਹਿਰੀ ਸਿੰਚਾਈ ਕਵਰੇਜ ਨੂੰ 78 ਪ੍ਰਤੀਸ਼ਤ ਖੇਤਾਂ ਤੱਕ ਵਧਾਇਆ ਗਿਆ ਹੈ। ਸਿਹਤ ਖੇਤਰ ਵਿੱਚ ਸਰਕਾਰ ਨੇ ਮਿਆਰੀ ਪ੍ਰਾਇਮਰੀ ਸਿਹਤ ਸੰਭਾਲ ਪ੍ਰਦਾਨ ਕਰਨ ਲਈ ਰਾਜ ਭਰ ਵਿੱਚ ਆਮ ਆਦਮੀ ਕਲੀਨਿਕ ਸਥਾਪਤ ਕੀਤੇ ਹਨ ਅਤੇ ਮੁੱਖ ਮੰਤਰੀ ਸਿਹਤ ਯੋਜਨਾ ਪੇਸ਼ ਕੀਤੀ ਹੈ ਜੋ ਪ੍ਰਤੀ ਪਰਿਵਾਰ 10 ਲੱਖ ਰੁਪਏ ਤੱਕ ਨਕਦ ਰਹਿਤ ਡਾਕਟਰੀ ਇਲਾਜ ਪ੍ਰਦਾਨ ਕਰਦੀ ਹੈ। ਰਾਜ ਦੇ ਸਿੱਖਿਆ ਖੇਤਰ ਵਿੱਚ ਸਿੱਖਿਆ ਬਜਟ ਵਿੱਚ ਕਈ ਗੁਣਾ ਵਾਧਾ ਹੋਣ ਨਾਲ ਇੱਕ ਵੱਡਾ ਬਦਲਾਅ ਆਇਆ ਹੈ। ਪੰਜਾਬ ਨੇ ਰਾਸ਼ਟਰੀ ਪ੍ਰਾਪਤੀ ਸਰਵੇਖਣ 2024 ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ, ਜਿਸ ਵਿੱਚ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੇ ਰਾਸ਼ਟਰੀ ਔਸਤ ਨਾਲੋਂ 18 ਪ੍ਰਤੀਸ਼ਤ ਵੱਧ ਅੰਕ ਪ੍ਰਾਪਤ ਕੀਤੇ। ਰੁਜ਼ਗਾਰ ਮਹੁੱਈਆ ਕਰਵਾਉਣ 'ਤੇ, ਸਰਕਾਰ ਨੇ ਪਾਰਦਰਸ਼ੀ ਢੰਗ ਨਾਲ 65,000 ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਸਰਕਾਰ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਜ਼ੋਰਦਾਰ ਢੰਗ ਨਾਲ ਲਾਗੂ ਕੀਤਾ ਹੈ ਅਤੇ ਸੜਕ ਸੁਰੱਖਿਆ ਨੂੰ ਬਿਹਤਰ ਬਣਾਉਣ ਲਈ ਸੜਕ ਸੁਰੱਖਿਆ ਫੋਰਸ ਦਾ ਗਠਨ ਕੀਤਾ ਹੈ। ਮੰਤਰੀ ਮੁੰਡੀਆਂ ਨੇ ਜ਼ੋਰ ਦੇ ਕੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਦਰਸ਼ੀ ਅਤੇ ਯੋਗ ਅਗਵਾਈ ਹੇਠ ਇਨ੍ਹਾਂ ਚਾਰ ਸਾਲਾਂ ਵਿੱਚ ਕਰੀਬ 70 ਸਾਲਾਂ ਤੋਂ ਪੈਂਡਿੰਗ ਪਏ ਕੰਮ ਪੂਰੇ ਕੀਤੇ ਗਏ ਹਨ। ਉਨ੍ਹਾਂ ਪਿੰਡਾਂ ਦੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੇ ਸਮਾਵੇਸ਼ੀ ਵਿਕਾਸ, ਪਾਰਦਰਸ਼ਤਾ ਅਤੇ ਸਾਰਿਆਂ ਲਈ ਭਲਾਈ ਦੇ ਮਿਸ਼ਨ ਦਾ ਸਮਰਥਨ ਕਰਦੇ ਰਹਿਣ।

# ਭਗਵਾਨ ਪਰਸ਼ੂਰਾਮ ਦੇ ਜਨਮ ਦਿਵਸ ਤੇ ਸ਼ੋਭਾ ਯਾਤਰਾ 17 ਅਪ੍ਰੈਲ ਨੂੰ

ਜ਼ਿਕਰ ਪੰਜਾਬ

**ਲੁਧਿਆਣਾ/ਗੀਤਾ ਸਕਸੈਨਾ**

ਬ੍ਰਾਹਮਣ ਭਲਾਈ ਬੋਰਡ ਵੱਲੋਂ 17 ਅਪ੍ਰੈਲ ਨੂੰ ਭਗਵਾਨ ਪਰਸ਼ੂਰਾਮ ਦੇ ਜਨਮ ਦਿਵਸ ਦੇ ਸਬੰਧ ਵਿੱਚ ਕੱਢੀ ਜਾ ਰਹੀ 13ਵੀਂ ਰਾਜ ਪੱਧਰੀ ਯਾਤਰਾ ਦੀਆਂ ਤਿਆਰੀਆਂ ਪੂਰੇ ਜ਼ੋਰਾਂ-ਸ਼ੋਰਾਂ ਨਾਲ ਚੱਲ ਰਹੀਆਂ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਬ੍ਰਾਹਮਣ ਭਲਾਈ ਬੋਰਡ ਦੇ ਚੇਅਰਮੈਨ ਪੰਕਜ ਸ਼ਾਰਦਾ ਨੇ ਮਿੰਨੀ ਸਕੱਤਰੇਤ ਦੇ ਬੱਚਤ ਭਵਨ ਵਿੱਚ ਹੋਈ ਇੱਕ ਪ੍ਰਭਾਵਸ਼ਾਲੀ ਮੀਟਿੰਗ ਦੌਰਾਨ ਕੀਤਾ। ਸ਼ਾਰਦਾ ਨੇ ਦੱਸਿਆ ਕਿ ਦਰੇਸੀ ਗਰਾਊਂਡ ਤੋਂ ਸ਼ੁਰੂ ਹੋਣ ਵਾਲੀ ਇਸ ਯਾਤਰਾ ਵਿੱਚ ਸੂਬੇ ਭਰ ਤੋਂ ਵੱਡੀ ਗਿਣਤੀ ਵਿੱਚ ਬ੍ਰਾਹਮਣ ਪਰਿਵਾਰ ਅਤੇ ਸਨਾਤਨੀਆਂ ਹਿੱਸਾ ਲੈਣਗੇ। ਦਰੇਸੀ ਤੋਂ ਸ਼ੁਰੂ ਹੋ ਕੇ, ਯਾਤਰਾ ਪ੍ਰਤਾਪ ਬਾਜ਼ਾਰ, ਨਗਰ ਨਿਗਮ, ਘੰਟਾਘਰ, ਚੌੜਾ ਬਾਜ਼ਾਰ, ਡਿਵੀਜ਼ਨ ਨੰਬਰ 3 ਵਿੱਚੋਂ ਲੰਘੇਗੀ ਅਤੇ ਪ੍ਰਾਚੀਨ ਮੰਦਰ ਸ਼ਾਂਗਲਾਵਾਲਾ ਸ਼ਿਵਾਲਾ ਵਿਖੇ ਇੱਕ ਸ਼ਾਨਦਾਰ ਆਰਤੀ ਨਾਲ ਸਮਾਪਤ ਹੋਵੇਗੀ। ਪੂਰੇ ਯਾਤਰਾ ਦੇ ਰਸਤੇ ਨੂੰ ਦੁਲਹਨ ਵਾਂਗ ਸਜਾਇਆ ਜਾਵੇਗਾ ਅਤੇ ਇਸ ਵਿੱਚ ਬੈਂਡ, ਢੋਲ ਅਤੇ ਸੁੰਦਰ ਰੱਥ ਸ਼ਾਮਲ ਹੋਣਗੇ। ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਨ ਵਾਲੀ ਇੱਕ ਵਿਸ਼ੇਸ਼ ਝਾਕੀ ਯਾਤਰਾ ਵਿੱਚ ਸ਼ਾਮਲ ਕੀਤੀ ਜਾਵੇਗੀ। ਇਸ ਮੌਕੇ ਡਾ: ਦੀਪਕ ਮਾਨ, ਰਾਜ ਕੁਮਾਰ ਸ਼ਰਮਾ, ਧਰਮਿੰਦਰ ਧਾਮੀ, ਅਸ਼ਵਨੀ ਸ਼ਾਰਦਾ, ਹਾਕਮ ਸਿੰਘ, ਨਰਿੰਦਰ ਗੁਪਤਾ, ਐਡਵੋਕੇਟ ਸਿਧਾਂਤ ਸ਼ਾਰਦਾ, ਐਡਵੋਕੇਟ ਰਜਨੀਸ਼ ਗੁਪਤਾ, ਐਡਵੋਕੇਟ ਨੀਲੇਸ਼ ਗੁਪਤਾ, ਭੂਸ਼ਣ ਸ਼ਰਮਾ, ਰਾਜੂ ਸ਼ੁਕਲਾ, ਅਸ਼ੋਕ ਜਿੰਦਲ,



ਸਰਬਜੀਤ ਸਿੰਘ ਬੰਟੀ, ਰਵਿੰਦਰ ਗੋਰਵਕੇ, ਸਵ. ਸਹਿਗਲ, ਪੰਡਿਤ ਜਯੰਤ ਕੌਸ਼ਿਕ, ਪੰਕਜ ਸੂਦ, ਰਾਜੀਵ ਸ਼ਰਮਾ ਭਜਨ ਦੁਆ, ਕੇਸ਼ਵ ਸ਼ਰਮਾ, ਗੌਤਮ ਸ਼ਾਰਦਾ, ਦੀਪਕ ਕੋਹਲੀ, ਮਨੂ, ਸੁਪ੍ਰਮ ਸੁੰਡਾ, ਵਿਸ਼ਨੂੰ ਸ਼ਰਮਾ ਵਰੁਣ ਰਾਮਪਾਲ, ਅਮਿਤ, ਭੂਸ਼ਣ ਕੌਸ਼ਿਕ ਅਤੇ ਪ੍ਰੇਮਨਾਥ ਹਾਜ਼ਰ ਸਨ।

# ਖੇਤੀਬਾੜੀ ਮੰਤਰੀ ਨੇ ਪਿੰਡ ਚੰਨੂ ਵਿਖੇ ਹੋਏ ਫਸਲਾਂ ਦੇ ਨੁਕਸਾਨ ਦਾ ਲਿਆ ਜਾਇਜ਼ਾ

ਜ਼ਿਕਰ ਪੰਜਾਬ

**ਮਲੋਟ/ਨਰਿੰਦਰ ਵਧਵਾ**

ਪਿਛਲੇ ਦਿਨੀਂ ਹੋਈ ਬੇਮੌਸਮੀ ਬਰਸਾਤ ਅਤੇ ਗੜ੍ਹੇਮਾਰੀ ਕਾਰਨ ਕਿਸਾਨਾਂ ਨੂੰ ਹਰ ਤਰ੍ਹਾਂ ਦੀ ਸੰਭਵ ਮੱਦਦ ਮੁਹੱਈਆ ਕਰਵਾਉਣ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਲੰਬੀ ਹਲਕੇ ਦੇ ਪਿੰਡ ਚੰਨੂ ਵਿਖੇ ਫਸਲਾਂ ਦੇ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਦੌਰਾਨ ਕੀਤਾ।ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਉਹ ਬਿਨ੍ਹਾਂ ਕਿਸੇ ਦੇਰੀ ਤੋਂ ਬੇਮੌਸਮੀ ਬਰਸਾਤ ਅਤੇ



ਗੜ੍ਹੇਮਾਰੀ ਨਾਲ ਹੋਏ ਫ਼ਸਲਾਂ ਦੇ ਨੁਕਸਾਨ ਦੀ ਤੁਰੰਤ ਸਪੈਸ਼ਲ ਗਿਰਦਾਵਰੀ ਕਰਵਾਈ ਜਾਵੇ ਤਾਂ ਜੋ ਸਮੇਂ ਸਿਰ ਕਿਸਾਨਾਂ ਨੂੰ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਜਾਵੇ।ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੇ ਹੋਏ ਇਸ ਨੁਕਸਾਨ ਨੂੰ ਲੈ ਕੇ ਪੂਰੀ ਤਰ੍ਹਾਂ ਫਿਕਰਮੰਦ ਹੈ ਅਤੇ ਜਲਦ ਹੀ ਗਿਰਦਾਵਰੀ ਦਾ ਕੰਮ ਮੁਕੰਮਲ ਕਰਵਾਕੇ ਕਿਸਾਨਾਂ ਨੂੰ ਢੁੱਕਵਾਂ ਮੁਆਵਜਾ ਦਿੱਤਾ ਜਾਵੇਗਾ। ਇਸ ਮੌਕੇ ਤਹਿਸੀਲਦਾਰ ਰੁਪਿੰਦਰ ਕੌਰ, ਪਟਵਾਰੀ ਪਰਮਿੰਦਰ ਸਿੰਘ, ਅਮਨਦੀਪ ਅਮਨਾ, ਰਾਜਾ ਸਿੰਘ ਚੰਨੂੰ, ਕਿਰਨਪਾਲ ਸਿੰਘ, ਜਸਕਰਨ ਸਿੰਘ ਜੱਸਾ, ਗੁਰਜੀਤ ਸਿੰਘ, ਡਾ.ਬਲਜਿੰਦਰ ਸਿੰਘ, ਗੁਰਸੇਵਕ ਸਿੰਘ ਹਾਜ਼ਰ ਸਨ।

# ਵਿਧਾਇਕ ਸਿੱਧੂ ਨੇ ਲੋਕਾਂ ਦੀ ਹਾਜ਼ਰੀ 'ਚ ਨਿਰਮਾਣ ਅਧੀਨ ਸੜਕ ਦੀ ਕਰਵਾਈ ਜਾਂਚ

## ਕਿਹਾ ! ਪੰਜਾਬ ਸਰਕਾਰ ਵਿਕਾਸ ਪ੍ਰੋਜੈਕਟਾਂ ਨੂੰ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਹੈ ਵਚਨਬੱਧ

ਜ਼ਿਕਰ ਪੰਜਾਬ

**ਲੁਧਿਆਣਾ/ਤਮੰਨਾ ਬੇਦੀ**

ਵਿਧਾਨ ਸਭਾ ਹਲਕਾ ਆਤਮ ਨਗਰ ਤੋਂ ਵਿਧਾਇਕ ਕੁਲਵੰਤ ਸਿੰਘ ਸਿੱਧੂ ਵੱਲੋਂ ਅੱਜ ਵਾਰਡ ਨੰਬਰ 42 ਵਿਖੇ ਬਣ ਰਹੀ ਆਰ ਐਮ ਸੀ ਸੜਕ ਦਾ ਚਲਦਾ ਕੰਮ ਰੋਕ ਕੇ ਮੀਡੀਆ ਦੀ ਹਾਜ਼ਰੀ ਵਿੱਚ ਲੋਕਾਂ ਨੂੰ ਸੜਕ ਦੀ ਮੋਟਾਈ ਅਤੇ ਕੁਆਲਿਟੀ ਦਾ ਨਿਰੀਖਣ ਕਰਵਾਇਆ ਗਿਆ। ਕਾਬਿਲੇਗੌਰ ਹੈ ਕਿ ਪਿਛਲੇ ਦਿਨੀਂ ਕੁਝ ਲੋਕਾਂ ਵੱਲੋਂ ਸੜਕ ਦੀ ਕੁਆਲਿਟੀ ਬਾਰੇ ਸਵਾਲ ਚੁੱਕਦਿਆਂ ਇਲਾਕੇ ਦੇ ਲੋਕਾਂ ਨੂੰ ਗੁਮਰਾਹ ਕਰਨ ਦੀ ਕੋਸ਼ਿਸ਼ ਕੀਤੀ ਗਈ ਸੀ। ਇਸ ਸਬੰਧੀ ਬੋਲਦੇ ਹੋਏ ਵਿਧਾਇਕ ਸਿੱਧੂ ਨੇ ਕਿਹਾ ਕਿ ਉਹ ਮੀਡੀਆ ਅਤੇ ਸਥਾਨਕ ਲੋਕਾਂ ਦੀ ਹਾਜ਼ਰੀ ਵਿੱਚ ਉਨ੍ਹਾਂ ਸਾਰੇ ਵਿਰੋਧੀਆਂ ਨੂੰ ਖੁੱਲਾ ਅਖਤਿਆਰ ਦਿੰਦੇ ਹਨ ਕਿ ਉਹ ਕਿਸੇ ਵੀ ਜਗ੍ਹਾ ਤੋਂ ਸੜਕ ਨੂੰ ਚੈੱਕ ਕਰਵਾ ਸਕਦੇ ਹਨ, ਜੇਕਰ ਕਿਸੇ ਵੀ ਕਿਸਮ ਦੀ ਕੋਈ ਘਾਟ ਪਾਈ ਗਈ ਤਾਂ ਉਹ ਮੌਕੇ 'ਤੇ ਹੀ ਠੇਕੇਦਾਰ ਤੋਂ ਕੰਮ ਵਾਪਸ ਲੈਣਗੇ ਅਤੇ ਸਬੰਧਤ ਅਧਿਕਾਰੀਆਂ ਨੂੰ ਸਸਪੈਂਡ ਕਰਨ ਦੇ ਨਾਲ ਇਲਾਕਾ ਕੌਂਸਲਰ ਨੂੰ ਵੀ ਨੋਟਿਸ ਜਾਰੀ ਕਰਵਾਉਣਗੇ। ਵਿਧਾਇਕ ਸਿੱਧੂ ਨੇ ਕਿਹਾ ਕਿ ਵਿਰੋਧੀ ਲੋਕਾਂ ਨੂੰ ਗੁੰਮਰਾਹ ਕਰਨਾ ਬੰਦ ਕਰਨ ਅਤੇ ਸਾਹਮਣੇ ਆ ਕੇ ਉਹਨਾਂ ਦੀ



ਮੌਜੂਦਗੀ ਵਿੱਚ ਉਹਨਾਂ ਦਾ ਚੈਲੰਜ ਕਬੂਲ ਕਰਨ। ਵਿਧਾਇਕ ਸਿੱਧੂ ਨੇ ਕਿਹਾ ਕਿ ਮੌਕਾਪ੍ਰਸਤ ਲੋਕ ਭੋਲੇ ਭਾਲੇ ਇਲਾਕਾ ਨਿਵਾਸੀਆਂ ਨੂੰ ਗੁੰਮਰਾਹ ਕਰਨ ਦੀ ਨੀਅਤ ਨਾਲ ਰਾਤ ਦੇ ਹਨੇਰੇ ਵਿੱਚ ਪੁੱਠੀਆਂ ਸਿੱਧੀਆਂ ਹਰਕਤਾਂ ਕਰਦੇ ਹਨ, ਪਰ ਦਿਨ ਦੇ ਉਜਾਲੇ ਵਿੱਚ ਸੱਚ ਦੇ ਸੂਰਜ ਦਾ ਸਾਹਮਣਾ ਨਹੀਂ ਕਰ ਸਕਦੇ। ਇਲਾਕਾ ਨਿਵਾਸੀਆਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਸਿੱਧੂ ਨੇ ਕਿਹਾ ਕਿ ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪ੍ਰੋਜੈਕਟਾਂ ਨੂੰ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਵਚਨਬੱਧ ਹੈ। ਉਹਨਾਂ ਕਿਹਾ ਕਿ ਇਹ ਸੜਕ ਲੋਕਾਂ ਦੇ ਪੈਸਿਆਂ ਦੀ ਬਣ ਰਹੀ ਹੈ ਇਸ ਲਈ ਇਲਾਕਾ ਨਿਵਾਸੀਆਂ ਦਾ ਪੂਰਨ ਹੱਕ ਹੈ ਕਿ ਉਹ ਕਿਸੇ ਸਮੇਂ ਵੀ ਕੰਮ ਨੂੰ ਰੁਕਵਾ ਕੇ ਚੈੱਕ ਕਰ ਸਕਦੇ ਹਨ, ਜੇਕਰ ਉਹਨਾਂ ਨੂੰ ਕਿਸੇ ਕੰਮ ਵਿੱਚ ਤਰੁੱਟੀ ਨਜ਼ਰ ਆਉਂਦੀ ਹੈ ਤਾਂ ਉਹਨਾਂ ਦੇ ਧਿਆਨ ਵਿੱਚ ਲਿਆ ਸਕਦੇ ਹਨ। ਇਸ ਮੌਕੇ ਉਹਨਾਂ ਨਾਲ ਇਲਾਕਾ ਕੌਂਸਲਰ ਜਗਮੀਤ ਸਿੰਘ ਨੋਨੀ, ਡਾਕਟਰ ਰਮਨ ਅਰੋੜਾ, ਅਮਰ ਸਿੰਘ, ਗੁਰਦੀਪ ਸਿੰਘ, ਜੋਗਿੰਦਰ ਸਿੰਘ, ਪ੍ਰਦੀਪ ਕੁਮਾਰ, ਗੁਰਪ੍ਰੀਤ ਸਿੰਘ ਰਾਜਾ ਸੋਸ਼ਲ ਮੀਡੀਆ ਪ੍ਰਧਾਨ, ਲਾਲੀ ਸ਼ਰਮਾ, ਮਹਿੰਦਰ ਪਾਲ ਸਿੰਘ, ਵਿਧਾਇਕ ਸਿੱਧੂ ਦੇ ਮੀਡੀਆ ਇੰਚਾਰਜ ਸੁਖਵਿੰਦਰ ਸਿੰਘ ਗਿੱਲ ਅਤੇ ਪੀ ਏ ਕਮਲਦੀਪ ਕਪੂਰ ਵੀ ਹਾਜ਼ਰ ਸਨ।


## DECLARATION

from Employees of Firm for EPFO for the Correction of Names Wrongly Entered in Firm M/s SHREE GANESH GRAM UDYOG SAMITI. ( VPO GAHLEWAL, TEH.SAMRALA, LUDHIANA, 141001 )

Here is the list…

- HARKUNWARDEEP SINGH S/O BHUPINDER SINGH DECLARE THAT IN MY EPFO MY NAME WRONGLY ENTERED RAJ KUMAR. BUT MY CORRECT NAME IS HARKUNWARDEEP SINGH SO AMEND MY NAME FROM RAJ KUMAR S/O BHUPINDER SINGH TO HARKUNWARDEEP SINGH S/O BHUPINDER SINGH FOR MY EPFO.

- RUPNEET KAUR W/O PAWANDEEP SINGH DECLARE THAT IN MY EPFO MY NAME WRONGLY ENTERED KARTAR KAUR. BUT MY CORRECT NAME IS RUPNEET KAUR SO AMEND MY NAME FROM KARTAR KAUR TO RUPNEET KAUR W/O PAWANDEEP SINGH FOR MY EPFO.

- KHAJINDER SINGH NANDA S/O MOHINDER SINGH DECLARE THAT IN MY EPFO NAME WRONGLY ENTERED GURCHARAN SINGH. BUT MY CORRECT NAME IS KHAJINDER SINGH NANDA SO AMEND MY NAME FROM GURCHARAN SINGH TO KHAJINDER SINGH NANDA S/O MOHINDER SINGH FOR MY EPFO.

- MEHAR CHAND S/O SOMPAL DECLARE THAT IN MY EPFO MY NAME WRONGLY ENTERED KULDEEP SINGH. BUT MY CORRECT NAME IS MEHAR CHAND SO AMEND MY NAME FROM KULDEEP SINGH TO MEHAR CHAND S/O SOMPAL FOR MY EPFO.

- HEMANDEEP SINGH S/O BHUPINDER SINGH DECLARE THAT IN MY EPFO MY NAME WRONGLY ENTERED BALBIR SINGH. BUT MY CORRECT NAME IS HEMANDEEP SINGH SO AMEND MY NAME FROM BALBIR SINGH TO HEMANDEEP SINGH S/O BHUPINDER SINGH FOR MY EPFO.

- YASHPAL SINGH S/O ROSHAN LAL DECLARE THAT IN MY EPFO MY NAME WRONGLY ENTERED AS NIRBHAI SINGH. BUT MY CORRECT NAME IS YASHPAL SINGH SO AMEND MY NAME FROM NIRBHAI SINGH TO YASHPAL SINGH S/O ROSHAN LAL FOR MY EPFO.

# ਕੈਬਨਿਟ ਮੰਤਰੀ ਅਰੋੜਾ ਨੇ ਲੁਧਿਆਣਾ ਪੱਛਮੀ ਹਲਕੇ ਵਿੱਚ 4.10 ਕਰੋੜ ਰੁਪਏ ਦੇ ਸੜਕ ਪ੍ਰੋਜੈਕਟਾਂ ਦਾ ਕੀਤਾ ਉਦਘਾਟਨ

## ਕਿਹਾ, ਪੰਜਾਬ ਭਰ ਵਿੱਚ 1300 ਕਰੋੜ ਰੁਪਏ ਦੇ ਪ੍ਰੋਜੈਕਟਾਂ ਨਾਲ ਸੜਕੀ ਬੁਨਿਆਦੀ ਢਾਂਚੇ ਦਾ ਨਵੀਨੀਕਰਨ ਜਾਰੀ

ਜ਼ਿਕਰ ਪੰਜਾਬ

**ਲੁਧਿਆਣਾ/ਗੀਤਾ ਸਕਸੈਨਾ**

ਸ਼ਹਿਰੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਦੀ ਪੁਸ਼ਟੀ ਕਰਦੇ ਹੋਏ, ਪੰਜਾਬ ਦੇ ਸਥਾਨਕ ਸਰਕਾਰਾਂ, ਉਦਯੋਗ ਅਤੇ ਵਣਜ, ਨਿਵੇਸ਼ ਪ੍ਰੋਤਸਾਹਨ ਅਤੇ ਬਿਜਲੀ ਮੰਤਰੀ ਸ੍ਰੀ ਸੰਜੀਵ ਅਰੋੜਾ ਨੇ ਸ਼ਨੀਵਾਰ ਨੂੰ ਹਲਕਾ ਲੁਧਿਆਣਾ ਪੱਛਮੀ ਵਿੱਚ ਕਰੀਬ 8 ਕਿਲੋਮੀਟਰ ਦੀ ਲੰਬਾਈ ਵਾਲੇ 4.10 ਕਰੋੜ ਰੁਪਏ ਦੇ ਕਈ ਸੜਕ ਨਿਰਮਾਣ ਪ੍ਰੋਜੈਕਟਾਂ ਦੇ ਉਦਘਾਟਨ ਕੀਤੇ। ਇਹ ਪ੍ਰੋਜੈਕਟ ਲੁਧਿਆਣਾ ਪੱਛਮੀ ਹਲਕੇ ਦੇ ਕਈ ਵਾਰਡਾਂ ਵਿੱਚ ਫੈਲੇ ਹੋਏ ਹਨ। ਇਨ੍ਹਾਂ ਵਿੱਚ ਕਰੀਬ 71 ਲੱਖ ਰੁਪਏ ਦੀ ਲਾਗਤ ਨਾਲ ਵਾਰਡ ਨੰਬਰ 56 ਦੇ ਨਿਊ ਬੀ.ਆਰ.ਐਸ ਨਗਰ, ਸ਼ਾਮ ਨਗਰ ਅਤੇ ਨਿਊ ਸ਼ਾਮ ਨਗਰ ਵਿੱਚ ਪੈਦੀਆਂ ਗਲੀਆਂ ਦੀ ਉਸਾਰੀ ਸ਼ਾਮਲ ਹੈ। ਇਸ ਤੋਂ ਇਲਾਵਾ ਵਾਰਡ ਨੰਬਰ 58 ਵਿੱਚ ਕਰੀਬ 96.89 ਲੱਖ ਰੁਪਏ ਦੀ ਲਾਗਤ ਰਾਜਗੁਰੂ ਨਗਰ ਦੇ ਬਲਾਕ-ਜੇ ਅਤੇ ਬਲਾਕ ਐਚ.ਜੇ ਵਿੱਚ



ਮੁੱਖ ਸੜਕਾਂ, ਲੋਧੀ ਕਲੱਬ ਤੋਂ ਨਾਮਦੇਵ ਚੌਕ ਤੱਕ ਸੜਕ ਅਤੇ ਅੰਡਰਪਾਸ ਦੇ ਨੇੜੇ ਇੱਕ ਸਲਿੱਪਵੇਅ ਲਈ ਕੰਮ ਸ਼ੁਰੂ ਕੀਤਾ ਗਿਆ ਹੈ। ਇਸ ਤੋਂ ਇਲਾਵਾ ਵਾਰਡ ਨੰਬਰ 57 ਦੇ ਵਿੱਚ 55.77 ਲੱਖ ਰੁਪਏ ਦੀ ਲਾਗਤ ਨਾਲ ਲੋਧੀ ਕਲੱਬ ਦੇ ਨੇੜੇ ਬੀ.ਆਰ.ਐਸ ਨਗਰ ਦੇ ਬਲਾਕ-ਈ ਵਿੱਚ ਪੈਦੀਆਂ ਗਲੀਆਂ ਦੀ ਉਸਾਰੀ ਕਰਨ ਅਤੇ ਵਾਰਡ 55 ਵਿੱਚ ਕਰੀਬ 73.08 ਲੱਖ ਰੁਪਏ ਦੀ ਲਾਗਤ ਨਾਲ ਸਰਾਭਾ ਨਗਰ ਦੇ ਜ਼ੋਨ-ਡੀ ਦਫ਼ਤਰ ਨੂੰ ਫਿਰੋਜ਼ਪੁਰ ਰੋਡ ਨਾਲ ਜੋੜਨ ਵਾਲੀ ਮੁੱਖ ਸੜਕ ਦਾ ਵਿਕਾਸ ਸ਼ਾਮਲ ਹੈ।

ਇੱਕ ਹੋਰ ਵੱਡੇ ਪ੍ਰੋਜੈਕਟ ਵਿੱਚ ਕਰੀਬ 1.13 ਕਰੋੜ ਰੁਪਏ ਦੀ ਲਾਗਤ ਨਾਲ ਵਾਰਡ ਨੰਬਰ 71 ਦੀ ਅਫਸਰ ਕਲੋਨੀ ਅਤੇ ਰੱਖ ਬਾਗ ਦੇ ਨਾਲ ਲੱਗਦੇ ਖੇਤਰਾਂ ਵਿੱਚ ਪੈਦੀਆਂ ਗਲੀਆਂ ਦੀ ਉਸਾਰੀ ਸ਼ਾਮਲ ਹੈ। ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਅਧਿਕਾਰੀਆਂ ਨੂੰ ਸਾਰੇ ਕੰਮਾਂ ਨੂੰ ਸਮੇਂ ਸਿਰ ਪੂਰਾ ਕਰਨ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੰਦਿਆਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਗੁਣਵੱਤਾ ਦੇ ਮਿਆਰਾਂ ਨਾਲ ਕੋਈ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਚੇਤਾਵਨੀ ਦਿੱਤੀ ਕਿ ਘਟੀਆ ਕੰਮ ਦੇ ਦੋਸ਼ੀ ਪਾਏ ਗਏ ਠੇਕੇਦਾਰਾਂ ਨੂੰ ਬਲੈਕਲਿਸਟ ਕੀਤਾ ਜਾਵੇਗਾ ਅਤੇ ਜ਼ੋਰ ਦਿੱਤਾ ਕਿ ਠੇਕੇਦਾਰ ਤਿੰਨ ਸਾਲਾਂ ਲਈ ਸੜਕਾਂ ਦੀ ਦੇਖਭਾਲ ਲਈ ਜ਼ਿੰਮੇਵਾਰ ਹੋਣਗੇ। ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਵਿਆਪਕ ਦ੍ਰਿਸ਼ਟੀਕੋਣ ਨੂੰ ਉਜਾਗਰ ਕਰਦੇ ਹੋਏ ਮੰਤਰੀ ਅਰੋੜਾ ਨੇ ਕਿਹਾ ਕਿ ਪੰਜਾਬ ਇੱਕ ਜੀਵੰਤ 'ਰੰਗਲਾ ਪੰਜਾਬ' ਬਣਾਉਣ ਵੱਲ ਲਗਾਤਾਰ ਅੱਗੇ ਵਧ ਰਿਹਾ ਹੈ। ਉਨ੍ਹਾਂ ਦੱਸਿਆ ਕਿ ਰਾਜ ਵਿੱਚ ਨਗਰ ਨਿਗਮਾਂ ਅਤੇ ਨਗਰ ਕੌਂਸਲਾਂ ਵਿੱਚ ਸੜਕੀ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਲਈ ਇਸ ਸਮੇਂ ਕਰੀਬ 1300 ਕਰੋੜ ਦੇ ਪ੍ਰੋਜੈਕਟ ਚਲਾਏ ਜਾ ਰਹੇ ਹਨ। ਇਸ ਤੋਂ ਇਲਾਵਾ ਲੋਕ ਨਿਰਮਾਣ ਵਿਭਾਗ ਅਤੇ ਪੇਂਡੂ ਵਿਕਾਸ ਅਤੇ ਪੰਚਾਇਤਾਂ ਵਰਗੇ ਵਿਭਾਗ ਵੀ ਆਪਣੇ-ਆਪਣੇ ਅਧਿਕਾਰ ਖੇਤਰਾਂ ਵਿੱਚ ਵੱਡੇ ਪੱਧਰ 'ਤੇ ਵਿਕਾਸ ਕਾਰਜ ਕਰ ਰਹੇ ਹਨ। ਪ੍ਰੋਜੈਕਟਾਂ ਦੇ ਉਦਘਾਟਨ ਦੌਰਾਨ ਮੰਤਰੀ ਸੰਜੀਵ ਅਰੋੜਾ ਦੇ ਨਾਲ ਨਗਰ ਨਿਗਮ ਦੇ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ, ਨਗਰ ਨਿਗਮ ਦੇ ਕਮਿਸ਼ਨਰ ਡਾ. ਨੀਰੂ ਕਤਿਆਲ ਗੁਪਤਾ, ਨਗਰ ਨਿਗਮ ਦੇ ਸੀਨੀਅਰ ਅਧਿਕਾਰੀ, ਕੌਂਸਲਰ ਅਤੇ ਹੋਰ ਚੁਣੇ ਹੋਏ ਨੁਮਾਇੰਦੇ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ।



# ਸਨਾਤਨ ਸੇਵਾ ਸਮਿਤੀ ਵੱਲੋਂ ਸੁੰਦਰਕਾਂਡ ਪਾਠ ਦਾ ਆਯੋਜਨ

ਜ਼ਿਕਰ ਪੰਜਾਬ

**ਲੁਧਿਆਣਾ/ਗੀਤਾ ਸਕਸੈਨਾ**

ਸ਼੍ਰੀ ਹਨੂਮਾਨ ਜਯੰਤੀ ਦੇ ਮੌਕੇ 'ਤੇ, ਸਨਾਤਨ ਸੇਵਾ ਸਮਿਤੀ ਮਾਲਵਾ ਜ਼ੋਨ ਨੇ ਸ਼ਹੀਦ ਭਗਤ ਸਿੰਘ ਨਗਰ ਵਿੱਚ ਸ਼ਿਵ ਸ਼ਕਤੀ ਮੰਦਰ ਕਮੇਟੀ ਦੇ ਸਹਿਯੋਗ ਨਾਲ, ਕਮੇਟੀ ਦੇ ਮਾਲਵਾ ਜ਼ੋਨ ਸੰਗਠਨ ਜਨਰਲ ਸਕੱਤਰ ਸ਼੍ਰੀ ਵਰੁਣ ਮਹਿਤਾ ਦੀ ਅਗਵਾਈ ਹੇਠ ਮੰਦਰ ਪਰਿਸਰ ਵਿੱਚ ਸ਼੍ਰੀ ਸੁੰਦਰਕਾਂਡ ਅਤੇ ਸ਼੍ਰੀ ਹਨੂਮਾਨ ਚਾਲੀਸਾ ਦਾ ਪਾਠ ਕਰਵਾਇਆ। ਪਾਠ ਦੀ ਪ੍ਰਧਾਨਗੀ ਮੰਦਰ ਦੇ ਮੁੱਖ ਪੁਜਾਰੀ ਪੰਡਿਤ ਕਮਲ ਮਿਸ਼ਰਾ ਅਤੇ ਸੰਕੀਰਤਨ ਕਮੇਟੀ ਮੁਖੀ ਸਰੋਜ ਮੋਦਗਿਲ ਨੇ ਕੀਤੀ। ਇਸ ਮੌਕੇ ਮਹਿਲਾ ਵਿੰਗ ਇੰਚਾਰਜ ਰੁਪਿੰਦਰ ਕੌਰ, ਜ਼ਿਲ੍ਹਾ ਇੰਚਾਰਜ ਸ਼੍ਰੀ ਨਿਖਿਲ ਸ਼ਰਮਾ, ਸਰਕਲ ਕੋਆਰਡੀਨੇਟਰ ਅਸ਼ਵਨੀ ਕਨੌਜੀਆ ਅਤੇ ਭਾਰਤ ਸ਼ਰਮਾ ਨੋਨੀ ਪ੍ਰਮੁੱਖ ਤੌਰ 'ਤੇ ਮੌਜੂਦ ਸਨ। ਸ਼੍ਰੀ ਵਰੁਣ ਮਹਿਤਾ ਨੇ ਦੱਸਿਆ ਕਿ ਕਮੇਟੀ ਰਾਜ ਭਰ ਵਿੱਚ 250 ਤੋਂ ਵੱਧ ਥਾਵਾਂ 'ਤੇ ਸ਼੍ਰੀ ਹਨੂਮਾਨ ਚਾਲੀਸਾ ਦਾ ਹਫਤਾਵਾਰੀ ਪਾਠ ਕਰਵਾ ਰਹੀ ਹੈ। ਹਲਕੇ, ਬਲਾਕ ਅਤੇ ਬੂਥ ਪੱਧਰ 'ਤੇ ਕਮੇਟੀਆਂ ਬਣਾ ਕੇ ਨੌਜਵਾਨ ਪੀੜ੍ਹੀ ਨੂੰ ਸਨਾਤਨ ਸੱਭਿਆਚਾਰ ਨਾਲ ਜੋੜਨ ਲਈ ਇੱਕ ਮੁਹਿੰਮ ਚਲਾਈ ਜਾ ਰਹੀ ਹੈ। ਸਾਡਾ ਟੀਚਾ ਇਹ ਯਕੀਨੀ ਬਣਾਉਣਾ ਹੈ ਕਿ ਹਰ ਸਨਾਤਨ ਆਪਣੇ ਧਰਮ ਦੇ ਰੀਤੀ-ਰਿਵਾਜਾਂ ਅਤੇ ਪਰੰਪਰਾਵਾਂ ਤੋਂ ਜਾਣੂ ਹੋਵੇ।

ਸਾਨੂੰ ਧਰਮ ਗ੍ਰੰਥਾਂ ਦਾ ਪੂਰਾ ਗਿਆਨ ਹੋਣਾ ਚਾਹੀਦਾ ਹੈ ਅਤੇ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਸਾਡੇ ਧਾਰਮਿਕ ਅਭਿਆਸ ਨਿਰਧਾਰਤ ਮਰਿਆਦਾ ਅਨੁਸਾਰ ਹੋਣ। ਮਹਿਤਾ ਨੇ ਕਿਹਾ ਕਿ ਰਾਸ਼ਟਰੀ ਪ੍ਰਧਾਨ ਸ਼੍ਰੀ ਵਿਜੇ ਸ਼ਰਮਾ ਦੇ ਨਿਰਦੇਸ਼ਾਂ ਹੇਠ, ਧਾਰਮਿਕ ਸਮਾਗਮਾਂ ਵਿੱਚ ਸਨਾਤਨ ਧਰਮ ਦੇ ਪ੍ਰਮੁੱਖ ਦੇਵਤਿਆਂ ਦਾ ਰੂਪ ਧਾਰਨ ਕਰਕੇ ਧਾਰਮਿਕ ਅਪਵਿੱਤਰਤਾ ਕਰਨ ਵਾਲਿਆਂ ਨੂੰ ਰੋਕਣ ਲਈ ਜਲਦੀ ਹੀ ਜਾਗਰਣ ਕਮੇਟੀਆਂ ਅਤੇ ਜਲੂਸ ਕਮੇਟੀਆਂ ਨਾਲ ਸੰਪਰਕ ਕੀਤਾ ਜਾਵੇਗਾ। ਮਹਿਤਾ ਨੇ ਕਿਹਾ ਕਿ ਰਾਸ਼ਟਰੀ ਪ੍ਰਧਾਨ ਸ਼੍ਰੀ ਵਿਜੇ ਸ਼ਰਮਾ ਦੇ ਨਿਰਦੇਸ਼ਾਂ ਹੇਠ, ਧਾਰਮਿਕ ਸਮਾਗਮਾਂ ਵਿੱਚ ਸਨਾਤਨ ਧਰਮ ਦੇ ਪ੍ਰਮੁੱਖ ਦੇਵਤਿਆਂ ਦਾ ਰੂਪ ਧਾਰਨ ਕਰਕੇ ਧਾਰਮਿਕ ਅਪਵਿੱਤਰਤਾ ਕਰਨ ਵਾਲਿਆਂ ਨੂੰ ਰੋਕਣ ਲਈ ਜਲਦੀ ਹੀ ਜਾਗਰਣ ਕਮੇਟੀਆਂ ਅਤੇ ਜਲੂਸ ਕਮੇਟੀਆਂ ਨਾਲ ਸੰਪਰਕ ਕੀਤਾ ਜਾਵੇਗਾ। ਵਰੁਣ ਮਹਿਤਾ ਨੇ ਕਿਹਾ ਕਿ ਸਨਾਤਨ ਕਮੇਟੀ ਨੇ ਸਾਰੇ ਧਰਮਾਂ ਦੇ ਅਪਵਿੱਤਰਤਾ ਨੂੰ ਰੋਕਣ ਲਈ ਪੰਜਾਬ ਸਰਕਾਰ ਦੁਆਰਾ ਬਣਾਏ ਜਾ ਰਹੇ ਕਾਨੂੰਨ 'ਤੇ ਆਪਣੇ ਵਿਚਾਰ ਪੇਸ਼ ਕਰਦੇ ਹੋਏ, ਲੋਕਾਂ ਦਾ ਰੂਪ ਧਾਰਨ ਕਰਕੇ ਅਪਵਿੱਤਰਤਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ। ਇਸ ਮੌਕੇ ਸਵਪਨ ਤਾਨੀ, ਜਿੰਦੀ ਸਿੰਘ, ਮਮਤਾ ਸ਼ਰਮਾ, ਸੀਮਾ ਰੰਗੜਾ, ਨੀਰਜ ਖੁਰਾਣਾ, ਪੂਨਮ ਗੁਪਤਾ, ਸ਼ਸ਼ੀ ਸਿੰਗਲਾ, ਅਤੇ ਹੋਰ ਸੰਗਤਾਂ ਹਾਜ਼ਰ ਸਨ।

# ਵਿਧਾਇਕ ਗਰੇਵਾਲ ਵੱਲੋਂ ਨੂਰਵਾਲਾ ਰੋਡ ਵਿਖੇ 1. 26 ਕਰੋੜ ਦੀ ਲਾਗਤ ਵਾਲੇ ਸੀਵਰੇਜ ਕਾਰਜਾਂ ਦਾ ਉਦਘਾਟਨ

ਜ਼ਿਕਰ ਪੰਜਾਬ

**ਲੁਧਿਆਣਾ/ਗੀਤਾ ਸਕਸੈਨਾ**

ਵਿਧਾਨ ਸਭਾ ਹਲਕਾ ਲੁਧਿਆਣਾ ਪੂਰਬੀ ਤੋਂ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਵੱਲੋਂ ਅੱਜ ਵਾਰਡ ਨੰਬਰ 2 ਅਧੀਨ ਨੂਰਵਾਲਾ ਰੋਡ ਵਿਖੇ ਕਰੀਬ 1.26 ਕਰੋੜ ਦੀ ਲਾਗਤ ਨਾਲ ਸੀਵਰੇਜ ਦੇ ਨਵੇਂ ਕੰਮਾਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਇਲਾਕਾ ਨਿਵਾਸੀਆਂ ਦੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਨੇ ਕਿਹਾ ਕਿ ਵਸਨੀਕਾਂ ਵੱਲੋਂ ਪਿਛਲੇ ਸਮੇਂ ਦੌਰਾਨ ਸੀਵਰੇਜ ਦੀ ਸਮੱਸਿਆ ਨੂੰ ਲੈ ਕੇ ਮੰਗ ਕੀਤੀ ਜਾ ਰਹੀ ਸੀ ਕਿ ਉਹਨਾਂ ਦੇ ਇਲਾਕੇ ਵਿੱਚ ਬਰਸਾਤਾਂ ਦੇ ਮੌਕੇ ਓਵਰਫਲੋ ਕਾਰਨ ਇਲਾਕੇ ਨੂੰ ਕਈ ਤਰ੍ਹਾਂ ਦੀਆਂ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਸੋ ਇਸ ਮੁਸ਼ਕਿਲ ਨੂੰ ਦੇਖਦੇ ਹੋਏ ਸੀਵਰੇਜ ਦੀਆਂ ਪਾਈਪਾਂ ਨੂੰ ਦੁਬਾਰਾ ਤੋਂ ਪਾਇਆ ਜਾ ਰਿਹਾ ਹੈ ਤਾਂ ਜੋ ਇਲਾਕਾ ਨਿਵਾਸੀਆਂ ਨੂੰ ਰਾਹਤ ਮਿਲ ਸਕੇ। ਵਿਧਾਇਕ ਗਰੇਵਾਲ ਨੇ ਕਿਹਾ ਕਿ ਇਲਾਕਾ ਨਿਵਾਸੀਆਂ ਦੀ ਇਸ ਮੰਗ ਨੂੰ ਪੂਰਾ ਕਰਦੇ ਹੋਏ ਅੱਜ ਸੀਵਰੇਜ ਦੀਆਂ ਨਵੀਆਂ ਪਾਈਪਾਂ ਪਾਉਣ ਦੇ ਕੰਮਾਂ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ ਜਿਸ ਨੂੰ ਤੈਅ ਸਮੇਂ ਵਿੱਚ ਮੁਕੰਮਲ ਕਰ ਲਿਆ ਜਾਵੇਗਾ। ਉਹਨਾਂ ਕਿਹਾ ਕਿ ਇਹਨਾਂ ਵਿਕਾਸ ਕਾਰਜਾਂ ਦੇ ਮੁਕੰਮਲ ਹੋਣ ਨਾਲ ਇਲਾਕਾ ਨਿਵਾਸੀਆਂ ਨੂੰ ਆ ਰਹੀ ਮੁਸ਼ਕਿਲ ਤੋਂ ਛੁਟਕਾਰਾ ਮਿਲੇਗਾ। ਵਿਧਾਇਕ ਗਰੇਵਾਲ ਨੇ ਕਿਹਾ ਕਿ ਹਲਕਾ ਪੂਰਬੀ ਦੇ ਹਰ ਵਾਰਡ ਵਿੱਚ ਕਰੀਬ 90 ਫੀਸਦੀ ਵਿਕਾਸ ਕਾਰਜ ਪਹਿਲਾਂ ਹੀ ਮੁਕੰਮਲ ਕਰਵਾਏ ਜਾ ਚੁੱਕੇ ਹਨ ਅਤੇ ਆਉਣ ਵਾਲੇ ਕੁਝ ਦਿਨਾਂ ਵਿੱਚ ਬਾਕੀ ਰਹਿੰਦੇ ਕਾਰਜਾਂ ਨੂੰ ਵੀ 100 ਫੀਸਦੀ ਮੁਕੰਮਲ ਕਰ ਹਲਕਾ ਪੂਰਬੀ ਨੂੰ ਵਿਕਾਸ ਪੱਖੋਂ ਪਹਿਲੇ ਸਥਾਨ 'ਤੇ ਲਿਆਂਦਾ ਜਾਵੇਗਾ। ਵਿਧਾਇਕ ਗਰੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਮੁੱਖ ਟੀਚਾ ਸੂਬੇ ਦੇ ਵਸਨੀਕਾਂ ਨੂੰ ਹਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾ ਕੇ ਸੂਬੇ ਨੂੰ ਮੁੜ ਰੰਗਲਾ ਪੰਜਾਬ ਬਣਵਾਉਣਾ ਹੈ। ਇਸ ਮੌਕੇ ਵਾਰਡ ਨੰਬਰ 2 ਇੰਚਾਰਜ ਸੁਰਿੰਦਰ ਮਜਨ, ਵਾਰਡ ਨੰਬਰ 3 ਦੇ ਇੰਚਾਰਜ ਜਸਵਿੰਦਰ ਸੰਧੂ, ਵਾਰਡ ਨੰਬਰ 4 ਦੇ ਇੰਚਾਰਜ ਸੰਜੀਵ ਬਾਬੂ ਸ਼ਰਮਾ, ਰਾਜ ਗਰੇਵਾਲ , ਵਰਿੰਦਰ ਪਾਂਡੇ, ਮਹਾਂਵੀਰ ਸਿਸੋਦਿਆ, ਮਨਜੀਤ ਸਿੰਘ, ਹਕੀਕਤ ਭਾਟੀਆ, ਸੰਨੀ ਸਹਾਰਨ, ਵਿਜੇ ਕੁਮਾਰ, ਗਗਨ ਕੁਮਾਰ, ਹਰਪ੍ਰੀਤ ਬਾਮੜਾ, ਸੁੱਚਾ ਸਿੰਘ ਫਾਮ ਬੜਾ, ਰਾਜਵੀਰ ਸਿੰਘ, ਦਲਜੀਤ ਘੁਰਾ, ਅਨਿਲ ਵਿਨਾਇਕ, ਰੋਮੀ ਵਰਮਾ, ਰਕੇਸ਼ ਕੁਮਾਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।



# ਨਾਇਬ ਕੋਰਟ 10 ਹਜ਼ਾਰ ਦੀ ਰਿਸ਼ਵਤ ਲੈਂਦਾ ਵਿਜੀਲੈਂਸ ਬਿਊਰੋ ਵੱਲੋਂ ਰੰਗੇ ਹੱਥੀਂ ਕਾਬੂ

ਜ਼ਿਕਰ ਪੰਜਾਬ

**ਚੰਡੀਗੜ੍ਹ/ਬਿਊਰੋ**

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਚੱਲ ਰਹੀ ਭ੍ਰਿਸ਼ਟਾਚਾਰ ਵਿਰੁੱਧ ਮੁਹਿੰਮ ਦੌਰਾਨ ਲੁਧਿਆਣਾ ਅਦਾਲਤ ਵਿੱਚ ਨਾਇਬ ਕੋਰਟ ਵਜੋਂ ਤਾਇਨਾਤ ਸਹਾਇਕ ਸਬ- ਇੰਸਪੈਕਟਰ ਤਰਲੋਚਨ ਸਿੰਘ ਨੂੰ 10000 ਰੁਪਏ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਹੈ। ਅੱਜ ਇੱਥੇ ਇਹ ਜਾਣਕਾਰੀ ਸਾਂਝੀ ਕਰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਚੰਡੀਗੜ੍ਹ ਰੋਡ, ਲੁਧਿਆਣਾ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਵਿਰੁੱਧ ਇੱਕ ਕੇਸ ਦਰਜ ਸੀ ਅਤੇ ਗ੍ਰਿਫ਼ਤਾਰੀ ਦੌਰਾਨ ਸ਼ਿਕਾਇਤਕਰਤਾ ਦੀ ਲਾਇਸੈਂਸ-ਸ਼ੁਦਾ ਪਿਸਤੌਲ ਵੀ ਪੁਲਿਸ ਨੇ ਕਬਜ਼ੇ ਵਿੱਚ ਲੈ ਲਈ ਸੀ। ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਉਸਦਾ ਲਾਇਸੈਂਸੀ ਪਿਸਤੌਲ ਵਾਪਸ ਲੈਣ ਸਬੰਧੀ ਕੇਸ ਵਿੱਚ ਉਸਦੀ ਮਦਦ ਕਰਨ ਦੇ ਬਦਲੇ ਦੋਸ਼ੀ ਨਾਇਬ ਕੋਰਟ ਨੇ 10,000 ਰੁਪਏ ਦੀ ਰਿਸ਼ਵਤ ਅਤੇ ਸਕੈਚਰ ਸ਼ੂਅਜ਼ ਦੀ ਮੰਗ ਕੀਤੀ । ਸ਼ਿਕਾਇਤਕਰਤਾ ਨੇ ਰਿਸ਼ਵਤ ਅਤੇ ਸਕੈਚਰ ਸ਼ੂਅਜ਼ ਮੰਗਣ ਵਾਲੀ ਸਾਰੀ ਗੱਲਬਾਤ ਰਿਕਾਰਡ ਕਰ ਲਈ ਸੀ। ਜ਼ਿਕਰਯੋਗ ਹੈ ਕਿ ਸ਼ਿਕਾਇਤਕਰਤਾ ਰਿਸ਼ਵਤ ਦੇਣ ਜਾਂ ਕੋਈ ਵੀ ਹੋਰ ਗੈਰ-ਕਾਨੂੰਨੀ ਢੰਗ ਵਰਤਣ ਲਈ ਤਿਆਰ ਨਹੀ ਸੀ ਇਸ ਲਈ ਉਸ ਨੇ ਵਿਜੀਲੈਂਸ ਬਿਊਰੋ ਰੇਂਜ ਲੁਧਿਆਣਾ ਨਾਲ ਰਾਬਤਾ ਕੀਤਾ। ਉਸਦੀ ਸ਼ਿਕਾਇਤ 'ਤੇ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਦੀ ਟੀਮ ਨੇ ਦੋਸ਼ੀ ਨਾਇਬ ਕੋਰਟ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 10000 ਰੁਪਏ ਰਿਸ਼ਵਤ ਦੀ ਰਕਮ ਅਤੇ ਸਲੇਟੀ ਰੰਗ ਦੇ ਸਕੈਚਰ ਸ਼ੂਅਜ਼ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ।

ਇਸ ਸਬੰਧ ਵਿੱਚ ਦੋਸ਼ੀ ਵਿਰੁੱਧ ਵਿਜੀਲੈਂਸ ਬਿਊਰੋ ਪੁਲਿਸ ਸਟੇਸ਼ਨ ਲੁਧਿਆਣਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।



# "ਖੇਤਾਂ ਤੋਂ ਪਲੇਟ ਤੱਕ"- ਪੰਜਾਬ ਦੀ ਖੇਤੀਬਾੜੀ ਨੂੰ ਮਜ਼ਬੂਤ ਕਰਨ ਲਈ ਇੱਕ ਨਿਵੇਕਲੀ ਪਹਿਲਕਦਮੀ

ਜ਼ਿਕਰ ਪੰਜਾਬ

**ਚੰਡੀਗੜ੍ਹ/ਬਿਊਰੋ**

ਟਿਕਾਊ ਖੇਤੀਬਾੜੀ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ, ਪੰਜਾਬ ਰਾਜ ਖੁਰਾਕ ਕਮਿਸ਼ਨ ਨੇ ਆਰ ਈ: ਜੈਨਰੇਟਿੰਗ ਪੰਜਾਬ ਦੇ ਸਹਿਯੋਗ ਨਾਲ "ਮਿੱਟੀ ਤੋਂ ਥਾਲੀ"ਪਹਿਲਕਦਮੀ ਦੀ ਸ਼ੁਰੂਆਤ ਕੀਤੀ, ਜਿਸਦਾ ਉਦੇਸ਼ ਰਾਜ ਭਰ ਵਿੱਚ ਮਿੱਟੀ ਦੀ ਸਿਹਤ ਨੂੰ ਬਹਾਲ ਕਰਨਾ ਅਤੇ ਖੇਤੀ ਪ੍ਰਣਾਲੀ ਨੂੰ ਮਜ਼ਬੂਤ ਬਣਾਉਣਾ ਹੈ।

ਇਸ ਸਮਾਗਮ ਦੀ ਪ੍ਰਧਾਨਗੀ ਕਰਦੇ ਹੋਏ ਚੇਅਰਮੈਨ ਸ਼੍ਰੀ ਬਾਲ ਮੁਕੰਦ ਸ਼ਰਮਾ ਨੇ ਮਿੱਟੀ ਦੀ ਘੱਟਦੀ ਉਪਜਾਊ ਸ਼ਕਤੀ, ਭੂਮੀਗਤ ਪਾਣੀ ਦੀ ਕਮੀ ਅਤੇ ਵਾਤਾਵਰਣੀ ਚੁਣੌਤੀਆਂ ਨਾਲ ਨਜਿੱਠਣ ਲਈ ਸਾਂਝੀ ਪਹੁੰਚ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਸੈਮੀਨਾਰ ਦਾ ਅਰੰਭ ਕਰਦਿਆਂ ਮਿਸ ਸੁਮਿਤ ਸੰਧੂ (ਦਿੱਲੀ), ਸੰਸਥਾਪਕ ਸਟੀਵਰਡ, ਆਰ ਈ: ਜੈਨਰੇਟਿੰਗ ਪੰਜਾਬ ਨੂੰ ਏਜੰਡਾ ਪੇਸ਼ ਕਰਨ ਲਈ ਸੱਦਾ ਦਿੱਤਾ। ਸੈਮੀਨਾਰ ਵਿੱਚ ਪੰਜਾਬ, ਯੂਐਸਏ ਅਤੇ ਯੂਕੇ ਤੋਂ ਆਏ ਲਗਭਗ ਡੇਢ ਦਰਜਨ ਮਾਹਿਰਾਂ ਅਤੇ ਚੁਣਵੇਂ ਕਿਸਾਨਾਂ ਨੇ ਭਾਗ ਲਿਆ ਅਤੇ ਆਪਣੇ ਵਿਚਾਰ ਸਾਂਝੇ ਕੀਤੇ। ਚਰਚਾ ਦੌਰਾਨ ਔਰਗੈਨਿਕ ਖੇਤੀ, ਬਦਲਵਾਂ ਫਸਲੀ ਚੱਕਰ, ਗੰਡੋਇਆ ਅਧਾਰਿਤ ਖਾਦ, ਮਿੱਟੀ ਵਿੱਚ ਜੈਵਿਕ ਕਾਰਬਨ, ਪਾਣੀ ਦੀ ਸਮਝਦਾਰ ਵਰਤੋਂ, ਫੂਡ ਪ੍ਰੋਸੈਸਿੰਗ ਅਤੇ ਐਕਸਪੋਰਟ ਵਰਗੇ ਅਹਿਮ ਮਸਲਿਆਂ 'ਤੇ ਵਿਸਥਾਰ ਨਾਲ ਵਿਚਾਰ ਹੋਇਆ। ਸਾਰੇ ਵਿਚਾਰਾਂ ਦਾ ਕੇਂਦਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ "ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ"ਨਾਲ ਜੁੜਿਆ ਰਿਹਾ।

ਸੈਮੀਨਾਰ ਦੇ ਭਾਗੀਦਾਰਾਂ ਵਿੱਚ ਸੁਮਿਤ ਸੰਧੂ (ਦਿੱਲੀ), ਮੁਕਤੀ ਕੁਮਾਰ (ਜੰਮਪਲ, ਇੰਗਲੈਂਡ), ਜੋਤੀ ਸਰੂਪ (ਉਨਤੀ ਕਾਰਪੋਰੇਟਿਵ), ਰਜਨੀਸ਼ ਸ਼ਰਮਾ (ਗੰਡੋਇਆ ਦੀ ਖਾਦ ਬਣਾਉਣ ਵਿੱਚ ਮਾਹਿਰ), ਜਤਿੰਦਰ ਕੌਰ ਅਰੋੜਾ (ਸਾਬਕਾ ਕਾਰਜਕਾਰੀ ਨਿਰਦੇਸ਼ਕ, ਵਿਗਿਆਨ ਅਤੇ ਤਕਨਾਲੋਜੀ ਕੌਂਸਲ), ਅਤੇ ਹੋਰ ਕਈ ਅਗਾਂਹਵਧੂ ਕਿਸਾਨ ਅਤੇ ਵਿਦਵਾਨ ਸ਼ਾਮਲ ਸਨ।



# ਇੰਟਰ-ਫਾਰਮੇਸ਼ਨ ਹਾਕੀ ਚੈਂਪੀਅਨਸ਼ਿਪ 6 ਤੋਂ

ਜ਼ਿਕਰ ਪੰਜਾਬ

**ਜਲੰਧਰ/ਬਲਵਿੰਦਰ ਕੁਮਾਰ**

ਵਜਰਾ ਕੋਰ 6 ਤੋਂ 10 ਅਪ੍ਰੈਲ, 2026 ਤੱਕ ਵਾਜਰਾ ਐਸਟ੍ਰੋਟਰਫ ਹਾਕੀ ਸਟੇਡੀਅਮ, ਜਲੰਧਰ ਛਾਉਣੀ ਵਿਖੇ ਵੱਕਾਰੀ 'ਇੰਟਰ ਫਾਰਮੇਸ਼ਨ ਹਾਕੀ ਚੈਂਪੀਅਨਸ਼ਿਪ' ਦੀ ਮੇਜ਼ਬਾਨੀ ਕਰਨ ਲਈ ਤਿਆਰ ਹੈ। ਇਸ ਪ੍ਰੋਗਰਾਮ ਵਿੱਚ ਵੱਖ-ਵੱਖ ਫਾਰਮੇਸ਼ਨਾਂ ਵਿਚਕਾਰ ਮੁਕਾਬਲੇ ਵਾਲੇ ਮੈਚ ਹੋਣਗੇ, ਜੋ ਸੈਨਿਕਾਂ ਦੀ ਖੇਡ ਪ੍ਰਤਿਭਾ ਨੂੰ ਪ੍ਰਦਰਸ਼ਿਤ ਕਰਨਗੇ। ਚੈਂਪੀਅਨਸ਼ਿਪ ਦੀ ਸ਼ਾਨ ਨੂੰ ਵਧਾਉਣ ਲਈ, ਕਈ ਪ੍ਰਸਿੱਧ ਹਸਤੀਆਂ ਅਤੇ ਪ੍ਰਸਿੱਧ ਓਲੰਪਿਕ ਹਾਕੀ ਖਿਡਾਰੀ ਵੀ ਹਿੱਸਾ ਲੈਣਗੇ। ਇਹ ਟੂਰਨਾਮੈਂਟ ਰੋਮਾਂਚਕ ਮੈਚਾਂ ਦਾ ਵਾਅਦਾ ਕਰਦਾ ਹੈ ਜੋ ਦ੍ਰਿੜਤਾ, ਦੋਸਤੀ ਅਤੇ ਰਾਸ਼ਟਰੀ ਮਾਣ ਦੇ ਮੁੱਲਾਂ ਨੂੰ ਦਰਸਾਉਂਦਾ ਹੈ। ਸਮੇਂ-ਸਮੇਂ 'ਤੇ ਆਯੋਜਿਤ ਕੀਤੀਆਂ ਜਾਣ ਵਾਲੀਆਂ ਅਜਿਹੀਆਂ ਚੈਂਪੀਅਨਸ਼ਿਪਾਂ ਹਥਿਆਰਬੰਦ ਸੈਨਾਵਾਂ ਦੇ ਅੰਦਰ ਸਰੀਰਕ ਤੰਦਰੁਸਤੀ ਨੂੰ ਬਿਹਤਰ ਬਣਾਉਣ, ਵੱਖ-ਵੱਖ ਫਾਰਮੇਸ਼ਨਾਂ ਵਿੱਚ ਤਾਲਮੇਲ ਵਧਾਉਣ ਅਤੇ ਲੜਾਈ ਦੀ ਭਾਵਨਾ ਨੂੰ ਵਿਕਸਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।



# ਡਾ. ਰਵਜੋਤ ਸਿੰਘ ਵੱਲੋਂ ਜੇਲ੍ਹ ਵਿਭਾਗ ਦੀ ਕਾਰਗੁਜ਼ਾਰੀ ਦੀ ਸਮੀਖਿਆ, ਜੇਲ੍ਹ ਸੁਪਰਡੈਂਟਾਂ ਨਾਲ ਕੀਤੀ ਮੀਟਿੰਗ

ਜ਼ਿਕਰ ਪੰਜਾਬ

**ਹੁਸ਼ਿਆਰਪੁਰ/ਬਿਊਰੋ**

ਪੰਜਾਬ ਦੇ ਸੰਸਦੀ ਮਾਮਲਿਆਂ, ਐਨ.ਆਰ.ਆਈ ਮਾਮਲੇ ਅਤੇ ਜੇਲ੍ਹ ਮੰਤਰੀ ਡਾ. ਰਵਜੋਤ ਸਿੰਘ ਨੇ ਅੱਜ ਹੁਸ਼ਿਆਰਪੁਰ ਦੇ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿੱਚ ਸਾਰੇ ਜੇਲ੍ਹ ਸੁਪਰਡੈਂਟਾਂ ਦੀ ਮੀਟਿੰਗ ਦੀ ਅਗਵਾਈ ਕੀਤੀ। ਇਸ ਮੀਟਿੰਗ ਵਿੱਚ ਸ੍ਰੀ ਅਰੁਣ ਪਾਲ ਸਿੰਘ, ਆਈਪੀਐਸ, ਏਡੀਜੀਪੀ ਜੇਲ੍ਹਾਂ, ਸੁਰਿੰਦਰ ਪਾਲ ਸਿੰਘ ਮੰਡ, ਆਈਪੀਐਸ, ਡੀਆਈਜੀ ਜੇਲ੍ਹਾਂ (ਫਿਰੋਜ਼ਪੁਰ ਅਤੇ ਪਟਿਆਲਾ ਰੇਂਜ), ਸੁਖਮੰਦਰ ਸਿੰਘ ਮਾਨ, ਆਈਪੀਐਸ, ਡੀਆਈਜੀ ਜੇਲ੍ਹਾਂ (ਅੰਮ੍ਰਿਤਸਰ ਰੇਂਜ) ਅਤੇ ਮਨਮੋਹਨ ਕੁਮਾਰ, ਡੀਆਈਜੀ ਹੈੱਡਕੁਆਰਟਰ ਸਮੇਤ ਸਾਰੇ ਜੇਲ੍ਹ ਸੁਪਰਡੈਂਟ ਅਤੇ ਜੇਲ੍ਹ ਮੁੱਖ ਦਫ਼ਤਰ ਦੇ ਅਧਿਕਾਰੀ ਹਾਜ਼ਰ ਸਨ। ਇਹ ਮੀਟਿੰਗ ਜੇਲ੍ਹ ਅਧਿਕਾਰੀਆਂ ਨਾਲ ਸ਼ੁਰੂਆਤੀ ਜਾਣ-ਪਹਿਚਾਣ ਸਬੰਧੀ ਸੀ, ਜਿਸ ਦੌਰਾਨ ਜੇਲ੍ਹ ਮੰਤਰੀ ਨੂੰ ਵਿਭਾਗ ਦੀ ਸਮੁੱਚੀ ਕਾਰਗੁਜ਼ਾਰੀ ਅਤੇ ਅਹਿਮ ਪਹਿਲਕਦਮੀਆਂ ਬਾਰੇ ਜਾਣੂ ਕਰਵਾਇਆ ਗਿਆ, ਜਿਨ੍ਹਾਂ ਵਿੱਚ ਜੇਲ੍ਹਾਂ ਵਿੱਚ ਭੀੜਭਾੜ ਅਤੇ ਉੱਚ-ਖ਼ਤਰੇ ਵਾਲੇ ਕੈਦੀਆਂ ਦੇ ਪ੍ਰਬੰਧਨ ਵਰਗੀਆਂ ਚੁਣੌਤੀਆਂ ਦਾ ਹੱਲ ਕਰਨਾ ਸ਼ਾਮਲ ਹੈ। ਜੇਲ੍ਹ ਮੰਤਰੀ ਨੂੰ ਪ੍ਰਸਤਾਵਿਤ "ਪੰਜਾਬ ਪ੍ਰਿਜ਼ਨਜ਼ ਐਂਡ ਕਰੈਕਸ਼ਨਲ ਸਰਵਿਸਿਜ਼ ਬਿੱਲ"ਅਤੇ "ਪੰਜਾਬ ਗੁੱਡ ਕੰਡਕਟ ਪ੍ਰਿਜ਼ਨਰਜ਼ ਬਿੱਲ"ਬਾਰੇ ਵੀ ਜਾਣਕਾਰੀ ਦਿੱਤੀ ਗਈ, ਜੋ ਇਸ ਵੇਲੇ ਪੰਜਾਬ ਸਰਕਾਰ ਦੇ ਵਿਚਾਰ ਅਧੀਨ ਹਨ। ਇਸ ਤੋਂ ਇਲਾਵਾ, ਵਿਭਾਗ ਦੀ ਪੁਨਰ-ਰਚਨਾ ਸਬੰਧੀ ਪ੍ਰਸਤਾਵਾਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ, ਜਿਸ ਵਿੱਚ ਸੂਬੇ ਦੀਆਂ ਸਾਰੀਆਂ ਜੇਲ੍ਹਾਂ ਵਿੱਚ ਕਾਰਗੁਜ਼ਾਰੀ ਮਜ਼ਬੂਤ ਕਰਨ ਲਈ ਵਾਧੂ ਅਸਾਮੀਆਂ ਦੀ ਲੋੜ ਸ਼ਾਮਲ ਹੈ। ਕੈਬਨਿਟ ਮੰਤਰੀ ਨੇ ਜੇਲ੍ਹ ਸੁਪਰਡੈਂਟਾਂ ਵੱਲੋਂ ਉਠਾਏ ਗਏ ਮੁੱਦਿਆਂ ਨੂੰ ਵੀ ਧਿਆਨ ਨਾਲ ਸੁਣਿਆ, ਜਿਨ੍ਹਾਂ ਵਿੱਚ ਸਟਾਫ ਦੀ ਘਾਟ ਅਤੇ ਸੀਵਰੇਜ ਟ੍ਰੀਟਮੈਂਟ ਪਲਾਂਟਾਂ ਦੀ ਕਾਰਗੁਜ਼ਾਰੀ, ਜੇਲ੍ਹਾਂ ਵਿੱਚ ਟਾਇਲਟਾਂ ਦੀ ਮੁਰੰਮਤ ਅਤੇ ਰਿਹਾਇਸ਼ੀ ਕਾਲੋਨੀਆਂ ਦੀ ਮੁਰੰਮਤ ਵਰਗੀਆਂ ਚਿੰਤਾਵਾਂ ਸ਼ਾਮਲ ਹਨ। ਇਸ ਮੌਕੇ ਜੇਲ੍ਹ ਮੰਤਰੀ ਨੂੰ ਚੱਲ ਰਹੇ ਅਤੇ ਭਵਿੱਖ 'ਚ ਆਉਣ ਵਾਲੇ ਢਾਂਚਾਗਤ ਪ੍ਰੋਜੈਕਟਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ, ਜਿਨ੍ਹਾਂ ਵਿੱਚ ਲੁਧਿਆਣਾ ਵਿੱਚ ਹਾਈ ਸਕਿਊਰਟੀ ਜੇਲ੍ਹ ਦੀ ਉਸਾਰੀ ਅਤੇ ਪਟਿਆਲਾ ਵਿੱਚ ਮਹਿਲਾ ਓਪਨ ਜੇਲ੍ਹ ਦੀ ਸਥਾਪਨਾ ਦੇ ਪ੍ਰਸਤਾਵ ਸ਼ਾਮਲ ਹਨ। ਜੇਲ੍ਹ ਮੰਤਰੀ ਨੇ ਦੋਵੇਂ ਪ੍ਰੋਜੈਕਟਾਂ ਦੇ ਕੰਮ ਨੂੰ ਜਲਦੀ ਪੂਰਾ ਕਰਨ 'ਤੇ ਜ਼ੋਰ ਦਿੱਤਾ ਤਾਂ ਜੋ ਇਹ ਜਲਦ ਤੋਂ ਜਲਦ ਚਾਲੂ ਕੀਤੇ ਜਾ ਸਕਣ। ਆਪਣੇ ਸੰਬੋਧਨ ਵਿੱਚ ਡਾ. ਰਵਜੋਤ ਸਿੰਘ ਨੇ ਅਧਿਕਾਰੀਆਂ ਨੂੰ ਇਮਾਨਦਾਰੀ, ਮਿਹਨਤ ਅਤੇ ਬਿਨ੍ਹਾਂ ਕਿਸੇ ਦਬਾਅ ਦੇ ਕੰਮ ਕਰਨ ਲਈ ਪ੍ਰੇਰਿਤ ਕੀਤਾ ਅਤੇ ਜੇਲ੍ਹਾਂ ਵਿੱਚ ਗੈਰਕਾਨੂੰਨੀ ਗਤੀਵਿਧੀਆਂ ਨੂੰ ਰੋਕਣ ਲਈ ਹੋਰ ਮਜ਼ਬੂਤ ਯਤਨ ਕਰਨ ਅਤੇ ਕੈਦੀਆਂ ਦੀ ਸੁਧਾਰ ਅਤੇ ਪੁਨਰਵਾਸ ਪ੍ਰਕਿਰਿਆ ਨੂੰ ਬਿਹਤਰ ਬਣਾਉਣ 'ਤੇ ਜ਼ੋਰ ਦਿੱਤਾ।



# ਵੂਮੈਨ ਐਂਡ ਚਾਈਲਡ ਵੈਲਫੇਅਰ ਸੋਸਾਇਟੀ ਦਾ ਸ਼ਲਾਘਯੋਗ ਉਪਰਾਲਾ, ਮਹਿਲਾਵਾਂ ਨੂੰ ਰੋਜ਼ਗਾਰਮੁੱਖੀ ਸਿਖਲਾਈ ਪ੍ਰਦਾਨ

ਜ਼ਿਕਰ ਪੰਜਾਬ

**ਚੰਡੀਗੜ੍ਹ/ਬਿਊਰੋ**

ਵੂਮੈਨ ਐਂਡ ਚਾਈਲਡ ਵੈਲਫੇਅਰ ਸੋਸਾਇਟੀ, ਸੈਕਟਰ 454, ਚੰਡੀਗੜ੍ਹ ਵੱਲੋਂ 15 ਦਿਵਸੀ ਸਿਲਾਈ ਮਸ਼ੀਨ ਸਿਖਲਾਈ ਪ੍ਰੋਗਰਾਮ ਦਾ ਸਫਲ ਆਯੋਜਨ ਕੀਤਾ ਗਿਆ। ਇਹ ਪ੍ਰੋਗਰਾਮ ਖਾਦੀ ਅਤੇ ਗ੍ਰਾਮ ਉਦਯੋਗ ਆਯੋਗ, ਸੂਖਮ, ਲਘੂ ਅਤੇ ਮੱਧਮ ਉਦਯੋਗ ਮੰਤਰਾਲਾ, ਭਾਰਤ ਸਰਕਾਰ ਵੱਲੋਂ ਚਲਾਈ ਜਾ ਰਹੀ ਗ੍ਰਾਮੀਣ ਉਦਯੋਗ ਵਿਕਾਸ ਯੋਜਨਾ ਦੇ ਤਹਿਤ ਕਰਵਾਇਆ ਗਿਆ।ਇਹ ਸਿਖਲਾਈ ਪ੍ਰੋਗਰਾਮ 17 ਤੋਂ 31 ਮਾਰਚ 2026 ਤੱਕ ਗੁਰਦੁਆਰਾ ਸਿੰਘ ਸਭਾ, ਸੈਕਟਰ 45, ਬੁੜੈਲ, ਚੰਡੀਗੜ੍ਹ ਵਿਖੇ ਆਯੋਜਿਤ ਕੀਤਾ ਗਿਆ, ਜਿਸਦਾ ਸੰਚਾਲਨ ਰਾਜ ਦਫ਼ਤਰ, ਖਾਦੀ ਅਤੇ ਗ੍ਰਾਮ ਉਦਯੋਗ ਆਯੋਗ, ਐਮ.ਐਸ.ਐਮ.ਈ. ਭਵਨ, ਸੈਕਟਰ 22-ਸੀ, ਚੰਡੀਗੜ੍ਹ ਵੱਲੋਂ ਕੀਤਾ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਇਲਾਕੇ ਦੀਆਂ ਲੋੜਵੰਦ ਮਹਿਲਾਵਾਂ ਅਤੇ ਯੁਵਤੀਆਂ ਨੂੰ ਆਤਮਨਿਰਭਰ ਬਣਾਉਣਾ ਅਤੇ ਉਨ੍ਹਾਂ ਲਈ ਰੋਜ਼ਗਾਰ ਦੇ ਮੌਕੇ ਉਪਲਬਧ ਕਰਵਾਉਣਾ ਸੀ। ਇਸ ਸਿਖਲਾਈ ਵਿੱਚ ਚੰਡੀਗੜ੍ਹ ਅਤੇ ਪੰਜਾਬ ਨਾਲ ਸੰਬੰਧਤ ਲਗਭਗ 20 ਮਹਿਲਾਵਾਂ ਅਤੇ ਯੁਵਤੀਆਂ ਨੇ ਭਾਗ ਲਿਆ। ਸੰਸਥਾ ਦੀ ਸੰਸਥਾਪਕ ਅਤੇ ਪ੍ਰਧਾਨ ਸ੍ਰੀਮਤੀ ਪੂਜਾ ਬਕਸ਼ੀ ਦੇ ਮਾਰਗਦਰਸ਼ਨ ਹੇਠ ਆਯੋਜਿਤ ਇਸ ਪ੍ਰੋਗਰਾਮ ਦੌਰਾਨ ਭਾਗੀਦਾਰਾਂ ਨੂੰ ਤਜਰਬੇਕਾਰ ਅਧਿਆਪਿਕਾ ਵੱਲੋਂ ਸਿਲਾਈ ਨਾਲ ਸੰਬੰਧਿਤ ਵਿਹਾਰਿਕ ਅਤੇ ਤਕਨੀਕੀ ਸਿਖਲਾਈ ਪ੍ਰਦਾਨ ਕੀਤੀ ਗਈ, ਜਿਸ ਨਾਲ ਉਨ੍ਹਾਂ ਦੇ ਹੁਨਰ ਵਿੱਚ ਉਲਲੇਖਣਯੋਗ ਵਾਧਾ ਹੋਇਆ। ਇਸਦੇ ਨਾਲ ਹੀ ਭਾਗੀਦਾਰਾਂ ਨੂੰ ਵੱਖ-ਵੱਖ ਸਰਕਾਰੀ ਯੋਜਨਾਵਾਂ ਬਾਰੇ ਜਾਣਕਾਰੀ ਪ੍ਰਦਾਨ ਕਰਕੇ ਉਨ੍ਹਾਂ ਨੂੰ ਲਾਭਕਾਰੀ ਯੋਜਨਾਵਾਂ ਨਾਲ ਜੋੜਨ ਦਾ ਵੀ ਉਪਰਾਲਾ ਕੀਤਾ ਗਿਆ, ਤਾਂ ਜੋ ਉਨ੍ਹਾਂ ਦਾ ਸਮੁੱਚਾ ਵਿਕਾਸ ਯਕੀਨੀ ਬਣਾਇਆ ਜਾ ਸਕੇ। ਸਿਖਲਾਈ ਪੂਰੀ ਹੋਣ ਉਪਰੰਤ ਸਾਰੀਆਂ ਭਾਗੀਦਾਰ ਮਹਿਲਾਵਾਂ ਨੂੰ ਵਪਾਰਕ ਮਾਡਲ ਦੀਆਂ ਸਿਲਾਈ ਮਸ਼ੀਨਾਂ ਸਮੇਤ ਟੂਲਕਿੱਟ ਪ੍ਰਦਾਨ ਕੀਤੀਆਂ ਜਾਣਗੀਆਂ, ਜਿਸ ਨਾਲ ਉਹ ਆਪਣਾ ਸਵਰੋਜ਼ਗਾਰ ਸ਼ੁਰੂ ਕਰ ਸਕਣ ਅਤੇ ਆਰਥਿਕ ਤੌਰ 'ਤੇ ਸਸ਼ਕਤ ਬਣ ਸਕਣ। ਕਾਰਜਕ੍ਰਮ ਦੇ ਸਮਾਪਨ ਮੌਕੇ ਭਾਗੀਦਾਰਾਂ ਨੂੰ ਉਨ੍ਹਾਂ ਦੇ ਉਜਲੇ ਭਵਿੱਖ ਲਈ ਪ੍ਰੇਰਿਤ ਕੀਤਾ ਗਿਆ ਅਤੇ ਆਪਣੇ ਹੁਨਰ ਦੇ ਆਧਾਰ 'ਤੇ ਆਤਮਨਿਰਭਰ ਬਣਨ ਲਈ ਉਤਸ਼ਾਹਿਤ ਕੀਤਾ ਗਿਆ। ਵੂਮੈਨ ਐਂਡ ਚਾਈਲਡ ਵੈਲਫੇਅਰ ਸੋਸਾਇਟੀ, ਸੈਕਟਰ 454, ਚੰਡੀਗੜ੍ਹ ਵੱਲੋਂ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸਿਖਲਾਈ ਪ੍ਰੋਗਰਾਮ ਆਯੋਜਿਤ ਕਰਨ ਦੀ ਯੋਜਨਾ ਹੈ, ਤਾਂ ਜੋ ਵੱਧ ਤੋਂ ਵੱਧ ਮਹਿਲਾਵਾਂ ਨੂੰ ਸਸ਼ਕਤ ਅਤੇ ਆਤਮਨਿਰਭਰ ਬਣਾਇਆ ਜਾ ਸਕੇ ਅਤੇ ਸਰਕਾਰੀ ਯੋਜਨਾਵਾਂ ਦਾ ਲਾਭ ਵੱਡੇ ਪੱਧਰ 'ਤੇ ਲੋਕਾਂ ਤੱਕ ਪਹੁੰਚਾਇਆ ਜਾ ਸਕੇ।



# ਵਿਸ਼ੇਸ਼ ਸੁਧਾਈ ਰਿਵੀਜ਼ਨ ਲਈ ਪੰਜਾਬ ਪੂਰੀ ਤਰ੍ਹਾਂ ਤਿਆਰ : ਮੁੱਖ ਚੋਣ ਅਧਿਕਾਰੀ

ਜ਼ਿਕਰ ਪੰਜਾਬ

**ਚੰਡੀਗੜ੍ਹ/ਬਿਊਰੋ**

ਪੰਜਾਬ ਦੀ ਮੁੱਖ ਚੋਣ ਅਧਿਕਾਰੀ ਅਨਿੰਦਿਤਾ ਮਿੱਤਰਾ ਨੇ ਅੱਜ ਦੱਸਿਆ ਕਿ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ ਰਿਵੀਜ਼ਨ (ਐਸ.ਆਈ.ਆਰ.) ਲਈ ਪੂਰੀ ਤਿਆਰੀ ਹੈ। ਉਨ੍ਹਾਂ ਦੱਸਿਆ ਕਿ ਭਾਰਤੀ ਚੋਣ ਕਮਿਸ਼ਨ ਦੁਆਰਾ ਐਸ.ਆਈ.ਆਰ. ਅਭਿਆਸ ਲਈ ਸ਼ਡਿਊਲ ਨੋਟੀਫਿਕੇਸ਼ਨ ਜਾਰੀ ਹੋਣ ਤੋਂ ਪਹਿਲਾਂ ਸਾਰੀਆਂ ਸ਼ੁਰੂਆਤੀ ਗਤੀਵਿਧੀਆਂ ਇੱਕ ਢਾਂਚਾਗਤ ਅਤੇ ਸਮਾਂਬੱਧ ਢੰਗ ਨਾਲ ਕੀਤੀਆਂ ਜਾ ਰਹੀਆਂ ਹਨ। ਹੁਣ ਤੱਕ ਦੀ ਪ੍ਰਗਤੀ ਬਾਰੇ ਉਨ੍ਹਾਂ ਨੇ ਦੱਸਿਆ ਕਿ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਇੱਕ ਵਿਆਪਕ ਪ੍ਰੀ-ਐਸ.ਆਈ.ਆਰ. ਮੈਪਿੰਗ ਅਭਿਆਸ ਕੀਤਾ ਗਿਆ ਹੈ। 4 ਅਪ੍ਰੈਲ ਨੂੰ ਸਵੇਰੇ 8:00 ਵਜੇ ਤੱਕ ਦੇ ਤਾਜ਼ਾ ਅੰਕੜਿਆਂ ਅਨੁਸਾਰ, ਪੰਜਾਬ ਵਿੱਚ 74.27 ਫ਼ੀਸਦ ਵੋਟਰਾਂ ਦੀ ਵਿਸ਼ੇਸ਼ ਸੁਧਾਈ ਰਿਵੀਜ਼ਨ ਰਿਕਾਰਡਾਂ ਨਾਲ ਮੈਪਿੰਗ ਕੀਤੀ ਗਈ ਹੈ। ਕੁੱਲ 2,14,57,521 ਵੋਟਰਾਂ ਵਿੱਚੋਂ ਸੂਬੇ ਭਰ ਵਿੱਚ 1,59,36,941 ਵੋਟਰਾਂ ਦੀ ਮੈਪਿੰਗ ਕੀਤੀ ਜਾ ਚੁੱਕੀ ਹੈ। ਪ੍ਰੀ-ਐਸਆਈਆਰ ਦੇ ਅਭਿਆਸ ਨੂੰ ਸਮੇਂ ਸਿਰ ਅਤੇ ਸੁਚੱਜੇ ਢੰਗ ਨਾਲ ਮੁਕੰਮਲ ਕਰਨਾ ਯਕੀਨੀ ਬਣਾਉਣ ਲਈ, ਹੈੱਡਕੁਆਰਟਰ ਪੱਧਰ 'ਤੇ ਚੋਣ ਰਜਿਸਟ?ਰੇਸ਼ਨ ਅਧਿਕਾਰੀਆਂ (ਈਆਰਓਜ਼) ਦੁਆਰਾ ਕੀਤੀ ਗਈ ਪ੍ਰਗਤੀ ਦੀ ਰੋਜ਼ਾਨਾ ਨਿਗਰਾਨੀ ਕੀਤੀ ਜਾ ਰਹੀ ਹੈ, ਜਿਸ ਨਾਲ ਨਜ਼ਦੀਕੀ ਨਿਗਰਾਨੀ ਅਤੇ ਮੁੱਦਿਆਂ ਦਾ ਤੁਰੰਤ ਹੱਲ ਸੰਭਵ ਹੋ ਸਕਿਆ ਹੈ। ਜ਼ਿਲ੍ਹਾ-ਵਾਰ ਵੇਰਵੇ ਦਿੰਦਿਆਂ ਮਿੱਤਰਾ ਨੇ ਕਿਹਾ ਕਿ ਤਰਨਤਾਰਨ (88.64 ਫ਼ੀਸਦ), ਮੋਗਾ (86.91 ਫ਼ੀਸਦ), ਸ੍ਰੀ ਮੁਕਤਸਰ ਸਾਹਿਬ (85.47 ਫ਼ੀਸਦ) ਅਤੇ ਮਾਨਸਾ (84.20 ਫ਼ੀਸਦ) ਵਰਗੇ ਜ਼ਿਲ੍ਹਿਆਂ ਵਿੱਚ ਸਭ ਤੋਂ ਵੱਧ ਮੈਪਿੰਗ ਫ਼ੀਸਦ ਦਰਜ ਕੀਤੀ ਹੈ। ਲੁਧਿਆਣਾ (64.14 ਫ਼ੀਸਦ), ਅੰਮ੍ਰਿਤਸਰ (75.60 ਫ਼ੀਸਦ), ਜਲੰਧਰ (68.05 ਫ਼ੀਸਦ), ਅਤੇ ਪਟਿਆਲਾ (69.33 ਫ਼ੀਸਦ) ਸਮੇਤ ਹੋਰ ਪ੍ਰਮੁੱਖ ਜ਼ਿਲ੍ਹਿਆਂ ਵਿੱਚ ਵੀ ਕਾਫ਼ੀ ਪ੍ਰਗਤੀ ਦੇਖਣ ਨੂੰ ਮਿਲੀ ਹੈ। ਮੁੱਖ ਚੋਣ ਅਧਿਕਾਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਵੋਟਰ 2003 ਦੀਆਂ ਵੋਟਰ ਸੂਚੀਆਂ, ਜੋ ਕਿ ਐਸਆਈਆਰ ਪ੍ਰਕਿਰਿਆ ਲਈ ਇੱਕ ਮੁੱਖ ਸੰਦਰਭ ਵਜੋਂ ਕੰਮ ਕਰਦੀਆਂ ਹਨ, ਦਾ ਹਵਾਲਾ ਦੇ ਕੇ ਆਪਣੇ ਵੇਰਵਿਆਂ ਨੂੰ ਸਰਗਰਮੀ ਨਾਲ ਲੱਭ ਸਕਦੇ ਹਨ ਅਤੇ ਮੈਪ ਕਰ ਸਕਦੇ ਹਨ । ਵੋਟਰ ਭਾਰਤ ਦੇ ਚੋਣ ਕਮਿਸ਼ਨ ਦੇ ਅਧਿਕਾਰਤ ਪੋਰਟਲ https://voters.eci.gov.in/ ਰਾਹੀਂ 2003 ਦੀ ਵੋਟਰ ਸੂਚੀ ਤੱਕ ਪਹੁੰਚ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਨਾਗਰਿਕਾਂ ਨੂੰ 2003 ਦੀ ਵੋਟਰ ਸੂਚੀ ਵਿੱਚ ਆਪਣੇ ਨਾਮ ਲੱਭਣ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ। ਜੇਕਰ ਉਨ੍ਹਾਂ ਦਾ ਨਾਮ ਨਹੀਂ ਮਿਲਦਾ ਹੈ, ਤਾਂ ਉਹ ਆਪਣੇ ਪਰਿਵਾਰਕ ਮੈਂਬਰਾਂ, ਜਿਵੇਂ ਕਿ ਮਾਪਿਆਂ ਜਾਂ ਦਾਦਾ-ਦਾਦੀ ਦੇ ਵੇਰਵਿਆਂ ਦਾ ਮਿਲਾਨ ਕਰਕੇ ਆਪਣੇ ਵੇਰਵੇ ਲਿੰਕ ਕਰ ਸਕਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਐਸਆਈਆਰ ਅਭਿਆਸ ਦੌਰਾਨ, ਬੂਥ ਲੈਵਲ ਅਫ਼ਸਰ (ਬੀਐਲਓ) ਸੂਬੇ ਭਰ ਵਿੱਚ ਘਰ-ਘਰ ਜਾ ਕੇ ਗਣਨਾ ਕਰਨਗੇ। ਗਣਨਾ ਫਾਰਮ ਦੋ ਪ੍ਰਕਿਰਿਆਵਾਂ ਵਿੱਚ ਵੰਡੇ ਜਾਣਗੇ ਅਤੇ ਸਹਾਇਕ ਦਸਤਾਵੇਜ਼ਾਂ ਨਾਲ ਇਕੱਠੇ ਕੀਤੇ ਜਾਣਗੇ, ਤਾਂ ਜੋ ਪੂਰੀ ਕਵਰੇਜ ਨੂੰ ਯਕੀਨੀ ਬਣਾਇਆ ਜਾ ਸਕੇ। ਹਰੇਕ ਵੋਟਰ, ਜਿਸਦਾ ਨਾਮ 2025 ਦੀ ਵੋਟਰ ਸੂਚੀ ਵਿੱਚ ਆਉਂਦਾ ਹੈ, ਨੂੰ ਇਹਨਾਂ ਗਣਨਾ ਫਾਰਮਾਂ ਨੂੰ ਭਰਨਾ ਜ਼ਰੂਰੀ ਹੈ। ਸੀਈਓ ਪੰਜਾਬ ਨੇ ਅੱਗੇ ਕਿਹਾ ਕਿ ਹਰ ਯੋਗ ਵੋਟਰ ਨੂੰ ਸ਼ਾਮਲ ਕਰਨ ਅਤੇ ਵੋਟਰ ਸੂਚੀਆਂ ਸਹੀ ਅਤੇ ਦਰੁਸਤ ਕਰਨਾ ਯਕੀਨੀ ਬਣਾਉਣ ਲਈ ਨਾਗਰਿਕਾਂ ਦਾ ਸਰਗਰਮ ਸਹਿਯੋਗ ਅਹਿਮ ਭੂਮਿਕਾ ਨਿਭਾਏਗਾ। ਮੁੱਖ ਚੋਣ ਅਧਿਕਾਰੀ ਪੰਜਾਬ ਨੇ ਕਿਹਾ ਕਿ ਸਿਆਸੀ ਪਾਰਟੀਆਂ ਦੁਆਰਾ ਬੂਥ ਲੈਵਲ ਏਜੰਟਾਂ (ਬੀਐਲਏਜ਼) ਦੀ ਤਾਇਨਾਤੀ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਅੱਗੇ ਕਿਹਾ ਕਿ ਸੂਬੇ ਭਰ ਵਿੱਚ 8000 ਤੋਂ ਵੱਧ ਬੀਐਲਏਜ਼ ਲਗਾਏ ਗਏ ਹਨ, ਜਿਸ ਨਾਲ ਚੋਣ ਪ੍ਰਕਿਰਿਆਵਾਂ ਵਿੱਚ ਭਾਈਵਾਲਾਂ ਦੀ ਵਿਆਪਕ ਭਾਗੀਦਾਰੀ ਯਕੀਨੀ ਬਣਾਈ ਜਾ ਸਕਦੀ ਹੈ। ਵੋਟਰਾਂ ਦੀ ਸਹੂਲਤ ਲਈ, ਰਾਜ/ਜ਼ਿਲ੍ਹਾ ਸੰਪਰਕ ਕੇਂਦਰ 'ਤੇ ਟੋਲ-ਫਰੀ ਨੰਬਰ 1950 ਸਥਾਪਤ ਕੀਤਾ ਗਿਆ ਹੈ। ਇਹ ਹੈਲਪਲਾਈਨ ਨੰਬਰ ਕੰਮਕਾਜੀ ਦਿਨਾਂ ਵਿੱਚ ਸਵੇਰੇ 9:00 ਵਜੇ ਤੋਂ ਸ਼ਾਮ 5:00 ਵਜੇ ਤੱਕ ਹਰ ਸਮੇਂ ਕਾਰਜਸ਼ੀਲ ਰਹੇਗਾ। ਨਾਗਰਿਕ ਇਸ ਨੰਬਰ ਰਾਹੀਂ ਸ਼ਿਕਾਇਤਾਂ ਵੀ ਦਰਜ ਕਰਵਾ ਸਕਦੇ ਹਨ। ਇਸ ਤੋਂ ਇਲਾਵਾ ਵੋਟਰ ਈਸੀਆਈਐਨਈਟੀ ਪਲੇਟਫਾਰਮ 'ਤੇ ਬੁੱਕ ਏ ਕਾਲ ਵਿਦ ਬੀਐਲਓ ਸਹੂਲਤ ਦੀ ਵਰਤੋਂ ਕਰਕੇ ਵੋਟਰ ਹੈਲਪਲਾਈਨ ਐਪ ਰਾਹੀਂ ਵੱਖ-ਵੱਖ ਸੇਵਾਵਾਂ ਤੱਕ ਪਹੁੰਚ ਕਰ ਸਕਦੇ ਹਨ।



# ਸਾਉਣੀ ਦੇ ਸੀਜ਼ਨ ਲਈ ਖਾਦਾਂ ਦੇ ਅਗਾਂਹੂ ਪ੍ਰਬੰਧਾਂ ਸਬੰਧੀ ਖਾਦ ਕੰਪਨੀਆਂ ਅਤੇ ਖਾਦ ਹੋਲਸੇਲਰਾਂ ਨਾਲ ਅਹਿਮ ਮੀਟਿੰਗ ਆਯੋਜਿਤ



ਜ਼ਿਕਰ ਪੰਜਾਬ

**ਸ੍ਰੀ ਮੁਕਤਸਰ ਸਾਹਿਬ/ਨਰਿੰਦਰ ਵਧਵਾ**

ਖੇਤੀਬਾੜੀ ਮੰਤਰੀ ਪੰਜਾਬ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਦਿੱਤੇ ਗਏ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਾਉਣੀ ਸੀਜ਼ਨ ਦੌਰਾਨ ਕਿਸਾਨਾਂ ਨੂੰ ਡੀ.ਏ.ਪੀ, ਯੂਰੀਆ ਅਤੇ ਹੋਰ ਖਾਦਾਂ ਦੀ ਉਪਲੱਬਧਤਾ ਅਤੇ ਅਗਾਂਹੂ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਸਬੰਧੀ ਖਾਦ ਕੰਪਨੀਆਂ ਅਤੇ ਖਾਦ ਹੋਲਸੇਲਰਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਮੁੱਖ ਖੇਤੀਬਾੜੀ ਅਫਸਰ ਜਗਸੀਰ ਸਿੰਘ ਵੱਲੋਂ ਸਾਉਣੀ ਸੀਜ਼ਨ ਲਈ ਜਿਲੇ ਅੰਦਰ ਸਮੇਂ ਸਿਰ ਖਾਦ ਦੀ ਉਪਲੱਬਧਤਾ ਯਕੀਨੀ ਕਰਵਾਉਣ ਲਈ ਕਿਹਾ ਗਿਆ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਖਾਦ ਸਬੰਧੀ ਕਿਸੇ ਕਿਸਮ ਦੀ ਮੁਸ਼ਕਿਲ ਪੇਸ਼ ਨਹੀ ਆਉਣ ਦਿੱਤੀ ਜਾਵੇਗੀ ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਕੋਈ ਵੀ ਖੇਤੀ ਇਨਪੁਟਸ ਬਿਨ੍ਹਾਂ ਬਿੱਲ ਤੋ ਨਾਂ ਲਏ ਜਾਣ ਅਤੇ ਖੇਤੀਆਂ ਵਸਤੂਆਂ ਖਰੀਦ ਕਰਦੇ ਸਮੇਂ ਪੱਕਾ ਬਿੱਲ ਜ਼ਰੂਰ ਲਿਆ ਜਾਵੇ। ਮੁੱਖ ਖੇਤੀਬਾੜੀ ਅਫਸਰ ਵੱਲੋਂ ਕਿਹਾ ਗਿਆ ਕਿ ਕਿਸੇ ਵੀ ਪ੍ਰਾਈਵੇਟ ਖਾਦ ਵਿਕਰੇਤਾ/ਹੋਲਸੇਲਰਾਂ ਵੱਲੋਂ ਖਾਦ ਨਾਲ ਕਿਸੇ ਪ੍ਰਕਾਰ ਦੀ ਅਣਚਾਹੀ ਵਸਤੂ ਨਹੀਂ ਦਿੱਤੀ ਜਾਵੇਗੀ ਅਤੇ ਨਾ ਹੀ ਕੋਈ ਟੈਗਿੰਗ ਬਰਦਾਸ਼ਤ ਕੀਤੀ ਜਾਵੇਗੀ। ਹਰੇਕ ਖਾਦ ਵਿਕਰੇਤਾ ਦੇ ਪ੍ਰਿਮਸਿਸ ਤੇ ਸਟਾਕ ਬੋਰਡ ਲੱਗਿਆ ਹੋਣਾ ਜਰੂਰੀ ਹੈ। ਜੇਕਰ ਕੋਈ ਵੀ ਖਾਦ ਵਿਕਰੇਤਾਂ ਕਿਸੇ ਤਰ੍ਹਾਂ ਦੀ ਉਲੰਘਣਾ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਉਪਰ ਖਾਦ ਕੰਟਰੋਲ ਹੁਕਮ 1985 ਤਹਿਤ ਕਰਵਾਈ ਕੀਤੀ ਜਾਵੇਗੀ। ਉਨ੍ਹਾਂ ਵੱਲੋਂ ਖਾਦ ਦੀ ਵੰਡ ਯਕੀਨੀ ਬਣਾਉਣ ਲਈ ਅਤੇ ਖਾਦ ਨਾਲ ਟੈਗਿੰਗ ਨੂੰ ਰੋਕਣ ਲਈ ਬਲਾਕ ਖੇਤੀਬਾੜੀ ਅਫਸਰਾਂ ਨੂੰ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ। ਉਨਾਂ ਕਿਹਾ ਕਿ ਜੇਕਰ ਕਿਸੇ ਕਿਸਾਨ ਨੂੰ ਕੋਈ ਖੇਤੀ ਸਬੰਧੀ ਕਿਸੇ ਕਿਸਮ ਦੀ ਮੁਸ਼ਕਿਲ ਪੇਸ਼ ਆਉਦੀ ਹੈ ਤਾਂ ਉਹ ਸਬੰਧਤ ਬਲਾਕ ਖੇਤੀਬਾੜੀ ਅਫਸਰ/ਖੇਤੀਬਾੜੀ ਵਿਕਾਸ ਅਫਸਰ ਨਾਲ ਸੰਪਰਕ ਕਰ ਸਕਦੇ ਹਨ। ਇਸ ਮੀਟਿੰਗ ਵਿੱਚ ਖਾਦ ਕੰਪਨੀਆਂ ਦੇ ਨੁਮਾਇੰਦਿਆਂ/ ਖਾਦ ਹੋਲਸੇਲਰਾਂ/ ਡੀਲਰਾਂ ਤੋਂ ਇਲਾਵਾਂ ਖੇਤੀਬਾੜੀ ਵਿਕਾਸ ਅਫਸਰ (ਇਨਫੋਰਸਮੈਂਟ) ਜ਼ਸ਼ਨਪ੍ਰੀਤ ਸਿੰਘ ਬਰਾੜ ਵੀ ਹਾਜ਼ਰ ਸਨ।

# ਅਕਾਲੀ ਦਲ ਦੀਆਂ ਸਕੀਮਾਂ ਨੂੰ ਆਪਣੀਆਂ ਦੱਸ ਕੇ ਗੁਜਰਾਤ 'ਚ ਝੂਠਾ ਪ੍ਰਚਾਰ ਕਰ ਰਹੀ 'ਆਪ' : ਅਰਵਿੰਦ ਖੰਨਾ

**ਅਕਾਲੀ ਆਗੂ ਨੇ ਅੱਧੀ ਦਰਜਨ ਪਿੰਡਾਂ ਵਿੱਚ ਜਨਤਕ ਮੀਟਿੰਗਾਂ ਨੂੰ ਕੀਤਾ ਸੰਬੋਧਨ • ਕਿਸਾਨਾਂ ਲਈ ਮੁਫ਼ਤ ਬਿਜਲੀ ਯੋਜਨਾ 'ਚ ਬਦਲਾਅ ਕੀਤਾ ਤਾਂ ਅਕਾਲੀ ਦਲ ਕਰੇਗਾ ਵਿਰੋਧ**

ਜ਼ਿਕਰ ਪੰਜਾਬ

**ਸੰਗਰੂਰ/ਬਿਊਰੋ**

ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਅਤੇ ਸਾਬਕਾ ਵਿਧਾਇਕ ਅਰਵਿੰਦ ਖੰਨਾ ਨੇ ਪੰਜਾਬ ਦੀ ਸੱਤਾਧਾਰੀ ਆਮ ਆਦਮੀ ਪਾਰਟੀ ਸਰਕਾਰ ਨੂੰ ਝੂਠੇ ਪ੍ਰਚਾਰ 'ਤੇ ਘੇਰਦੇ ਹੋਏ ਕਿਹਾ ਹੈ ਕਿ ਗੁਜਰਾਤ ਵਿੱਚ ਚੱਲ ਰਹੇ ਚੋਣ ਪ੍ਰਚਾਰ ਦੌਰਾਨ 'ਆਪ' ਆਗੂ ਅਕਾਲੀ ਦਲ ਸਰਕਾਰ ਦੌਰਾਨ ਸ਼ੁਰੂ ਕੀਤੀਆਂ ਗਈਆਂ ਸਕੀਮਾਂ ਨੂੰ ਆਪਣੀਆਂ ਦੱਸ ਕੇ ਲੋਕਾਂ ਨੂੰ ਧੋਖਾ ਦੇ ਰਹੇ ਹਨ। ਅਰਵਿੰਦ ਖੰਨਾ ਨੇੜਲੇ ਪਿੰਡਾਂ ਘਰਾਚੋਂ, ਰਾਮਗੜ੍ਹ, ਰਸਾਲਦਾਰ ਛੰਨਾਂ, ਮਹਿਸਮਪੁਰ ਅਤੇ ਰੋਸ਼ਨਵਾਲਾ ਵਿੱਚ ਅਕਾਲੀ ਦਲ ਦੀ ਮਜ਼ਬੂਤੀ ਲਈ ਜਨਤਕ ਮੀਟਿੰਗਾਂ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਨੇ ਗੁਜਰਾਤ ਵਿੱਚ ਦਾਅਵਾ ਕੀਤਾ ਸੀ ਕਿ ਆਮ ਆਦਮੀ ਪਾਰਟੀ ਨੇ ਹਰ ਚਾਰ ਕਿਲੋਮੀਟਰ 'ਤੇ ਮੰਡੀਆਂ ਸਥਾਪਿਤ ਕੀਤੀਆਂ ਹਨ ਅਤੇ ਗੁਜਰਾਤ ਵਿੱਚ ਵੀ ਅਜਿਹਾ ਹੀ ਕਰੇਗੀ। ਅਰਵਿੰਦ



ਕੇਜਰੀਵਾਲ ਨੇ ਇਸ ਝੂਠ ਨੂੰ ਹੋਰ ਤੇਜ਼ ਕਰਦਿਆਂ ਦਾਅਵਾ ਕੀਤਾ ਕਿ ਆਮ ਆਦਮੀ ਪਾਰਟੀ ਕਿਸਾਨਾਂ ਨੂੰ ਮੁਫ਼ਤ ਬਿਜਲੀ ਦੇਵੇਗੀ, ਜਿਵੇਂ ਉਨ੍ਹਾਂ ਦੀ ਪਾਰਟੀ ਨੇ ਪੰਜਾਬ ਵਿੱਚ ਕੀਤੀ ਹੈ। ਉਹ ਗੁਜਰਾਤ ਵਿੱਚ ਇਹ ਵੀ ਐਲਾਨ ਕਰ ਰਹੇ ਹਨ ਕਿ ਉਨ੍ਹਾਂ ਨੇ ਪੰਜਾਬ ਵਿੱਚ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦੇਣਾ ਸ਼ੁਰੂ ਕਰ ਦਿੱਤਾ ਹੈ, ਹਾਲਾਂਕਿ ਇਹ ਯੋਜਨਾ ਅਜੇ ਤੱਕ ਵੀ ਲਾਗੂ ਨਹੀਂ ਹੋਈ ਹੈ। ਖੰਨਾ ਨੇ ਕਿਹਾ ਕਿ ਪੰਜਾਬ ਵਿੱਚ ਮੰਡੀਆਂ ਦੀ ਸਥਾਪਨਾ ਅਤੇ ਕਿਸਾਨਾਂ ਲਈ ਮੁਫ਼ਤ ਬਿਜਲੀ ਯੋਜਨਾ ਸਾਬਕਾ ਮੁੱਖ ਮੰਤਰੀ ਸਵਰਗੀ ਪ੍ਰਕਾਸ਼ ਸਿੰਘ ਬਾਦਲ ਵੱਲੋਂ ਸ਼ੁਰੂ ਕੀਤੀ ਗਈ ਸੀ। ਅਕਾਲੀ ਦਲ ਤੋਂ ਬਾਅਦ ਸੱਤਾ ਵਿੱਚ ਆਈਆਂ ਸਰਕਾਰਾਂ ਨੇ ਇਨ੍ਹਾਂ ਯੋਜਨਾਵਾਂ ਨੂੰ ਬੰਦ ਕਰਨ ਅਤੇ ਕਟੌਤੀ ਕਰਨ ਵਰਗੀਆਂ ਘਿਣਾਉਣੀਆਂ ਚਾਲਾਂ ਚੱਲੀਆਂ ਹਨ। ਅਰਵਿੰਦ ਖੰਨਾ ਨੇ ਕਿਹਾ ਕਿ ਅੱਜ ਦੀਆਂ ਅਖ਼ਬਾਰੀ ਰਿਪੋਰਟਾਂ ਤੋਂ ਪਤਾ ਲੱਗਦਾ ਹੈ ਕਿ ਕੇਂਦਰ ਅਤੇ ਪੰਜਾਬ ਸਰਕਾਰਾਂ ਮਿਲ ਕੇ ਕਿਸਾਨਾਂ ਲਈ ਮੁਫ਼ਤ ਬਿਜਲੀ ਯੋਜਨਾ ਨੂੰ ਸੋਧਣ ਦੀ ਦੀ ਤਿਆਰੀ ਕਰ ਰਹੀਆਂ ਹਨ। ਸ਼੍ਰੋਮਣੀ ਅਕਾਲੀ ਦਲ ਕਿਸੇ ਵੀ ਹਾਲਤ ਵਿੱਚ ਕਿਸਾਨਾਂ ਨਾਲ ਬੇਇਨਸਾਫ਼ੀ ਨਹੀਂ ਹੋਣ ਦੇਵੇਗਾ। ਖੰਨਾ ਨੇ ਕਿਹਾ ਕਿ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੀ ਧੋਖਾਧੜੀ ਹੁਣ ਪੰਜਾਬ ਵਿੱਚ ਨਹੀਂ ਚੱਲੇਗੀ। ਸਾਰਿਆਂ ਨੂੰ ਅਹਿਸਾਸ ਹੋ ਗਿਆ ਹੈ ਕਿ ਇਹ ਸਰਕਾਰ ਬੁਨਿਆਦੀ ਪੱਧਰ 'ਤੇ ਲੋਕਾਂ ਲਈ ਕੁਝ ਨਹੀਂ ਕਰਕੇ ਸਿਰਫ਼ ਇਸ਼ਤਿਹਾਰਾਂ 'ਤੇ ਹਜ਼ਾਰਾਂ ਕਰੋੜ ਰੁਪਏ ਖਰਚ ਕਰਦੀ ਹੈ। ਅਰਵਿੰਦ ਖੰਨਾ ਨੇ ਮਿਲਕਫੈੱਡ ਵੇਰਕਾ ਦੁੱਧ ਪਾਊਡਰ ਘੁਟਾਲੇ ਵਿੱਚ ਕੁਝ ਜੂਨੀਅਰ ਅਧਿਕਾਰੀਆਂ ਵਿਰੁੱਧ ਕਾਰਵਾਈ ਕਰਕੇ ਮਾਮਲੇ ਨੂੰ ਦਬਾਉਣ ਦੀ ਨਿੰਦਾ ਕਰਦਿਆਂ ਕਿਹਾ ਕਿ ਮਿਲਕਫੈੱਡ ਵੱਲੋਂ ਭਾਰਤੀ ਫੌਜ ਨੂੰ ਸਪਲਾਈ ਕੀਤੇ ਗਏ ਸਾਰੇ ਦੁੱਧ ਪਾਊਡਰ ਨੂੰ ਰੱਦ ਕਰਨ ਦੀ ਸੁਤੰਤਰ ਜਾਂਚ ਹੋਣੀ ਚਾਹੀਦੀ ਹੈ। ਇਹ ਮਾਮਲਾ ਸਰਕਾਰ ਵਿੱਚ ਕਈਆਂ ਨੂੰ ਬੇਨਕਾਬ ਕਰੇਗਾ। ਕਿਉਂਕਿ ਮੁੱਖ ਮੰਤਰੀ ਭਗਵੰਤ ਮਾਨ ਪੰਜਾਬ ਵਿੱਚ ਸਹਿਕਾਰਤਾ ਮੰਤਰਾਲੇ ਦਾ ਚਾਰਜ ਸੰਭਾਲਦੇ ਹਨ, ਇਸ ਲਈ ਉਨ੍ਹਾਂ ਤੋਂ ਆਪਣੇ ਵਿਰੁੱਧ ਸਹੀ ਜਾਂਚ ਦੀ ਉਮੀਦ ਨਹੀਂ ਕੀਤੀ ਜਾ ਸਕਦੀ। ਇਸ ਮੌਕੇ ਅਕਾਲੀ ਆਗੂ ਚਮਕੌਰ ਸਿੰਘ, ਰਾਮਗੜ੍ਹ ਦੇ ਸਾਬਕਾ ਸਰਪੰਚ ਅਤੇ ਅਕਾਲੀ ਆਗੂ ਅੰਮ੍ਰਿਤਪਾਲ ਸਿੰਘ, ਤੇਜਾ ਸਿੰਘ, ਮਨਪ੍ਰੀਤ ਸਿੰਘ, ਜਗਤਾਰ ਸਿੰਘ, ਭੁਪਿੰਦਰ ਸਿੰਘ, ਮਨੋਹਰ ਲਾਲ ਸਮੇਤ ਕਈ ਪਤਵੰਤੇ ਮੌਜੂਦ ਸਨ।

# ਗਿੱਦੜਬਾਹਾ ਵਾਸੀਆਂ ਦੀ ਓਵਰਬ੍ਰਿਜ ਤੇ ਅੰਡਰਬ੍ਰਿਜ ਦੀ ਮੰਗ ਨੂੰ ਬੂਰ ਪਿਆ

ਜ਼ਿਕਰ ਪੰਜਾਬ

**ਗਿੱਦੜਬਾਹਾ/ਨਰਿੰਦਰ ਵਧਵਾ**

ਕੇਂਦਰ ਸਰਕਾਰ ਵੱਲੋਂ ਕਈ ਦਹਾਕਿਆਂ ਬਾਅਦ ਗਿੱਦੜਬਾਹਾ ਵਾਸੀਆਂ ਦੀ ਓਵਰਬ੍ਰਿਜ ਤੇ ਅੰਡਰਬ੍ਰਿਜ ਬਣਾਉਣ ਦੀ ਮੰਗ ਨੂੰ ਬੂਰ ਪੈਣ ਤੇ ਸ਼ਹਿਰ ਤੇ ਪਿੰਡ ਵਾਸੀਆਂ ਵਿਚ ਖੁਸ਼ੀ ਪਾਈ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਦੇਸ਼ ਦੀ ਆਜਾਦੀ ਤੋਂ ਹੀ ਬਠਿੰਡਾ ਸ੍ਰੀ ਗੰਗਾ ਨਗਰ ਰੇਲਵੇ ਲਾਈਨ ਨੇ ਗਿੱਦੜਬਾਹਾ ਸ਼ਹਿਰ ਤੇ ਗਿੱਦੜਬਾਹਾ ਪਿੰਡ ਨੂੰ ਦੋ ਹਿੱਸਿਆਂ ਵਿਚ ਵੰਡਿਆ ਹੋਇਆ ਹੈ । ਸਮੇਂ ਦੀਆਂ ਸਰਕਾਰਾਂ ਵਲੋਂ ਪਿੰਡ ਵਾਸੀਆਂ ਨੂੰ ਮੁੱਢਲੀ ਆ ਸਹੂਲਤਾਂ ਅਜੇ ਤੱਕ ਵੀ ਨਹੀਂ ਮਿਲ ਰਹੀਆਂ ਅਤੇ ਹਰ ਕੰਮਕਾਜ ਲਈ ਪਿੰਡ ਵਾਸੀਆਂ ਨੂੰ ਸ਼ਹਿਰ ਆਉਣ ਲਈ ਕੋਈ ਲਾਂਘਾ ਵੀ ਨਹੀਂ ਹੈ । ਪਿਉਰੀ ਰੋਡ ਵਾਲੇ ਫਾਟਕ ਤੇ ਲੰਬੀ ਰੋਡ ਵਾਲੇ ਫਾਟਕ ਰਾਹੀਂ ਹੀ ਪਿੰਡ ਵਾਸੀ ਸ਼ਹਿਰ ਜਾਂਦੇ ਸਨ ਜਾਂ ਫਿਰ ਰੇਲਵੇ ਲਾਈਨ ਨੂੰ ਪੈਦਲ ਪਾਰ ਕਰਦੇ ਸਨ । ਪਿੰਡ ਵਾਸੀਆਂ ਵਲੋਂ ਸਮੇਂ ਸਮੇਂ ਤੇ ਰੇਲਵੇ ਲਾਈਨ ਤੇ ਓਵਰਬ੍ਰਿਜ ਤੇ ਅੰਡਰਬ੍ਰਿਜ ਦੀ ਮੰਗ ਉੱਠਦੀ ਰਹੀ । ਤਤਕਾਲੀਨ ਗਿੱਦੜਬਾਹਾ ਦੀ ਜ਼ਿਮਨੀ ਚੋਣ ਦੌਰਾਨ ਪਿੰਡ ਵਾਸੀਆਂ ਵਲੋਂ ਉਕਤ ਮੰਗਾਂ ਨੂੰ ਲੈ ਕੇ ਰੋਸ ਧਰਨਾ ਦਿੱਤਾ ਗਿਆ ਸੀ , ਜਿੱਥੇ ਵਿਸ਼ੇਸ਼ ਤੋਰ ਤੇ ਪਹੁੰਚੇ ਕੇਂਦਰੀ ਰੇਲਵੇ ਰਾਜ ਮੰਤਰੀ



ਰਵਨੀਤ ਸਿੰਘ ਬਿੱਟੂ ਵਲੋਂ ਵਾਅਦਾ ਕੀਤਾ ਗਿਆ ਸੀ ਕਿ ਉਹ ਕੋਸ਼ਿਸ਼ ਕਰਨਗੇ ਕਿ ਜਲਦੀ ਤੋਂ ਜਲਦੀ ਉਨ੍ਹਾ ਦੀ ਮੰਗ ਨੂੰ ਪੂਰਾ ਕੀਤਾ ਜਾਵੇ । ਸਹਿਰ ਵਾਸੀਆਂ ਦੀ ਉਸ ਸਮੇਂ ਖੁਸ਼ੀ ਦੀ ਕੋਈ ਹੱਦ ਨਹੀਂ ਰਹੀ , ਜਦੋਂ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਅਤੇ ਭਾਜਪਾ ਆਗੂ ਸ ਮਨਪ੍ਰੀਤ ਸਿੰਘ ਬਾਦਲ ਵਲੋਂ ਆਪਣੇ ਸੋਸ਼ਲ ਮੀਡੀਆ ਤੇ ਲਾਈਵ ਹੋ ਕੇ ਐਲਾਨ ਕੀਤਾ ਕਿ ਗਿੱਦੜਬਾਹਾ ਵਿਖੇ ਜਲਦੀ ਹੀ ਅੰਡਰਬ੍ਰਿਜ ਤੇ ਓਵਰਬ੍ਰਿਜ ਬਣ ਰਿਹਾ ਹੈ । ਮਾਰਕੀਟ ਕਮੇਟੀ ਗਿੱਦੜਬਾਹਾ ਦੇ ਸਾਬਕਾ ਮਾਰਕੀਟ ਕਮੇਟੀ ਚੇਅਰਮੈਨ ਤੇ ਭਾਜਪਾ ਆਗੂ ਪ੍ਰਿਤਪਾਲ ਸ਼ਰਮਾ ਨੇ ਦੱਸਿਆ ਕਿ ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਵਲੋਂ ਗਿੱਦੜਬਾਹਾ ਵਾਸੀਆਂ ਲਈ ਕੀਤਾ ਗਿਆ ਵਾਅਦਾ ਪੂਰਾ ਕਰਦਿਆਂ 80 ਕਰੋੜ ਰੁਪਏ ਓਵਰਬ੍ਰਿਜ ਤੇ ਅੰਡਰਬ੍ਰਿਜ ਲਈ ਮਨਜੂਰ ਕੀਤੇ ਗਏ ਹਨ । ਅਤੇ ਇਸ ਦਾ ਕਾਰਜ ਜਲਦੀ ਹੀ ਸ਼ੁਰੂ ਕੀਤਾ ਜਾ ਰਿਹਾ ਹੈ ਗਿੱਦੜਬਾ ਤੋਂ ਭਾਜਪਾ ਦੇ ਦਫਤਰ ਇੰਚਾਰਜ ਹਰਬੰਸ ਸਿੰਘ ਸੱਗੂ ਹਰਜੀਤ ਸਿੰਘ ਨੀਲਾ ਮਾਨ ਰਣਜੀਤ ਸਿੰਘ ਗੁਰੂਸਰ, ਰੁਪਿੰਦਰ ਸਿੰਘ ਸਮਾਘ , ਨਛੱਤਰ ਸਿੰਘ, ਗੁਰਦੀਪ ਸਿੰਘ ਮਾਨ ਵਿਜੇਪਾਲ ਸਿੰਘ, ਸਰਵਣ ਸਿੰਘ, ਗੁਰਮੀਤ ਸਿੰਘ, ਵਕੀਲ ਗੁਰਚਰਨ ਸਿੰਘ, ਵਕੀਲ ਸੁਖਚਰਨ ਸਿੰਘ , ਬਲਕਾਰ ਸਿੰਘ, ਰਮੇਸ਼ ਸਿੰਗਲਾ , ਰਵਿੰਦਰ ਜੈਨ, ਗੁਰਪਿਆਰ ਸਿੰਘ , ਹਰਜੀਤ ਸਿੰਘ , ਸੋਨੀ, ਸਤਨਾਮ ਸਿੰਘ , ਜੀਵਨ ਗਰਗ, ਗੁਰਤੇਜ ਸਿੰਘ, ਬੋਬੀ ਸਿੰਗਲਾ ਅਤੇ ਓਮ ਪ੍ਰਕਾਸ਼ ਬਾਂਕਾ ਨੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ ਹੈ।

# ਪੰਜਾਬ ਸਟੇਟ ਟਰੇਡਰ ਕਮਿਸ਼ਨ ਵੱਲੋਂ ਹਲਕਾ ਲੰਬੀ ਅਤੇ ਗਿੱਦੜਬਾਹਾ ਵਿਖੇ ਵਪਾਰਕ ਮਿਲਨੀ ਦਾ ਆਯੋਜਨ

**ਵਪਾਰੀਆਂ ਦੀਆਂ ਸਮੱਸਿਆ ਸੁਣ ਕੇ ਮੌਕੇ 'ਤੇ ਕੀਤਾ ਗਿਆ ਹੱਲ ਤੇ ਬਾਕੀ ਸਮੱਸਿਆਵਾਂ ਦਾ ਜਲਦੀ ਹੱਲ ਕਰਨ ਦਾ ਦਿੱਤਾ ਭਰੋਸਾ**

ਜ਼ਿਕਰ ਪੰਜਾਬ

**ਲੰਬੀ/ਨਰਿੰਦਰ ਵਧਵਾ**

ਲੰਬੀ ਹਲਕੇ ਦੇ ਪਿੰਡ ਲੰਬੀ ਵਿਖੇ ਅੱਜ ਪੰਜਾਬ ਸਟੇਟ ਟਰੇਡਰ ਕਮਿਸ਼ਨ ਵੱਲੋਂ ਵਪਾਰੀਆਂ ਨਾਲ ਵਾਪਰਕ ਮਿਲਣੀ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਟਰੇਡਰ ਕਮਿਸ਼ਨ ਦੇ ਚੇਅਰਮੈਨ ਸ਼?ਰੀ ਵਨੀਤ ਜਿੰਦਲ ਮੌਂਟੀ ਅਤੇ ਅਸੈਂਬਲੀ ਟਰੇਡਰ ਕਮਿਸ਼ਨ ਲੰਬੀ ਦੇ ਚੇਅਰਮੈਨ ਗੁਰਵਿੰਦਰ ਸ਼ਰਮਾ ਵੱਲੋਂ ਵਪਾਰੀਆਂ ਅਤੇ ਵੱਖ-ਵੱਖ ਵਿਭਾਗਾਂ ਨਾਲ ਵਪਾਰ ਦੇ ਸਬੰਧ ਵਿੱਚ ਮੀਟਿੰਗ ਕੀਤੀ ਗਈ।ਇਸ ਮੌਕੇ ਚੇਅਰਮੈਨ ਵਨੀਤ ਜਿੰਦਲ ਮੌਂਟੀ ਨੇ ਕਿਹਾ ਕਿ ਲੰਬੀ ਅਤੇ ਆਸਪਾਸ ਦੇ ਵਪਾਰੀਆਂ ਵੱਲੋਂ ਵੱਧ ਚੜ੍ਹ ਕੇ ਹਿੱਸਾ ਲਿਆ ਗਿਆ ਹੈ ਅਤੇ ਉਨ੍ਹਾਂ ਨੂੰ ਦਰਪੇਸ਼ ਆ ਰਹੀਆਂ ਸਮੱਸਿਆਵਾਂ ਨੂੰ ਮੀਟਿੰਗ ਦੌਰਾਨ ਧਿਆਨ ਨਾਲ ਸੁਣਿਆ ਗਿਆ ਅਤੇ ਕੁਝ ਸਮੱਸਿਆਵਾਂ ਦਾ ਹੱਲ ਮੌਕੇ 'ਤੇ ਕੀਤਾ ਗਿਆ ਅਤੇ ਉਨ੍ਹਾਂ ਕਿਹਾ ਕਿ ਬਾਕੀ ਸਮੱਸਿਆਵਾਂ ਦੇ ਹੱਲ ਵੀ ਜਲਦੀ ਕੀਤੇ ਜਾਣਗੇ। ਇਸ ਮੌਕੇ




ਬੋਲਦਿਆਂ ਜ਼ਿਲ੍ਹਾ ਟਰੇਡਰ ਕਮਿਸ਼ਨ ਦੇ ਚੇਅਰਮੈਨ ਵਨੀਤ ਜਿੰਦਲ ਮੌਂਟੀ ਨੇ ਕਿਹਾ ਕਿ ਛੋਟੇ ਅਤੇ ਵੱਡੇ ਵਪਾਰੀਆਂ ਅਤੇ ਦੁਕਾਨਦਾਰਾਂ ਲਈ ਇਨ੍ਹਾਂ ਮੀਟਿੰਗਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ ਤਾਂ ਜੋ ਸਾਡੇ ਵਪਾਰੀ ਵਰਗ ਦੀਆਂ ਹਰ ਸਮੱਸਿਆ ਦਾ ਹੱਲ ਇੱਕ ਛੱਤ ਹੇਠਾਂ ਹੀ ਕੀਤਾ ਜਾ ਸਕੇ। ਉਨ੍ਹਾਂ ਵਪਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਤੁਹਾਡੇ ਲਈ ਇਹ ਸੁਵਿਧਾ ਸ਼ੁਰੂ ਕੀਤੀ ਗਈ ਹੈ ਅਤੇ ਤੁਹਾਡੀਆਂ ਹਰ ਸਮੱਸਿਆ ਸਰਕਾਰ ਤੱਕ ਪਹੁੰਚਾਈਆਂ ਜਾਣਗੀਆਂ।

ਜ਼ਿਕਰਯੋਗ ਹੈ ਕਿ ਬੀਤੇ ਦਿਨੀਂ ਗਿੱਦੜਬਾਹਾ ਵਿਖੇ ਵੀ ਜ਼ਿਲ੍ਹਾ ਟਰੇਡਰ ਕਮਿਸ਼ਨ ਦੇ ਚੇਅਰਮੈਨ ਵਨੀਤ ਜਿੰਦਲ ਮੌਂਟੀ ਦੀ ਅਗਵਾਈ ਹੇਠ ਧੀਰ ਮਾਰਕਿਟ ਵਿੱਚ ਪੰਜਾਬ ਸਟੇਟ ਟਰੇਡਰਸ ਕਮਿਸ਼ਨ ਦੇ ਬੈਨਰ ਹੇਠ ਵਪਾਰੀਆਂ ਦੀਆਂ ਸਮੱਸਿਆਵਾਂ ਸਬੰਧੀ ਮੀਟਿੰਗ ਦਾ ਆਯੋਜਨ ਕੀਤਾ ਗਿਆ। ਜਿਸ ਦੌਰਾਨ ਵਪਾਰੀਆਂ ਵੱਲੋਂ ਉਨ੍ਹਾਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਬਾਰੇ ਜਾਣੂੰ ਕਰਵਾਇਆ ਗਿਆ ਅਤੇ ਉਨ੍ਹਾਂ ਵਿੱਚੋਂ ਬਹੁਤ ਸਾਰੀਆਂ ਸਮੱਸਿਆਵਾਂ ਨੂੰ ਮੌਕੇ 'ਤੇ ਹੱਲ ਕੀਤਾ ਗਿਆ ਅਤੇ ਬਾਕੀ ਰਹਿੰਦੀਆਂ ਸਮੱਸਿਆਵਾਂ ਬਾਰੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕੀਤੇ ਗਏ। ਇਸ ਮੌਕੇ ਵਪਾਰੀ ਵਰਗ ਵੱਲੋਂ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਪਹਿਲੀ ਵਾਰ ਹੋਇਆ ਕਿ ਵਪਾਰੀਆਂ ਨਾਲ ਸਬੰਧਤ ਤਕਰੀਬਨ ਸਾਰੇ ਹੀ ਮਹਿਕਮਿਆਂ ਦੇ ਅਫਸਰ ਸਾਹਿਬਾਨ ਵਪਾਰੀਆਂ ਦੇ ਵਿੱਚ ਬੈਠ ਕੇ ਉਹਨਾਂ ਦੀਆਂ ਮੁਸ਼ਕਿਲਾਂ ਸੁਣ ਰਹੇ ਹਨ ਅਤੇ ਕਈ ਸਮੱਸਿਆਵਾਂ ਦਾ ਹੱਲ ਮੌਕੇ 'ਤੇ ਹੀ ਕੀਤਾ ਜਾ ਰਿਹਾ ਹੈ ਜਿਸ ਲਈ ਉਹ ਸਰਕਾਰ ਦੇ ਧੰਨਵਾਦੀ ਹਨ। ਇਸ ਮੌਕੇ ਬੀ. ਡੀ. ਪੀ. ਓ. ਲੰਬੀ ਰਾਕੇਸ਼ ਬਿਸ਼ਨੋਈ, ਤਹਿਸੀਲਦਾਰ ਗਿੱਦੜਬਾਹਾ ਮੰਗੂ ਬਾਂਸਲ, ਈ. ਟੀ. ਓ. ਗੁਰਿੰਦਰਜੀਤ ਸਿੰਘ, ਸਕੱਤਰ ਮਾਰਕੀਟ ਕਮੇਟੀ ਅਨਿਲ ਖੁੰਗਰ, ਖੁਸ਼ਹਾਲ ਗਰਗ, ਆਬਕਾਰੀ ਅਤੇ ਕਰ ਵਿਭਾਗ ਤੋਂ ਅੰਮ੍ਰਿਤਪਾਲ ਅਤੇ ਰਵਿੰਦਰ ਕੁਮਾਰ, ਪੀ. ਐਸ. ਪੀ. ਸੀ. ਐੱਲ ਵਿਭਾਗ ਤੋਂ ਗੁਰਦਿੱਤ ਸਿੰਘ, ਬੀ. ਡੀ. ਪੀ. ਓ. ਦਫ਼ਤਰ ਗਿੱਦੜਬਾਹਾ ਤੋਂ ਸੁਰਜੀਤ ਸਿੰਘ, ਜੇ.ਈ. ਲਖਵਿੰਦਰ ਸਿੰਘ, ਲੇਬਰ ਇੰਸਪੈਕਟਰ ਪ੍ਰਿੰਸ ਕੰਬੋਜ, ਜਗਮੋਹਣ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਕਰਮਚਾਰੀ ਅਤੇ ਵੱਡੀ ਗਿਣਤੀ ਵਿੱਚ ਵਪਾਰੀ ਹਾਜ਼ਰ ਸਨ।

# ਡੇਅਰੀ ਵਿਭਾਗ ਨੇ ਸਿਖਿਆਰਥੀਆਂ ਨੂੰ ਸਰਟੀਫਿਕੇਟ ਵੰਡੇ



ਜ਼ਿਕਰ ਪੰਜਾਬ

**ਲੁਧਿਆਣਾ/ਤਮੰਨਾ ਬੇਦੀ**

ਡੇਅਰੀ ਵਿਕਾਸ ਵਿਭਾਗ ਵਲੋਂ ਚਲਾਏ ਜਾ ਰਹੇ 2 ਹਫਤੇ ਦੀ ਡੇਅਰੀ ਸਿਖਲਾਈ ਕੋਰਸ ਦੇ ਸਮਾਪਤ ਹੋਣ ਤੋਂ ਬਾਅਦ ਸਿਖਿਆਰਥੀਆਂ ਨੂੰ ਡੇਅਰੀ ਸਿਖਲਾਈ ਅਤੇ ਵਿਸਥਾਰ ਕੇਂਦਰ, ਬੀਜਾ ਵਿਖੇ ਸਰਟੀਫਿਕੇਟਾਂ ਦੀ ਵੰਡ ਕੀਤੀ ਗਈ। ਸੀਨੀਅਰ ਕਾਰਜਕਾਰੀ ਅਫਸਰ-ਕਮ-ਇੰਚਾਰਜ ਡੇਅਰੀ ਸਿਖਲਾਈ ਕੇਂਦਰ, ਬੀਜਾ ਦਲਬੀਰ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ, ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਵਰਿਆਮ ਸਿੰਘ ਗਿੱਲ ਦੀ ਯੋਗ ਅਗਵਾਈ ਹੇਠ ਵਿਭਾਗ ਵਲੋਂ ਸਿਖਿਆਰਥੀਆਂ ਲਈ ਚਲਾਏ ਜਾ ਰਹੇ 2 ਹਫਤੇ ਦੇ ਡੇਅਰੀ ਸਿਖਲਾਈ ਕੋਰਸ ਦਾ ਸਮਾਪਨ 28 ਮਾਰਚ 2026 ਨੂੰ ਹੋ ਗਿਆ ਸੀ। ਉਨ੍ਹਾਂ ਦੱਸਿਆ ਕਿ ਕੋਰਸ ਮੁਕੰਮਲ ਹੋਣ ਤੋਂ ਬਾਅਦ ਸਿਖਿਆਰਥੀਆਂ ਨੂੰ ਡੇਅਰੀ ਸਿਖਲਾਈ ਅਤੇ ਵਿਸਥਾਰ ਕੇਂਦਰ ਬੀਜਾ ਵਿਖੇ ਸਰਟੀਫਿਕੇਟਾਂ ਦੀ ਵੰਡ ਕੀਤੀ ਗਈ। ਇਸ ਮੌਕੇ ਉਨ੍ਹਾਂ ਭਾਗ ਲੈਣ ਵਾਲੇ ਸਿਖਿਆਰਥੀਆਂ ਨੂੰ ਵਿਭਾਗੀ ਸਕੀਮਾਂ ਦਾ ਵੱਧ ਤੋਂ ਵੱਧ ਲਾਹਾ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਜਨਰਲ ਜਾਤੀ ਨੂੰ 25 ਪ੍ਰਤੀਸਤ ਅਤੇ ਅਨੁਸੂਚਿਤ ਜਾਤੀ ਦੇ ਸਿਖਿਆਰਥੀ ਨੂੰ 33 ਪ੍ਰਤੀਸਤ ਸਬਸਿਡੀ ਦਿਵਾਈ ਜਾਵੇਗੀ। ਉਨ੍ਹਾਂ ਇਲਾਕੇ ਦੇ ਬੇਰੋਜਗਾਰ ਮੁੰਡੇ-ਕੁੜੀਆਂ ਨੂੰ ਵੀ ਡੇਅਰੀ ਵਿਕਾਸ ਵਿਭਾਗ ਵਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਦਾ ਵੱਧ ਤੋਂ ਵੱਧ ਲਾਹਾ ਲੈਣ ਦੀ ਅਪੀਲ ਕੀਤੀ। ਸੀਨੀਅਰ ਕਾਰਜਕਾਰੀ ਅਫਸਰ-ਕਮ-ਇੰਚਾਰਜ ਡੇਅਰੀ ਸਿਖਲਾਈ ਕੇਂਦਰ, ਬੀਜਾ ਦਲਬੀਰ ਕੁਮਾਰ ਨੇ ਦੱਸਿਆ ਕਿ ਦੁੱਧ ਖਪਤਕਾਰਾਂ ਨੂੰ ਜਾਗਰੂਕ ਕਰਨ ਲਈ ਵਿਭਾਗ ਵਲੋਂ ਸ਼ਹਿਰਾਂ ਵਿੱਚ ਮੋਬਾਇਲ ਵੈਨ ਰਾਹੀ ਕੈਂਪ ਵੀ ਲਗਾਏ ਜਾ ਰਹੇ ਹਨ। ਵਧੇਰੇ ਜਾਣਕਾਰੀ ਲਈ ਮੋਬਾਇਲ ਨੰਬਰ 81461-00543 ਜਾਂ 01628-299322 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ। ਇਸ ਮੌਕੇ ਹਰਵਿੰਦਰ ਸਿੰਘ ਕਲਰਕ, ਹਰਿੰਦਰ ਸਿੰਘ ਸਟੈਨੋ-ਟਾਈਪਿਸਟ ਵੀ ਹਾਜ਼ਰ ਸਨ।



# ਕੁਲਾਰ ਨੇ ਰਿਸ਼ੀ ਪਾਹਵਾ ਨੂੰ ਐਕਮਾ ਦੇ ਪ੍ਰਧਾਨ ਬਣਨ 'ਤੇ ਵਧਾਈ ਦਿੱਤੀ

ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**

ਸ. ਗੁਰਮੀਤ ਸਿੰਘ ਕੁਲਾਰ ਪ੍ਰਧਾਨ ਫਿਕੋ ਨੇ ਐਵਨ ਸਾਈਕਲਜ਼ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਸ਼੍ਰੀ ਰਿਸ਼ੀ ਪਾਹਵਾ ਨੂੰ 2026-28 ਦੇ ਕਾਰਜਕਾਲ ਲਈ ਆਲ-ਇੰਡੀਆ ਸਾਈਕਲ ਮੈਨੂਫੈਕਚਰਰਜ਼ ਐਸੋਸੀਏਸ਼ਨ ਦੇ ਦੂਜੇ ਕਾਰਜਕਾਲ ਲਈ ਪ੍ਰਧਾਨ ਵਜੋਂ ਉਨ੍ਹਾਂ ਦੀ ਵੱਕਾਰੀ ਨਿਯੁਕਤੀ 'ਤੇ ਹਾਰਦਿਕ ਵਧਾਈਆਂ ਦਿੱਤੀਆਂ। ਕੁਲਾਰ ਨੇ ਕਿਹਾ ਕਿ ਸ਼੍ਰੀ ਰਿਸ਼ੀ ਪਾਹਵਾ ਸਾਈਕਲ ਉਦਯੋਗ ਦਾ ਭਰਪੂਰ ਤਜਰਬਾ ਅਤੇ ਚੰਗੀ ਸਮਝ ਲਿਆਉਂਦੇ ਹਨ, ਜੋ ਇਸ ਖੇਤਰ ਨੂੰ ਅੱਗੇ ਵਧਾਉਣ ਅਤੇ ਇਸ ਦੀਆਂ ਚੁਣੌਤੀਆਂ ਨਾਲ ਨਜਿੱਠਣ ਵਿੱਚ ਮਦਦ ਕਰੇਗਾ। ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਉਨ੍ਹਾਂ ਦੀ ਅਗਵਾਈ ਹੇਠ, ਆਲ-ਇੰਡੀਆ ਸਾਈਕਲ ਮੈਨੂਫੈਕਚਰਰਜ਼ ਐਸੋਸੀਏਸ਼ਨ ਵਧਦੀ ਰਹੇਗੀ ਅਤੇ ਨਵੀਂ ਤਰੱਕੀ ਪ੍ਰਾਪਤ ਕਰੇਗੀ। ਇਸ ਤੋਂ ਇਲਾਵਾ ਉਨ੍ਹਾਂ ਨੇ ਆਉਣ ਵਾਲੇ ਸਾਲਾਂ ਵਿੱਚ ਉਦਯੋਗ ਵੱਲੋਂ ਸ਼੍ਰੀ ਰਿਸ਼ੀ ਪਾਹਵਾ ਨੂੰ ਪੂਰਾ ਸਮਰਥਨ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਸ. ਜਗਦੇਵ ਸਿੰਘ ਵਿੱਕੀ ਕੁਲਾਰ, ਕਾਰਜਕਾਰੀ ਡਾਇਰੈਕਟਰ ਕੁਲਾਰ ਗਰੁੱਪ ਵੀ ਮੌਜੂਦ ਸਨ।

# ਵਿਧਾਇਕ ਬੱਗਾ ਵੱਲੋਂ ਛਾਉਣੀ ਮੁਹੱਲੇ 'ਚ ਨਵੀਂ ਸੀਵਰੇਜ ਪਾਈਪ ਵਿਛਾਉਣ ਦੇ ਪ੍ਰਾਜੈਕਟ ਦੀ ਸ਼ੁਰੂਆਤ

ਜ਼ਿਕਰ ਪੰਜਾਬ

**ਲੁਧਿਆਣਾ/ਤਮੰਨਾ ਬੇਦੀ**

ਸੀਵਰੇਜ ਸਪਲਾਈ ਦੀ ਸੁਚਾਰੂ ਵਿਵਸਥਾ ਨੂੰ ਕਾਇਮ ਰੱਖਣ ਦੇ ਮੰਤਵ ਨਾਲ ਵਿਧਾਨ ਸਭਾ ਹਲਕਾ ਲੁਧਿਆਣਾ ਉੱਤਰੀ ਤੋਂ ਵਿਧਾਇਕ ਚੌਧਰੀ ਮਦਨ ਲਾਲ ਬੱਗਾ ਵਲੋਂ ਵਾਰਡ ਨੰਬਰ 89 ਅਧੀਨ ਛਾਉਣੀ ਮੁਹੱਲਾ ਵਿਖੇ ਨਵੀਂ ਸੀਵਰੇਜ ਪਾਈਪ ਲਾਈਨ ਪਾਉਣ ਦੇ ਕਾਰਜ਼ਾਂ ਦਾ ਉਦਘਾਟਨ ਕੀਤਾ ਗਿਆ। ਵਿਧਾਇਕ ਬੱਗਾ ਨੇ ਦੱਸਿਆ ਕਿ ਦੱਸਿਆ ਕਿ ਇਸ ਪ੍ਰੋਜੈਕਟ 'ਤੇ ਕਰੀਬ 68 ਲੱਖ ਰੁਪਏ ਦੀ ਲਾਗਤ ਆਵੇਗੀ। ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਤਹਿਤ ਸੀਵਰ ਪਾਈਪ ਲਾਈਨ ਵਿਛਾਈ ਜਾਵੇਗੀ ਤਾਂ ਜੋ ਓਵਰਫਲੋਅ ਅਤੇ ਬੰਦ ਸੀਵਰਲਾਈਨ ਦੀ ਸਮੱਸਿਆ ਨੂੰ ਜਲਦ ਤੋਂ ਜਲਦ ਹੱਲ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਖੇਤਰ ਵਿੱਚ ਦਹਾਕਿਆਂ ਪੁਰਾਣੀ ਸੀਵਰ ਲਾਈਨ ਲੋਡ ਚੁੱਕਣ ਦੇ ਯੋਗ ਨਹੀਂ ਹੈ। ਵਿਧਾਇਕ ਬੱਗਾ ਵੱਲੋਂ ਅਧਿਕਾਰੀਆਂ ਨੂੰ ਇਸ ਕੰਮ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਨ ਦੇ ਵੀ ਨਿਰਦੇਸ਼ ਦਿੱਤੇ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਉਹ ਇੱਥੇ ਕੰਮ ਕਰਨ ਵਾਲੀ ਏਜੰਸੀ ਦੇ ਕੰਮਕਾਜ 'ਤੇ ਤਿੱਖੀ ਨਜ਼ਰ ਰੱਖਣ ਤਾਂ ਜੋ ਕੰਮ ਦੀ ਗੁਣਵੱਤਾ ਦੇ ਮਿਆਰ ਵਿੱਚ ਕਮੀ ਨਾ ਆਵੇ।

ਉਨ੍ਹਾਂ ਕਿਹਾ ਕਿ ਨਗਰ ਨਿਗਮ ਲੁਧਿਆਣਾ ਵੱਲੋਂ ਸ਼ਹਿਰ ਦੇ ਸਰਬਪੱਖੀ ਵਿਕਾਸ ਲਈ ਕਰੋੜਾਂ ਰੁਪਏ ਦੇ ਪ੍ਰੋਜੈਕਟ ਉਲੀਕੇ ਗਏ ਹਨ ਅਤੇ ਸ਼ਹਿਰ ਵਾਸੀਆਂ ਨੂੰ ਲਾਭ ਪਹੁੰਚਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਵਿਧਾਇਕ ਚੌਧਰੀ ਮਦਨ ਲਾਲ ਬੱਗਾ ਵੱਲੋਂ ਸ਼ਹਿਰ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਸੂਬਾ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਉਂਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਦਿੱਤੀਆਂ ਗਾਰੰਟੀਆਂ ਨੂੰ ਪੂਰਾ ਕੀਤਾ ਗਿਆ ਹੈ। ਇਸ ਮੌਕੇ ਕੌਂਸਲਰ ਅਮਨ ਬੱਗਾ, ਸੁਰਿੰਦਰ ਅਟਵਾਲ ਤੇ ਵੱਡੀ ਗਿਣਤੀ ਵਿੱਚ ਸਥਾਨਕ ਵਸਨੀਕ ਮੌਜੂਦ ਸਨ।



# ਢੰਡਾਰੀ ਕਲਾਂ 'ਚ 3.75 ਕਰੋੜ ਰੁਪਏ ਦੀ ਲਾਗਤ ਨਾਲ 20 ਐਮ ਵੀ ਏ ਪਾਵਰ ਟ੍ਰਾਂਸਫਾਰਮਰ ਸਥਾਪਤ

**ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਨੇ ਕੀਤਾ ਰਸਮੀ ਉਦਘਾਟਨ**

ਜ਼ਿਕਰ ਪੰਜਾਬ

**ਲੁਧਿਆਣਾ/ਤਮੰਨਾ ਬੇਦੀ**

ਵਿਧਾਨ ਸਭਾ ਹਲਕਾ ਲੁਧਿਆਣਾ ਦੱਖਣੀ ਦੇ ਵਾਰਡ ਨੰਬਰ 32, ਢੰਡਾਰੀ ਕਲਾਂ ਅਧੀਨ ਪੈਂਦੇ 66 ਕੇ.ਵੀ. ਸਬ-ਸਟੇਸ਼ਨ ਬਿਜਲੀ ਘਰ ਵਿੱਚ ਨਵਾਂ 20 ਐਮ ਵੀ ਏ ਪਾਵਰ ਟਰਾਂਸਫਾਰਮਰ ਸਥਾਪਿਤ ਕੀਤਾ ਗਿਆ ਜਿਸਦਾ ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਵੱਲੋਂ ਰਸਮੀ ਉਦਘਾਟਨ ਕੀਤਾ ਗਿਆ। ਵਿਧਹਇਕ ਛੀਨਾ ਨੇ ਦੱਸਿਆ ਕਿ ਇਸ ਪ੍ਰੋਜੈਕਟ ਤਹਿਤ ਕਰੀਬ 3.75 ਕਰੋੜ ਰੁਪਏ ਖਰਚ ਕੀਤੇ ਗਏ ਹਨ। ਇਸ ਮੌਕੇ 'ਆਗ' ਸੁਖਦੇਵ ਸਿੰਘ ਗਰਚਾ, ਜਗਤਾਰ ਸਿੰਘ ਅਤੇ ਕਿਸ਼ਨ ਕੁਮਾਰ ਵੀ ਹਾਜ਼ਰ ਸਨ। ਵਿਧਾਇਕ ਛੀਨਾ ਨੇ ਕਿਹਾ ਕਿ ਹੁਣ ਇਸ ਪ੍ਰੋਜੈਕਟ ਦੇ ਪੂਰਾ ਹੋਣ ਨਾਲ ਸਿੰਗਲਾ ਚੌਂਕ, ਮੰਡੀ ਕਲੋਨੀ, ਇੰਡਸਟਰੀਅਲ ਏਰੀਆ ਅਤੇ ਹੋਰ ਨੇੜਲੇ ਇਲਾਕਿਆਂ ਵਿੱਚ ਬਿਜਲੀ ਸਪਲਾਈ ਨਾਲ




ਜੁੜੀਆਂ ਸਮੱਸਿਆਵਾਂ ਤੋਂ ਲੋਕਾਂ ਨੂੰ ਕਾਫੀ ਰਾਹਤ ਮਿਲੇਗੀ। ਵਿਧਾਇਕ ਰਜਿੰਦਰਪਾਲ ਕੌਰ ਛੀਨਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ ਅਤੇ ਹਲਕਾ ਲੁਧਿਆਣਾ ਦੱਖਣੀ ਵਿੱਚ ਵੀ ਵਿਕਾਸ ਕਾਰਜ ਤੇਜ਼ੀ ਨਾਲ ਕਰਵਾਏ ਜਾ ਰਹੇ ਹਨ। ਬਾਅਦ ਵਿੱਚ, ਉਨ੍ਹਾਂ 66 ਕੇ.ਵੀ. ਸਬ-ਸਟੇਸ਼ਨ, ਕੰਗਣਵਾਲ ਅਧੀਨ ਪੈਂਦੇ 11 ਕੇ.ਵੀ. ਗਰੀਨ ਫੀਡਰ, 11 ਕੇ.ਵੀ. ਕੈਲਾਸ਼ ਇਸਪਾਤ ਫੀਡਰ ਅਤੇ 11 ਕੇ.ਵੀ. ਦਸਮੇਸ਼ ਫੀਡਰ ਨੂੰ ਵੀ ਚਾਲੂ ਕੀਤਾ ਗਿਆ। ਕਰੀਬ 85 ਲੱਖ ਰੁਪਏ ਦੀ ਲਾਗਤ ਵਾਲੇ ਇਨ੍ਹਾਂ ਫੀਡਰਾਂ ਨਾਲ ਜੁੜੇ ਇਲਾਕਿਆਂ ਨੂੰ ਵੱਡੀ ਰਾਹਤ ਮਿਲੇਗੀ। ਇਸ ਮੌਕੇ ਬਿਜਲੀ ਬੋਰਡ ਦੇ ਅਧਿਕਾਰੀਆਂ ਵਿੱਚ ਗੁਰਨਾਮਦੀਪ ਸਿੰਘ ਸੇਖੋਂ (ਐਡੀਸ਼ਨਲ ਐਸ.ਈ.), ਇੰਜੀ. ਅਮਿਤ ਕੁਮਾਰ ਧਵਨ (ਏ.ਈ.ਈ.ਟੈਕ.), ਇੰਜੀ. ਅਸਵਨੀ ਕੁਮਾਰ (ਜੇ.ਈ.) ਅਤੇ ਇੰਜੀ. ਰਾਹੁਲ ਪਟੇਲਿਆ (ਜੇ.ਈ) ਵੀ ਮੌਜੂਦ ਸਨ।

# ਇਹ ਲੋਕ ਹੁਕਮਨਾਮੇ ਤੋਂ ਮੁਨਕਰ ਹੀ ਨਹੀਂ ਹੋਏ, ਸਗੋਂ ਇਹਨਾਂ ਨੇ ਪੰਜ ਸਿੰਘ ਸਾਹਿਬਾਨ ਦੇ ਫੈਸਲੇ ਨੂੰ ਸਾਜਿਸ਼ ਦੱਸਣ ਦਾ ਗੁਨਾਹ ਕੀਤੈ : ਗਿਆਨੀ ਹਰਪ੍ਰੀਤ ਸਿੰਘ

**ਅਕਾਲ ਤਖਤ ਸਾਹਿਬ ਦੇ ਭਗੌੜਿਆਂ ਨੂੰ ਮੈਂ ਸਿੱਖ ਹੀ ਨਹੀਂ ਮੰਨਦਾ, ਕੁਝ ਲੋਕ ਸੁਖਬੀਰੇ ਨੂੰ ਪ੍ਰਧਾਨ ਮੰਨੀ ਜਾਂਦੇ ਹਨ : ਰਵੀਇੰਦਰ ਸਿੰਘ**

ਜ਼ਿਕਰ ਪੰਜਾਬ

**ਚੰਡੀਗੜ੍ਹ/ਬਿਊਰੋ**

ਅੱਜ ਅਸੀਂ ਪੰਥ ਅਤੇ ਪੰਜਾਬ ਦੀ ਚਿੰਤਾ ਕਰਨ ਲਈ ਇਕੱਠੇ ਹੋਏ ਹਾਂ। ਕਿਉਂਕਿ ਕੁਝ ਲਾਲਚੀ ਲੋਕਾਂ ਵੱਲੋਂ ਪੰਜਾਬ ਨੂੰ ਲੁੱਟਿਆ ਹੀ ਨਹੀਂ ਗਿਆ, ਸਗੋਂ ਪੰਥਕ ਪ੍ਰੰਪਰਾਵਾਂ ਦਾ ਘਾਣ ਵੀ ਕੀਤਾ ਹੈ। ਭਾਈ ਰਤਨ ਸਿੰਘ ਭੰਗੂ ਦੇ ਸ਼ਬਦਾਂ ਵਿੱਚ ਉਹ ਗੁਰੂ ਦੇ ਫਟਕਾਰੇ ਹੋਏ ਹਨ। ਫਟਕਾਰੇ ਹੋਏ ਇਸ ਲਈ ਨਹੀਂ ਕਿ ਇਹ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਨਾਮੇ ਤੋਂ ਮੁਨਕਰ ਹੋਏ ਹਨ, ਗੁਰੂ ਦੀ ਫਟਕਾਰ ਇਸ ਲਈ ਹੈ ਕਿਉਂਕਿ ਇਹਨਾਂ ਨੇ ਗੁਰੂ ਰੂਪ ਪੰਜ ਸਿੰਘ ਸਾਹਿਬਾਨ ਦੇ ਫੈਸਲੇ ਨੂੰ ਇਕ ਸਾਜਿਸ਼ ਦੱਸਿਆ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਉਹ ਗੁਰਦੁਆਰਾ ਕਰਤਾਰਸਰ ਸਾਹਿਬ ਪਿੰਡ ਪਡਿਆਲਾ (ਮੋਹਾਲੀ) ਵਿੱਚ ਸ਼?ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੀ ਇਕ ਵਰਕਰ ਮੀਟਿੰਗ ਦੌਰਾਨ ਬੋਲ ਰਹੇ ਸਨ। ਉਹਨਾਂ ਕਿਹਾ ਕਿ ਜਦੋਂ ਦੋ ਦਸੰਬਰ ਨੂੰ ਸ੍ਰੀ ਅਕਾਲ ਤਖ਼ਤ ਤੋਂ ਹੁਕਮਨਾਮੇ ਹੋਏ ਸਨ ਤਾਂ ਇਸ ਨਾਲ ਤਖਤ ਸਾਹਿਬ ਦੀ ਅਜ਼ਮਤ ਦੁਨੀਆਂ ਭਰ ਵਿੱਚ ਫੈਲੀ ਸੀ, ਪਰ ਉਸ ਹੁਕਮਨਾਮੇ ਨੂੰ ਕਲੰਕਿਤ ਕਰਨ ਲਈ ਇਹਨਾਂ ਭਗੌੜਿਆਂ ਨੇ ਦਿੱਲੀ ਦੇ ਇਕ ਕਾਮਰੇਡ ਤੋਂ ਅੰਗਰੇਜੀ ਅਖਬਾਰ ਵਿੱਚ ਲੇਖ ਲਿਖਵਾਇਆ ਸੀ ਕਿ ਅਕਾਲ ਤਖਤ ਸਾਹਿਬ ਨੂੰ ਸਿੱਖ ਰਾਜਨੀਤੀ ਵਿੱਚ ਦਖਲ ਨਹੀਂ ਦੇਣਾ ਚਾਹੀਦਾ। ਉਹ ਹੁਕਮਨਾਮੇ ਇਤਿਹਾਸ ਵਿੱਚ ਹਮੇਸ਼ਾਂ ਸੁਰੱਖਿਅਤ ਰਹਿਣਗੇ, ਕਿਉਂਕਿ ਉਹ ਗੁਰੂ ਦੀ ਬਖਸ਼ਿਸ਼ ਨਾਲ ਵਾਪਰੇ ਸਨ। ਉਹਨਾਂ ਕਿਹਾ ਕਿ ਸੁਖਬੀਰ ਨੇ ਆਪਣੇ ਪ੍ਰਧਾਨਗੀ ਕਾਲ ਵਿੱਚ ਟਕਸਾਲੀ ਅਕਾਲੀਆਂ ਨੂੰ ਬਾਹਰ ਕਰਕੇ ਰੇਤ, ਬੱਜਰੀ, ਕੇਬਲ ਮਾਫੀਆ ਨੂੰ ਨਾਲ ਜੋੜਿਆ। ਕਿਉਂਕਿ ਧਰਮੀਆਂ ਨਾਲ ਹਮੇਸ਼ਾਂ ਧਰਮੀ ਜੁੜਦੇ ਹਨ, ਜਦਕਿ ਬੇਦੀਨਿਆਂ ਨਾਲ ਬੇਦੀਨੇ ਜੁੜ ਜਾਂਦੇ ਹਨ। ਉਹਨਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਦੋ ਦਸੰਬਰ ਦੇ ਹੁਕਮਨਾਮਿਆਂ ਨੂੰ ਘਰ-ਘਰ ਤੱਕ



ਪਹੁੰਚਾਉਣ। ਇਸ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਸ ਰਵੀਇੰਦਰ ਸਿੰਘ ਨੇ ਕਿਹਾ ਦੋ ਦਸੰਬਰ ਨੂੰ ਸ੍ਰੀ ਅਕਾਲ ਤਖਤ ਸਾਹਿਬ 'ਤੇ ਜੋ ਕੁਝ ਵੀ ਵਾਪਰਿਆ, ਉਹ ਸਾਰੀ ਦੁਨੀਆਂ ਨੇ ਵੇਖਿਆ। ਜਿੱਥੇ ਸਿੰਘ ਸਾਹਿਬਾਨ ਨੇ ਸਿੱਧੇ ਸਵਾਲ ਕੀਤੇ ਅਤੇ ਉਹ ਸਾਰੀਆਂ ਗੁਸਤਾਖੀਆਂ ਨੂੰ ਹਾਂਜੀ ਕਹਿ ਕੇ ਕਬੂਲ ਕਰਦੇ ਰਹੇ, ਪਰ ਬਾਦ ਵਿੱਚ ਮੁਕਰ ਗਏ। ਉਹਨਾਂ ਕਿਹਾ ਕਿ ਜੋ ਬੰਦਾ ਸ੍ਰੀ ਅਕਾਲ ਤਖਤ ਸਾਹਿਬ ਸਾਹਮਣੇ ਸਭ ਕੁੱਝ ਮੰਨ ਕੇ ਮੁਕਰ ਜਾਂਦਾ ਹੈ ਮੈਂ ਉਸ ਨੂੰ ਸਿੱਖ ਹੀ ਨਹੀਂ ਮੰਨਦਾ, ਪਰ ਕੁਝ ਲੋਕ ਸੁਖਬੀਰੇ ਨੂੰ ਪ੍ਰਧਾਨ ਮੰਨੀ ਜਾਂਦੇ ਹਨ। ਉਹਨਾਂ ਨੇ ਸ ਪ੍ਰਕਾਸ਼ ਸਿੰਘ ਬਾਦਲ ਨੂੰ ਯਾਦ ਕਰਦਿਆਂ ਕਿਹਾ ਕਿ ਉਹ ਆਪਣੇ ਸਾਥੀਆਂ ਦੀਆਂ ਲਾਸ਼ਾਂ ਉੱਤੇ ਪੈਰ ਰੱਖ ਕੇ ਅੱਗੇ ਵਧਿਆ। ਉਹਨਾਂ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਤੋਂ ਭਰਤੀ ਲਈ ਸੱਤ ਮੈਂਬਰੀ ਕਮੇਟੀ ਬਣੀ ਸੀ ਜਦਕਿ ਸ਼?ਰੋਮਣੀ ਕਮੇਟੀ ਦਾ ਪ੍ਰਧਾਨ ਅਤੇ ਇਕ ਸਾਬਕਾ ਪ੍ਰਧਾਨ ਹੁਕਮਨਾਮੇ ਤੋਂ ਬਾਗੀ ਹੋ ਗਏ। ਸਾਨੂੰ ਇਹ ਗੱਲਾਂ ਲੋਕਾਂ ਤੱਕ ਪਹੁੰਚਾਉਣੀਆਂ ਚਾਹੀਦੀਆਂ ਹਨ। ਅੱਜ ਦੀ ਇਸ ਵਰਕਰ ਮੀਟਿੰਗ ਨੂੰ ਜਿਲ੍ਹਾ ਰੋਪੜ੍ਹ ਦੇ ਪ੍ਰਧਾਨ ਗੁਰਮੀਤ ਸਿੰਘ ਮਕੜੌਨਾ, ਗੁਰਮੀਤ ਸਿੰਘ ਰੋਪੜ੍ਹ, ਬਲਦੇਵ ਸਿੰਘ ਖਿਜਰਾਬਾਦ, ਬਾਬਾ ਦੀਪ ਸਿੰਘ ਰੋਪੜ੍ਹ, ਮਾਸਟਰ ਰਾਜਿੰਦਰ ਦੇਵ, ਸ ਸੁਖਵਿੰਦਰ ਸਿੰਘ ਮੁੰਡੀਆਂ, ਪ੍ਰੀਤਮ ਸਿੰਘ ਸੱਲੋਮਾਜਰਾ ਆਦਿ ਆਗੂਆਂ ਨੇ ਸੰਬੋਧਨ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਦਵਿੰਦਰ ਸਿੰਘ ਪੇਂਟਾ ਨੇ ਨਿਭਾਈ। ਅੱਜ ਦੀ ਇਸ ਮੀਟਿੰਗ ਵਿੱਚ ਸ ਹਰਬੰਸ ਸਿੰਘ ਕੰਧੋਲਾ, ਭਜਨ ਸਿੰਘ ਸ਼ੇਰਗਿੱਲ, ਮਨਜੀਤ ਸਿੰਘ ਮੁਧੋਂ, ਸਰਬਜੀਤ ਸਿੰਘ ਕਾਦੀਮਾਜਰਾ, ਸੁਮਿਤਰ ਸਿੰਘ ਪਪਰਾਲੀ, ਤੇਜਪਾਲ ਸਿੰਘ ਕੁਰਾਲੀ, ਦਲਵਿੰਦਰ ਸਿੰਘ ਮੁਧੋਂ, ਸਤਿਨਾਮ ਸਿੰਘ ਹੁਸ਼ਿਆਰਪੁਰ, ਦਿਲਾਵਰ ਸਿੰਘ, ਨਿਰਭੈਅ ਸਿੰਘ ਚਮਕੌਰ ਸਾਹਿਬ, ਸਵਰਨ ਸਿੰਘ ਸੈਣੀ, ਸੇਵਾ ਸਿੰਘ ਭੁਰੜੇ, ਪ੍ਰਿੰਸੀਪਲ ਮੋਹਨ ਸਿੰਘ, ਅਵਤਾਰ ਸਿੰਘ ਲੁਠੇੜੀ, ਐਡਵੋਕੇਟ ਬਲਬੀਰ ਸਿੰਘ, ਅਮਰਜੀਤ ਸਿੰਘ ਢਿੱਲੋਂ, ਤੇਜਪਾਲ ਸਿੰਘ ਸਿੱਧੂ, ਮਹਿੰਦਰ ਸਿੰਘ ਲੁਠੇੜੀ, ਪਰਮਜੀਤ ਸਿੰਘ ਪੁੜੈਲ, ਕੁਲਵਿੰਦਰ ਸਿੰਘ ਜੈਲਦਾਰ, ਲਖਬੀਰ ਸਿੰਘ ਰੁਪਾਲਹੇੜੀ, ਉਜਾਗਰ ਸਿੰਘ ਭੜੌਂਜੀਆਂ, ਬਹਾਦਰ ਸਿੰਘ ਕਰਤਾਰਪੁਰ, ਗੁਰਬਚਨ ਸਿੰਘ ਸਤਿਆਲ, ਭਾਗ ਸਿੰਘ ਰੋਪੜ, ਸੁਰਿੰਦਰ ਸਿੰਘ ਕਾਦੀਮਾਜਰਾ, ਪ੍ਰਿੰਸੀਪਲ ਸੁਪਿੰਦਰ ਸਿੰਘ, ਗੁਰਸੇਵਕ ਸਿੰਘ ਸਿੰਘਪੁਰਾ, ਪ੍ਰੋ ਨਾਨਕ ਸਿੰਘ ਕਲਾਲਮਾਜਰਾ, ਬਹਾਦਰ ਸਿੰਘ ਕਲਾਲਮਾਜਰਾ, ਪ੍ਰੇਮ ਸਿੰਘ ਬਰਦਾਰ, ਬਲਵਿੰਦਰ ਸਿੰਘ ਚਿਤਾਮਲੀ, ਮਾਸਟਰ ਜਗਮੋਹਨ ਸਿੰਘ, ਮਲਕੀਤ ਸਿੰਘ ਛੱਜਾ, ਪ੍ਰਗਟ ਸਿੰਘ ਰੌਲੂਮਾਜਰਾ, ਹਰਿੰਦਰ ਸਿੰਘ ਸ਼ਾਹਪੁਰ, ਡਾ ਅਵਤਾਰ ਸਿੰਘ ਘੁੰਮਣ ਚਮਕੌਰ ਸਾਹਿਬ ਹਾਜਰ ਸਨ। ਸ ਹਾਕਮ ਸਿੰਘ ਖਰੜ ਨੇ ਆਪਣੀ ਕਵਿਤਾ ਸੁਖਬੀਰ ਹੈ ਜੜ੍ਹ ਪੁਆੜੇ ਦੀ ਵੀ ਸੰਗਤਾਂ ਨੂੰ ਸੁਣਾਈ।

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਬਠਿੰਡਾ ਦੇ ਐਡਵਾਂਸਡ ਕੈਂਸਰ ਇੰਸਟੀਚਿਊਟ ਦਾ ਅਚਨਚੇਤ ਦੌਰਾ

- ਸਹੂਲਤਾਂ ਅਤੇ ਮਰੀਜ਼ਾਂ ਦੀ ਦੇਖਭਾਲ ਦਾ ਜਾਇਜ਼ਾ ਲਿਆ
- ਰੋਬੋਟਿਕ ਸਰਜਰੀ ਸ਼ੁਰੂ ਕੀਤੀ ਜਾਵੇਗੀ, ਮਰੀਜ਼ਾਂ ਦੀ ਦੇਖਭਾਲ ਨੂੰ ਵਧਾਉਣ ਲਈ ਸਟਾਫ਼ ਭਰਤੀ ਕੀਤਾ ਜਾਵੇਗਾ : ਮੁੱਖ ਮੰਤਰੀ ਭਗਵੰਤ ਸਿੰਘ ਮਾਨ

ਜ਼ਿਕਰ ਪੰਜਾਬ

**ਬਠਿੰਡਾ/ਬਿਊਰੋ**

ਪੰਜਾਬ ਵਿੱਚ ਕੈਂਸਰ ਦੇਖਭਾਲ ਨੂੰ ਅਪਗ੍ਰੇਡ ਕਰਨ ਲਈ ਫੈਸਲਾਕੁੰਨ ਯਤਨ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ (ਬੀ.ਐਫ.ਯੂ.ਐਚ.ਐਸ.) ਵਿਖੇ ਐਡਵਾਂਸਡ ਕੈਂਸਰ ਇੰਸਟੀਚਿਊਟ ਦਾ ਅਚਾਨਕ ਨਿਰੀਖਣ ਕੀਤਾ ਅਤੇ ਉਨ੍ਹਾਂ ਬੁਨਿਆਦੀ ਢਾਂਚੇ, ਤਕਨਾਲੋਜੀ ਤੇ ਮਨੁੱਖੀ ਸ਼ਕਤੀ ਦੇ ਵਿਆਪਕ ਸੁਧਾਰ ਦੇ ਆਦੇਸ਼ ਦਿੱਤੇ। ਉਨ੍ਹਾਂ ਨਾਲ ਹੀ ਇਹ ਵੀ ਕਿਹਾ ਕਿ ਇਲਾਜ ਦੇ ਮਿਆਰਾਂ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ। ਤਬਦੀਲੀ ਲਈ ਸਪੱਸ਼ਟ ਦਿਸ਼ਾ ਨਿਰਧਾਰਤ ਕਰਦੇ ਹੋਏ ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਸੰਸਥਾ ਨੂੰ ਵਿਸ਼ਵ ਪੱਧਰੀ ਸਿਹਤ ਸੰਭਾਲ ਕੇਂਦਰ ਵਜੋਂ ਵਿਕਸਤ ਕੀਤਾ ਜਾਵੇਗਾ, ਜਿਸ ਵਿੱਚ ਰੋਬੋਟਿਕ ਸਰਜਰੀ ਸਮੇਤ ਉੱਨਤ ਸਹੂਲਤਾਂ ਦੀ ਸ਼ੁਰੂਆਤ ਕੀਤੀ ਜਾਵੇਗੀ ਅਤੇ ਸਟਾਫ ਦੀ ਭਰਤੀ ਨੂੰ ਮਜ਼ਬੂਤ ਕਰਨ ਲਈ ਤੁਰੰਤ ਕਦਮ ਚੁੱਕੇ ਜਾਣਗੇ, ਜਿਸ ਦਾ ਮੰਤਵ ਮਾਲਵਾ ਖੇਤਰ ਵਿੱਚ ਮਰੀਜ਼ਾਂ ਦੀ ਦੇਖਭਾਲ ਨੂੰ ਮਹੱਤਵਪੂਰਨ ਢੰਗ ਨਾਲ ਵਧਾਉਣਾ ਹੈ। ਹਸਪਤਾਲ ਦੇ ਅਚਾਨਕ ਦੌਰੇ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੰਸਥਾ ਦੇ ਕੰਮਕਾਜ ਦਾ ਜਾਇਜ਼ਾ ਲਿਆ ਅਤੇ ਜ਼ਮੀਨੀ ਹਕੀਕਤਾਂ ਦਾ ਮੁਲਾਂਕਣ ਕਰਨ ਅਤੇ ਤੁਰੰਤ ਧਿਆਨ ਦੇਣ ਦੀ ਲੋੜ ਵਾਲੇ ਖੇਤਰਾਂ ਦੀ ਪਛਾਣ ਕਰਨ ਲਈ ਮੁੱਖ ਭਾਈਵਾਲਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ, ਇਸ ਦੌਰੇ ਦਾ ਉਦੇਸ਼ ਸੰਸਥਾ ਨੂੰ ਸਮਰਥਨ ਦੇਣਾ ਅਤੇ ਮਜ਼ਬੂਤ ਕਰਨਾ ਹੈ, ਨਾ ਕਿ ਕਮੀਆਂ ਲੱਭਣਾ। ਦੌਰੇ ਦਾ ਵਿਆਪਕ ਉਦੇਸ਼ ਇਸ ਨੂੰ ਪੂਰੇ ਸੂਬੇ ਲਈ ਪ੍ਰਮੁੱਖ ਸਿਹਤ ਸੰਭਾਲ ਕੇਂਦਰ ਵਿੱਚ ਬਦਲਣਾ ਹੈ। ਮੁੱਖ ਮੰਤਰੀ ਨੇ ਪੁਸ਼ਟੀ ਕੀਤੀ, 'ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼



(ਬੀ. ਐਫ. ਯੂ. ਐਚ. ਐਸ.) ਵਿਖੇ ਐਡਵਾਂਸਡ ਕੈਂਸਰ ਇੰਸਟੀਚਿਊਟ ਵਿਸ਼ਵ ਪੱਧਰੀ ਸਹੂਲਤਾਂ ਨਾਲ ਲੈਸ ਹੋਵੇਗਾ। ਇਹ ਹਸਪਤਾਲ ਪਹਿਲਾਂ ਹੀ ਮਾਲਵਾ ਖੇਤਰ ਦੇ ਮਰੀਜ਼ਾਂ ਨੂੰ ਮਿਆਰੀ ਸਿਹਤ ਸੰਭਾਲ ਸੇਵਾਵਾਂ ਮੁਹੱਈਆ ਕਰ ਰਿਹਾ ਹੈ ਅਤੇ ਸਾਡੀ ਕੋਸ਼ਿਸ਼ ਹੈ ਕਿ ਇਸ ਨੂੰ ਪੰਜਾਬ ਭਰ ਵਿੱਚ ਮੋਹਰੀ ਸਿਹਤ ਸੰਭਾਲ ਕੇਂਦਰ ਵਜੋਂ ਹੋਰ ਮਜ਼ਬੂਤ ਕੀਤਾ ਜਾਵੇ।' ਲਗਾਤਾਰ ਅਪਗ੍ਰੇਡੇਸ਼ਨ ਦੀ ਲੋੜ 'ਤੇ ਜ਼ੋਰ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਸ ਦੌਰੇ ਦਾ ਉਦੇਸ਼ ਨੁਕਸ ਲੱਭਣਾ ਨਹੀਂ ਹੈ, ਸਗੋਂ ਇਸ ਸੰਸਥਾ ਨੂੰ ਸੂਬੇ ਭਰ ਵਿੱਚ ਪ੍ਰਮੁੱਖ ਸਿਹਤ ਸੰਭਾਲ ਕੇਂਦਰ ਵਜੋਂ ਵਿਕਸਤ ਕਰਨਾ ਹੈ। ਦੌਰੇ ਦੌਰਾਨ ਮੈਂ ਇਸ ਅਹਿਮ ਸੰਸਥਾ ਦੀਆਂ ਜ਼ਮੀਨੀ ਹਕੀਕਤਾਂ ਅਤੇ ਜ਼ਰੂਰਤਾਂ ਤੋਂ ਜਾਣੂ ਕਰਵਾਉਣ ਲਈ ਸਾਰੇ ਮੁੱਖ ਭਾਈਵਾਲਾਂ ਨਾਲ ਗੱਲਬਾਤ ਕੀਤੀ। ਮਰੀਜ਼ਾਂ ਦੇ ਇਲਾਜ ਨੂੰ ਬਿਹਤਰ ਬਣਾਉਣ 'ਤੇ ਧਿਆਨ ਕੇਂਦਰਿਤ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਸੰਸਥਾ ਵਿੱਚ ਕਈ ਲੋੜੀਂਦੀਆਂ ਸਹੂਲਤਾਂ ਸ਼ੁਰੂ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ, ਕਈ ਸਹੂਲਤਾਂ ਸ਼ੁਰੂ ਕਰਕੇ ਮਰੀਜ਼ਾਂ ਦੀ ਤੰਦਰੁਸਤੀ ਯਕੀਨੀ ਬਣਾਉਣ ਲਈ ਠੋਸ ਯਤਨ ਕੀਤੇ ਜਾਣਗੇ। ਇਸ ਹਸਪਤਾਲ ਵਿੱਚ ਰੋਬੋਟਿਕ ਸਰਜਰੀ ਵੀ ਸ਼ੁਰੂ ਕੀਤੀ ਜਾਵੇਗੀ ਤਾਂ ਜੋ ਮਰੀਜ਼ਾਂ ਨੂੰ ਵੱਡੇ ਪੱਧਰ 'ਤੇ ਲਾਭ ਪਹੁੰਚ ਸਕੇ। ਇਲਾਜ ਦੇ ਤਰੀਕਿਆਂ ਨੂੰ ਆਧੁਨਿਕ ਬਣਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੰਦੇ ਹੋਏ ਉਨ੍ਹਾਂ ਅੱਗੇ ਕਿਹਾ, 'ਇਸ ਹਸਪਤਾਲ ਵਿੱਚ ਰੋਬੋਟਿਕ ਸਰਜਰੀ ਸ਼ੁਰੂ ਕਰਨ ਲਈ ਜਲਦੀ ਤੋਂ ਜਲਦੀ ਜ਼ਰੂਰੀ ਕਦਮ ਚੁੱਕੇ ਜਾਣਗੇ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਸਟਾਫ ਦੀਆਂ ਚਿੰਤਾਵਾਂ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹਸਪਤਾਲ ਇਸ ਸਮੇਂ ਸਟਾਫ ਦੀ ਘਾਟ ਦਾ ਸਾਹਮਣਾ ਕਰ ਰਿਹਾ ਹੈ। ਉਨ੍ਹਾਂ ਤੁਰੰਤ ਕਾਰਵਾਈ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ, ਮੈਨੂੰ ਪਤਾ ਲੱਗਾ ਹੈ ਕਿ ਹਸਪਤਾਲ ਵਿੱਚ ਸਟਾਫ ਦੀ ਘਾਟ ਹੈ, ਇਸ ਲਈ ਵੱਡੇ ਜਨਤਕ ਹਿੱਤ ਵਿੱਚ ਹੋਰ ਸਟਾਫ ਦੀ ਭਰਤੀ ਲਈ ਜ਼ਰੂਰੀ ਕਦਮ ਚੁੱਕੇ ਜਾਣਗੇ। ਪੰਜਾਬ ਸਰਕਾਰ ਦੀ ਪਹੁੰਚਯੋਗ ਸਿਹਤ ਸੰਭਾਲ ਪ੍ਰਤੀ ਵਚਨਬੱਧਤਾ ਦੀ ਪੁਸ਼ਟੀ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਆਯੁਸ਼ਮਾਨ ਕਾਰਡ ਧਾਰਕ ਅਤੇ ਮੁੱਖ ਮੰਤਰੀ ਸਿਹਤ ਯੋਜਨਾ ਦੇ ਲਾਭਪਾਤਰੀ ਇਸ ਸਰਵੋਤਮ ਕੈਂਸਰ ਕੇਅਰ ਹਸਪਤਾਲ ਵਿੱਚ ਇਲਾਜ ਦੇ ਹੱਕਦਾਰ ਹਨ। ਪੰਜਾਬ ਸਰਕਾਰ ਸੂਬੇ ਦੇ ਸਾਰੇ ਲੋਕਾਂ ਨੂੰ ਮਿਆਰੀ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ।

# ਚੰਡੀਗੜ੍ਹ ਗ੍ਰਨੇਡ ਹਮਲਾ: ਪੰਜਾਬ ਪੁਲਿਸ ਵੱਲੋਂ ਹੈਂਡ ਗ੍ਰਨੇਡ, ਜ਼ਿਗਾਨਾ ਪਿਸਤੌਲ ਸਮੇਤ ਪੰਜ ਵਿਅਕਤੀ ਗ੍ਰਿਫ਼ਤਾਰ

ਜ਼ਿਕਰ ਪੰਜਾਬ

**ਚੰਡੀਗੜ੍ਹ/ਬਿਊਰੋ**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਪੰਜਾਬ ਪੁਲਿਸ ਦੇ ਕਾਊਂਟਰ ਇੰਟੈਲੀਜੈਂਸ ਵਿੰਗ ਨੇ ਚੰਡੀਗੜ੍ਹ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਤਹਿਤ ਚੰਡੀਗੜ੍ਹ ਗ੍ਰਨੇਡ ਹਮਲੇ ਵਿੱਚ ਸ਼ਾਮਲ ਪੰਜ ਮੁਲਜ਼ਮਾਂ ਨੂੰ ਇੱਕ ਹੈਂਡ ਗ੍ਰਨੇਡ ਅਤੇ ਇੱਕ .30 ਬੋਰ ਜ਼ਿਗਾਨਾ ਪਿਸਤੌਲ ਸਮੇਤ ਗੋਲੀ-ਸਿੱਕੇ ਨਾਲ ਗ੍ਰਿਫ਼ਤਾਰ ਕਰਕੇ ਇਸ ਵਾਰਦਾਤ ਦੀ ਗੁੱਥੀ ਨੂੰ ਸਫਲਤਾਪੂਰਵਕ ਸੁਲਝਾ ਲਿਆ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਪਿੰਡ ਮਾਜਰੀ (ਐਸ.ਬੀ.ਐਸ. ਨਗਰ ) ਦੇ ਬਲਵਿੰਦਰ ਲਾਲ ਉਰਫ਼ ਸ਼ੰਮੀ, ਪਿੰਡ ਭਰਾਪੁਰ (ਐਸ.ਬੀ.ਐਸ. ਨਗਰ )ਦੇ ਜਸਵੀਰ ਸਿੰਘ ਉਰਫ਼ ਜੱਸੀ, ਪਿੰਡ ਸੁਜਾਵਲਪੁਰ (ਐਸਬੀਐਸ ਨਗਰ) ਦੇ ਚਰਨਜੀਤ ਸਿੰਘ ਉਰਫ਼ ਚੰਨੀ, ਪਿੰਡ ਠਾਣਾ (ਸ਼ਿਮਲਾ) ਦੇ ਰੁਬਲ ਚੌਹਾਨ ਅਤੇ ਧੂਰੀ (ਸੰਗਰੂਰ) ਦੇ ਮਨਦੀਪ ਉਰਫ਼ ਅਭਿਜੋਤ ਸ਼ਰਮਾ ਵਜੋਂ ਹੋਈ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਸ ਮਾਡਿਊਲ ਨੂੰ ਪਾਕਿਸਤਾਨ ਦੀ ਆਈ.ਐਸ.ਆਈ. ਦਾ ਸਮਰਥਨ ਪ੍ਰਾਪਤ ਸੀ ਅਤੇ ਇਹ ਪੁਰਤਗਾਲ ਅਤੇ ਜਰਮਨੀ ਵਿੱਚ ਸਥਿਤ

> **ਦੋ ਮੁੱਖ ਦੋਸ਼ੀਆਂ ਦੀ ਵੀ ਕੀਤੀ ਪਛਾਣ; ਗ੍ਰਿਫ਼ਤਾਰ ਕਰਨ ਲਈ ਕੀਤੀ ਜਾ ਰਹੀ ਹੈ ਛਾਪੇਮਾਰੀ: ਏਆਈਜੀ ਐਸ. ਐਸ. ਓ. ਸੀ. ਦੀਪਕ ਪਾਰੀਕ**

ਵਿਦੇਸ਼ੀ ਹੈਂਡਲਰਾਂ ਦੇ ਨਿਰਦੇਸ਼ਾਂ ਹੇਠ ਕੰਮ ਕਰਦਾ ਸੀ। ਉਨ੍ਹਾਂ ਕਿਹਾ ਕਿ ਉਕਤ ਦੋਸ਼ੀ ਇੱਕ ਢਾਂਚਾਗਤ ਨੈੱਟਵਰਕ,ਜਿਸ ਵਿੱਚ ਹਮਲੇ ਨੂੰ ਅੰਜਾਮ ਦੇਣ ਲਈ ਕਈ ਕੱਟਆਊਟ ਅਤੇ ਸਬ-ਮਾਡਿਊਲ ਸ਼ਾਮਲ ਸਨ, ਦਾ ਹਿੱਸਾ ਸਨ। ਡੀਜੀਪੀ ਨੇ ਕਿਹਾ ਕਿ ਹਮਲੇ ਵਿੱਚ ਸ਼ਾਮਲ ਦੋ ਮੁੱਖ ਦੋਸ਼ੀਆਂ ਦੀ ਵੀ ਪਛਾਣ ਕੀਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ- ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ। ਜ਼ਿਕਰਯੋਗ ਹੈ ਕਿ ਬੁੱਧਵਾਰ ਨੂੰ ਚੰਡੀਗੜ੍ਹ ਦੇ ਸੈਕਟਰ 37 ਵਿਖੇ ਭਾਰਤੀ ਜਨਤਾ ਪਾਰਟੀ ਦੇ ਦਫਤਰ ਦੇ ਬਾਹਰ ਇੱਕ ਗ੍ਰਨੇਡ ਹਮਲਾ ਹੋਇਆ ਸੀ। ਇਸ ਸਬੰਧੀ ਹੋਰ ਵੇਰਵੇ ਸਾਂਝੇ ਕਰਦੇ ਹੋਏ ਏ.ਆਈ.ਜੀ. ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸਐਸਓਸੀ) ਐਸਏਐਸ ਨਗਰ ਦੀਪਕ ਪਾਰੀਕ ਨੇ ਦੱਸਿਆ ਕਿ ਜਾਂਚ ਵਿੱਚ ਹੋਰ ਖੁਲਾਸਾ ਹੋਇਆ ਹੈ ਕਿ ਗ੍ਰਿਫ਼ਤਾਰ ਮੁਲਜ਼ਮਾਂ ਵੱਲੋਂ ਹੈਂਡ ਗ੍ਰਨੇਡ, ਹਥਿਆਰ ਅਤੇ ਜ਼ਿੰਦਾ ਕਾਰਤੂਸਾਂ ਵਾਲੀ ਇੱਕ ਖੇਪ ਟਰਾਂਸਪੋਰਟ ਕੀਤੀ ਗਈ ਸੀ, ਜੋ ਕਈ ਕਾਰਕੁੰਨਾਂ ਰਾਹੀਂ ਹੁੰਦੀ ਹੋਈ ਅੰਤਿਮ ਦੋਸ਼ੀਆਂ ਨੂੰ ਪ੍ਰਾਪਤ ਹੋਈ ਸੀ। ਏ.ਆਈ.ਜੀ. ਨੇ ਕਿਹਾ ਕਿ ਪੁਰਤਗਾਲ-ਅਧਾਰਤ ਹੈਂਡਲਰ ਦੇ ਨਿਰਦੇਸ਼ਾਂ 'ਤੇ ਕਾਰਵਾਈ ਕਰਦਿਆਂ ਗ੍ਰਿਫ਼ਤਾਰ ਕੀਤੇ ਮੁਲਜ਼ਮਾਂ ਨੇ ਹਮਲੇ ਨੂੰ ਅੰਜਾਮ ਦੇਣ ਲਈ ਤਾਲਮੇਲ ਕੀਤਾ ਸੀ। ਉਨ੍ਹਾਂ ਅੱਗੇ ਕਿਹਾ ਕਿ ਹਮਲੇ ਵਿੱਚ ਸ਼ਾਮਲ ਫਰਾਰ ਦੋਸ਼ੀਆਂ ਨੂੰ ਕਾਬੂ ਕਰਨ ਲਈ ਪੁਲਿਸ ਟੀਮਾਂ ਛਾਪੇਮਾਰੀ ਕਰ ਰਹੀਆਂ ਹਨ। ਇਸ ਸਬੰਧ ਵਿੱਚ ਐਫਆਈਆਰ ਨੰਬਰ 4 ਮਿਤੀ 03/04/26 ਨੂੰ ਅਸਲਾ ਐਕਟ ਦੀ ਧਾਰਾ 25(1) (2) ਅਤੇ ਬੀਐਨਐਸ ਦੀ ਧਾਰਾ 61(2) ਦੇ ਤਹਿਤ ਪੁਲਿਸ ਸਟੇਸ਼ਨ ਐਸਐਓਸੀ ਐਸਬੀਐਸ ਨਗਰ ਵਿਖੇ ਕੇਸ ਦਰਜ ਕੀਤਾ ਗਿਆ ਹੈ।

# ਬਿਜਲੀ ਦੀ ਸਪਲਾਈ ਬਹਾਲ ਕਰਦੇ ਸਮੇਂ ਕਰੰਟ ਲੱਗਣ ਨਾਲ ਲਾਈਨਮੈਨ ਦੀ ਮੌਤ

ਜ਼ਿਕਰ ਪੰਜਾਬ

**ਹੁਸ਼ਿਆਰਪੁਰ/ਬਿਊਰੋ**

ਹੁਸ਼ਿਆਰਪੁਰ ਦੇ ਕਸਬਾ ਤਲਵਾੜਾ ਦੇ ਅਧੀਨ ਪੈਂਦੇ ਪਿੰਡ ਧਾਰ ਵਿੱਚ ਇੱਕ ਬੇਹੱਦ ਮੰਦਭਾਗੀ ਘਟਨਾ ਵਾਪਰੀ, ਜਿੱਥੇ ਡਿਊਟੀ ਨਿਭਾਅ ਰਹੇ ਪਾਵਰਕਾਮ ਦੇ ਇੱਕ ਸਹਾਇਕ ਲਾਈਨਮੈਨ ਦੀ ਕਰੰਟ ਲੱਗਣ ਕਾਰਨ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਸਰਵਜੀਤ ਸਿੰਘ ਵਜੋਂ ਹੋਈ ਹੈ। ਮਿਲੀ ਜਾਣਕਾਰੀ ਅਨੁਸਾਰ, ਇਲਾਕੇ ਵਿੱਚ ਹੋਈ ਤੇਜ਼ ਬਾਰਿਸ਼ ਕਾਰਨ ਪਿੰਡ ਧਾਰ ਦੀ ਬਿਜਲੀ ਸਪਲਾਈ ਪ੍ਰਭਾਵਿਤ ਹੋ ਗਈ ਸੀ। ਖ਼ਰਾਬ ਹੋਈ ਲਾਈਨ ਨੂੰ ਠੀਕ ਕਰਨ ਅਤੇ ਲੋਕਾਂ ਦੀ ਸਹੂਲਤ ਲਈ ਬਿਜਲੀ



ਬਹਾਲ ਕਰਨ ਲਈ ਸਰਵਜੀਤ ਸਿੰਘ ਮੌਕੇ 'ਤੇ ਪਹੁੰਚੇ ਸਨ। ਕੰਮ ਦੌਰਾਨ ਅਚਾਨਕ ਉਹ ਬਿਜਲੀ ਦੀਆਂ ਤਾਰਾਂ ਤੋਂ ਨਿਕਲੇ ਜ਼ੋਰਦਾਰ ਕਰੰਟ ਦੀ ਲਪੇਟ ਵਿੱਚ ਆ ਗਏ। ਕਰੰਟ ਇੰਨਾ ਭਿਆਨਕ ਸੀ ਕਿ ਸਰਵਜੀਤ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ। ਘਟਨਾ ਤੋਂ ਤੁਰੰਤ ਬਾਅਦ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ। ਸੂਚਨਾ ਮਿਲਦੇ ਹੀ ਪੁਲਿਸ ਅਤੇ ਪਾਵਰਕਾਮ ਦੇ ਉੱਚ ਅਧਿਕਾਰੀ ਮੌਕੇ 'ਤੇ ਪਹੁੰਚ ਗਏ ਹਨ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ। ਪਾਵਰਕਾਮ ਦੇ ਸਾਥੀ ਮੁਲਾਜ਼ਮਾਂ ਨੇ ਇਸ ਹਾਦਸੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

# 31 ਜੁਲਾਈ ਨੂੰ ਯੂਨੀਵਰਸਿਟੀ ਦੇ ਵਿਦਿਅਕ ਵਰ੍ਹੇ ਦੀ ਸ਼ੁਰੂਆਤ ਦੀ ਤਿਆਰੀ, ਅਮਨ ਅਰੋੜਾ ਕੋਲ ਵਿਸ਼ੇਸ਼ ਸੈਸ਼ਨ ਬੁਲਾਉਣ ਦੀ ਮੰਗ

ਜ਼ਿਕਰ ਪੰਜਾਬ

**ਚੰਡੀਗੜ੍ਹ/ਬਿਊਰੋ**

ਕੰਬੋਜ ਫਾਊਂਡੇਸ਼ਨ ਦੇ ਇੱਕ ਉੱਚ ਪੱਧਰੀ ਅਤੇ ਪ੍ਰਤਿਭਾਸ਼ਾਲੀ ਪ੍ਰਤੀਨਿਧ ਮੰਡਲ ਵੱਲੋਂ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨਾਲ ਇੱਕ ਮਹੱਤਵਪੂਰਨ ਮੀਟਿੰਗ ਕੀਤੀ ਗਈ। ਇਸ ਡੈਲੀਗੇਸ਼ਨ ਵਿੱਚ ਡਾ. ਸੰਦੀਪ ਸਿੰਘ ਕੌੜਾ, ਵਿਧਾਇਕ ਜਗਦੀਪ ਕੰਬੋਜ ਗੋਲਡੀ ਅਤੇ ਜੱਜ ਜਗਦੀਪ ਮਾਰੋਕ ਸਮੇਤ ਕੰਬੋਜ ਫਾਊਂਡੇਸ਼ਨ ਦੇ ਪ੍ਰਧਾਨ, ਚੇਅਰਮੈਨ, ਸੀਨੀਅਰ ਵਾਈਸ ਚੇਅਰਮੈਨ, ਵਾਈਸ ਪ੍ਰਧਾਨ, ਸੈਕਟਰੀ ਜਨਰਲ, ਖਜ਼ਾਨਚੀ ਅਤੇ ਕਰੀਬ 20 ਕਾਰਜਕਾਰੀ ਮੈਂਬਰ ਸ਼ਾਮਲ ਸਨ। ਮੀਟਿੰਗ ਦੌਰਾਨ ਡੈਲੀਗੇਸ਼ਨ ਵੱਲੋਂ ਇੱਕ ਵਿਸਥਾਰਪੂਰਵਕ ਮੈਮੋਰੈਂਡਮ ਪੇਸ਼ ਕੀਤਾ ਗਿਆ, ਜਿਸ ਵਿੱਚ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਗਈ ਕਿ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸੈਸ਼ਨ ਸੁਨਾਮ ਊਧਮ ਸਿੰਘ ਵਾਲਾ ਵਿੱਚ ਬੁਲਾਇਆ ਜਾਵੇ। ਇਸ ਸੈਸ਼ਨ ਵਿੱਚ 'ਊਧਮ ਸਿੰਘ ਸ਼ਹੀਦ ਸਕਿੱਲ ਡਿਵੈਲਪਮੈਂਟ ਐਂਡ ਐਂਟਰਪ੍ਰਿਨਿਊਰਸ਼ਿਪ ਯੂਨੀਵਰਸਿਟੀ' ਦੀ



ਕਾਨੂੰਨੀ ਸਥਾਪਨਾ ਦਾ ਐਲਾਨ ਕਰਨ ਦੀ ਮੰਗ ਉਠਾਈ ਗਈ। ਇਹ ਯੂਨੀਵਰਸਿਟੀ ਪੰਜਾਬ ਸਰਕਾਰ ਅਤੇ ਕੰਬੋਜ ਫਾਊਂਡੇਸ਼ਨ ਵੱਲੋਂ ਸ਼ਹੀਦ ਊਧਮ ਸਿੰਘ ਐਜੂਕੇਸ਼ਨਲ ਸੋਸਾਇਟੀ ਦੇ ਸਹਿਯੋਗ ਨਾਲ ਇੱਕ ਸਾਂਝਾ ਉਪਰਾਲਾ ਹੈ। ਇਸ ਪ੍ਰੋਜੈਕਟ ਨੂੰ ਦੇਸ਼ ਦੇ ਮਹਾਨ ਸ਼ਹੀਦ ਊਧਮ ਸਿੰਘ ਜੀ ਨੂੰ ਸਮਰਪਿਤ ਇੱਕ ਜੀਵੰਤ ਸ਼ਰਧਾਂਜਲੀ ਵਜੋਂ ਵੇਖਿਆ ਜਾ ਰਿਹਾ ਹੈ। ਫਾਊਂਡੇਸ਼ਨ ਦੇ ਪ੍ਰਤੀਨਿਧੀਆਂ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਯੂਨੀਵਰਸਿਟੀ ਦੀ ਨੀਂਹ 31 ਜੁਲਾਈ ਨੂੰ ਸ਼ਹੀਦ ਊਧਮ ਸਿੰਘ ਜੀ ਦੇ ਸ਼ਹਾਦਤ ਦਿਵਸ ਨਾਲ ਜੋੜ ਕੇ ਰੱਖੀ ਜਾਵੇਗੀ, ਜਿਸ ਨਾਲ ਇਸ ਪ੍ਰੋਜੈਕਟ ਨੂੰ ਵਿਸ਼ੇਸ਼ ਇਤਿਹਾਸਕ ਮਹੱਤਵ ਮਿਲੇਗਾ। ਇਸ ਦੇ ਨਾਲ ਹੀ ਕਾਨੂੰਨ ਪਾਸ ਹੋਣ ਤੋਂ ਬਾਅਦ ਯੂਨੀਵਰਸਿਟੀ ਦਾ ਪਹਿਲਾ ਅਕਾਦਮਿਕ ਸੈਸ਼ਨ ਸ਼ੁਰੂ ਕਰਨ ਦੀ ਯੋਜਨਾ ਵੀ ਸਾਂਝੀ ਕੀਤੀ ਗਈ। ਡੈਲੀਗੇਸ਼ਨ ਨੇ ਦੱਸਿਆ ਕਿ ਇਹ ਯੂਨੀਵਰਸਿਟੀ ਵਿਸ਼ਵ ਪੱਧਰ ਦੀ ਅਜਿਹੀ ਸੰਸਥਾ ਹੋਵੇਗੀ, ਜਿੱਥੇ ਵਿਦਿਆਰਥੀਆਂ ਨੂੰ ਸਿਰਫ਼ ਕਿਤਾਬੀ ਗਿਆਨ ਨਹੀਂ, ਸਗੋਂ ਵਿਹਾਰਕ (ਪ੍ਰੈਕਟਿਕਲ) ਹੁਨਰਾਂ ਦੀ ਸਿੱਖਿਆ ਦੇ ਕੇ ਦੇਸ਼ ਅਤੇ ਵਿਦੇਸ਼ ਵਿੱਚ ਰੋਜ਼ਗਾਰ ਯੋਗ ਬਣਾਇਆ ਜਾਵੇਗਾ। ਇਸ ਯੂਨੀਵਰਸਿਟੀ ਤੋਂ ਨਿਕਲਣ ਵਾਲੇ ਨੌਜਵਾਨ ਨਾ ਕੇਵਲ ਆਪਣੇ ਲਈ ਰੋਜ਼ਗਾਰ ਲੱਭਣਗੇ, ਸਗੋਂ ਹੋਰਾਂ ਨੂੰ ਵੀ ਰੋਜ਼ਗਾਰ ਦੇਣ ਦੇ ਯੋਗ ਹੋਣਗੇ। ਫੀਸ ਦੇ ਢਾਂਚੇ ਬਾਰੇ ਵੀ ਮਹੱਤਵਪੂਰਨ ਜਾਣਕਾਰੀ ਦਿੱਤੀ ਗਈ। ਦੱਸਿਆ ਗਿਆ ਕਿ ਕੁਝ ਵਿਦਿਆਰਥੀਆਂ ਦੀ ਫੀਸ ਉਦਯੋਗ ਜਗਤ (ਇੰਡਸਟਰੀ) ਵੱਲੋਂ ਭਰੀ ਜਾਵੇਗੀ, ਕੁਝ ਦੀ ਫੀਸ ਸਰਕਾਰ ਦੇ ਸਕਿੱਲ ਡਿਵੈਲਪਮੈਂਟ ਵਿਭਾਗ ਵੱਲੋਂ ਉਠਾਈ ਜਾਵੇਗੀ, ਜਦਕਿ ਬਾਕੀ ਵਿਦਿਆਰਥੀਆਂ ਨੂੰ ਐਜੂਕੇਸ਼ਨ ਲੋਨ ਰਾਹੀਂ ਸਹੂਲਤ ਦਿੱਤੀ ਜਾਵੇਗੀ।

# ਧੁੱਸੀ ਬੰਨ੍ਹ 'ਤੇ 89 ਕਿਮੀ ਲੰਮੀ ਸੜਕ ਬਣਾਉਣ ਦੀ ਯੋਜਨਾ ਤੇਜ਼



ਜ਼ਿਕਰ ਪੰਜਾਬ

**ਚੰਡੀਗੜ੍ਹ/ਬਿਊਰੋ**

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਮੁਲਾਕਾਤ ਕਰਕੇ ਸਤਲੁਜ ਦਰਿਆ ਦੇ ਧੁੱਸੀ ਬੰਨ੍ਹ 'ਤੇ ਪੱਕੀ ਸੜਕ ਬਣਾਉਣ ਦੇ ਪ੍ਰੋਜੈਕਟ ਨੂੰ ਲੈ ਕੇ ਵਿਸਥਾਰ ਨਾਲ ਚਰਚਾ ਕੀਤੀ। ਇਸ ਪ੍ਰਸਤਾਵ ਅਨੁਸਾਰ ਗਿੱਦੜਪਿੰਡੀ ਤੋਂ ਫਿਲੌਰ ਤੱਕ ਲਗਭਗ 89 ਕਿਲੋਮੀਟਰ ਲੰਮੀ ਅਤੇ 18 ਫੁੱਟ ਚੌੜੀ ਸੜਕ ਤਿਆਰ ਕੀਤੀ ਜਾਣੀ ਹੈ, ਜਿਸ ਨਾਲ ਨਾ ਸਿਰਫ਼ ਬੰਨ੍ਹ ਨੂੰ ਮਜ਼ਬੂਤੀ ਮਿਲੇਗੀ, ਸਗੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਆਵਾਜਾਈ ਵੀ ਸੁਗਮ ਹੋਵੇਗੀ। ਇਸ ਯੋਜਨਾ 'ਤੇ ਪਹਿਲੀ ਵਾਰ 12 ਜੂਨ 2023 ਨੂੰ ਚੰਡੀਗੜ੍ਹ ਦੇ ਪੰਜਾਬ ਭਵਨ ਵਿੱਚ ਮੀਟਿੰਗ ਹੋਈ ਸੀ, ਜਿਸ ਦੀ ਅਗਵਾਈ ਉਸ ਵੇਲੇ ਦੇ ਮੰਤਰੀ ਮੀਤ ਹੇਅਰ ਨੇ ਕੀਤੀ ਸੀ। ਪੰਜਾਬ ਰਾਜ ਮੰਡੀ ਬੋਰਡ ਵੱਲੋਂ ਇਸ ਪ੍ਰੋਜੈਕਟ ਦੀ ਲਾਗਤ ਕਰੀਬ 117 ਕਰੋੜ ਰੁਪਏ ਅੰਦਾਜ਼ੀ ਗਈ ਹੈ ਅਤੇ ਇਸ ਨੂੰ ਨਬਾਰਡ ਦੀ ਮਦਦ ਨਾਲ ਅੰਜ਼ਾਮ ਦਿੱਤਾ ਜਾਣਾ ਹੈ। ਸੰਤ ਸੀਚੇਵਾਲ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਬਰਸਾਤਾਂ ਤੋਂ ਪਹਿਲਾਂ ਕੰਮ ਦੀ ਸ਼ੁਰੂਆਤ ਕੀਤੀ ਜਾਵੇ ਤਾਂ ਜੋ ਲੋਕਾਂ ਨੂੰ ਹੜ੍ਹ ਦੇ ਖਤਰੇ ਤੋਂ ਰਾਹਤ ਮਿਲ ਸਕੇ। ਇਸਦੇ ਨਾਲ ਹੀ ਮੰਡਾਲਾ ਛੰਨਾ ਨੇੜੇ ਸੰਵੇਦਨਸ਼ੀਲ ਹਿੱਸੇ ਨੂੰ ਮਜ਼ਬੂਤ ਕਰਨ ਲਈ ਪੱਥਰ ਲਗਾਉਣ, 13 ਸਟੱਡ ਅਤੇ 2 ਸਪਰ ਬਣਾਉਣ ਦਾ ਕੰਮ ਜਾਰੀ ਹੈ, ਜਿਸਨੂੰ ਵੀ ਬਰਸਾਤਾਂ ਤੋਂ ਪਹਿਲਾਂ ਮੁਕੰਮਲ ਕਰਨ ਦਾ ਟੀਚਾ ਰੱਖਿਆ ਗਿਆ ਹੈ।

**ਜਨਮ ਦਿਨ ਮੁਬਾਰਕ**



ਨਾਮ : ਹਿਤੇਨ
ਮਾਤਾ : ਨੀਲਮ
ਪਿਤਾ : ਭਾਰਤ ਭੂਸ਼ਣ
ਲੁਧਿਆਣਾ

# ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਲੁਧਿਆਣਾ ਵਿੱਚ ਪ੍ਰਭੂ ਮਹਾਂਵੀਰ ਭਗਤੀ ਉਤਸਵ ਦੌਰਾਨ ਅਹਿੰਸਾ ਅਤੇ ਸਦਭਾਵਨਾ ਦਾ ਦਿੱਤਾ ਸੰਦੇਸ਼

ਜ਼ਿਕਰ ਪੰਜਾਬ

**ਲੁਧਿਆਣਾ/ਤਮੰਨਾ ਬੇਦੀ**

ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਐਤਵਾਰ ਨੂੰ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਜੈਨ ਤੀਰਥੰਕਰਾਂ ਦੁਆਰਾ ਦਿੱਤੇ ਗਏ ਅਹਿੰਸਾ, ਦਇਆ, ਭਾਈਚਾਰੇ ਅਤੇ ਸਦਭਾਵਨਾ ਦੇ ਸਦੀਵੀ ਸੰਦੇਸ਼ ਸਾਰੀ ਮਨੁੱਖਤਾ ਲਈ, ਖਾਸ ਕਰਕੇ ਵਿਸ਼ਵਵਿਆਪੀ ਟਕਰਾਅ ਅਤੇ ਹਿੰਸਾ ਦੇ ਯੁੱਗ ਵਿੱਚ, ਇੱਕ ਮਾਰਗਦਰਸ਼ਕ ਰੌਸ਼ਨੀ ਵਜੋਂ ਕੰਮ ਕਰਦੇ ਰਹਿੰਦੇ ਹਨ। ਅੱਜ ਇੱਥੇ ਗੁਰੂ ਨਾਨਕ ਦੇਵ ਭਵਨ ਲੁਧਿਆਣਾ ਵਿਖੇ ਆਯੋਜਿਤ 'ਪ੍ਰਭੂ ਮਹਾਂਵੀਰ ਭਗਤੀ ਉਤਸਵ' ਸਮਾਗਮ ਵਿੱਚ ਹਿੱਸਾ ਲੈਂਦੇ ਹੋਏ ਸੰਜੀਵ ਅਰੋੜਾ ਨੇ ਕਿਹਾ ਕਿ ਸ਼ਾਂਤੀ ਅਤੇ ਨੈਤਿਕ ਜੀਵਨ ਨੂੰ ਉਤਸ਼ਾਹਿਤ ਕਰਨ ਵਿੱਚ ਜੈਨ ਧਰਮ ਦੁਨੀਆਂ ਦੇ ਸਭ ਤੋਂ ਪੁਰਾਣੇ ਧਰਮਾਂ ਵਿੱਚੋਂ ਇੱਕ ਹੈ। ਉਨ੍ਹਾਂ ਨੇ ਰਾਸ਼ਟਰ-ਨਿਰਮਾਣ, ਸਿੱਖਿਆ, ਸਿਹਤ



ਸੰਭਾਲ ਅਤੇ ਪਰਉਪਕਾਰ ਵਿੱਚ ਜੈਨ ਭਾਈਚਾਰੇ ਦੇ ਮਹੱਤਵਪੂਰਨ ਯੋਗਦਾਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸਦੇ ਮੈਂਬਰਾਂ ਨੇ ਸ਼ਾਂਤੀ, ਸਕਾਰਾਤਮਕ ਊਰਜਾ ਅਤੇ ਸਾਰੇ ਜੀਵਾਂ ਦੀ ਭਲਾਈ ਦੇ ਮੁੱਲਾਂ ਨੂੰ ਲਗਾਤਾਰ ਅੱਗੇ ਵਧਾਇਆ ਹੈ। ਕੈਬਨਿਟ ਮੰਤਰੀ ਨੇ 'ਪ੍ਰਭੂ ਮਹਾਂਵੀਰ ਭਗਤੀ ਉਤਸਵ' ਦੇ ਆਯੋਜਨ ਅਤੇ ਭਗਵਾਨ ਮਹਾਂਵੀਰ ਦੇ ਵਿਸ਼ਵਵਿਆਪੀ ਭਾਈਚਾਰੇ ਅਤੇ ਅਹਿੰਸਾ ਦੇ ਸੰਦੇਸ਼ ਨੂੰ ਫੈਲਾਉਣ ਵਿੱਚ ਉਨ੍ਹਾਂ ਦੇ ਨਿਰੰਤਰ ਯਤਨਾਂ ਲਈ ਸ਼੍ਰੀ ਆਲ ਇੰਡੀਆ ਸ਼ਵੇਤਾਂਬਰ ਸਥਾਨਕਵਾਸੀ ਜੈਨ ਕਾਨਫਰੰਸ ਦਾ ਧੰਨਵਾਦ ਕੀਤਾ। ਹਾਜ਼ਰ ਪ੍ਰਮੁੱਖ ਲੋਕਾਂ ਵਿੱਚ ਨਗਰ ਨਿਗਮ ਦੇ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ, ਦੀਪਾਂਸ਼ੂ ਜੈਨ, ਰਾਜੀਵ ਜੈਨ, ਵਿਨੈ ਜੈਨ, ਗੌਰਵ ਜੈਨ, ਜਿਨੇਸ਼ ਜੈਨ, ਕੁਨਾਲ ਜੈਨ ਅਤੇ ਹੋਰ ਸ਼ਾਮਲ ਸਨ।

# ਕੁਲਦੀਪ ਸਿੰਘ ਭੋਲਾ ਬੰਡਾਲਾ ਨੂੰ ਚੈਅਰਮੈਨ ਲਾਇਆ

ਜ਼ਿਕਰ ਪੰਜਾਬ

**ਜੰਡਿਆਲਾ ਗੁਰੂ/ਮਲਕੀਤ ਸਿੰਘ ਚੀਦਾ**

ਸਾਬਕਾ ਹਲਕਾ ਜੰਡਿਆਲਾ ਗੁਰੂ ਦੇ ਸਾਬਕਾ ਵਿਧਾਇਕ ਸੁੱਖਵਿੰਦਰ ਸਿੰਘ ਡੈਨੀ ਬੰਡਾਲਾ ਵੱਲੋਂ ਪਾਰਟੀ ਦਾ ਵਿਸਥਾਰ ਕਰਦਿਆਂ ਉਨ੍ਹਾਂ ਜ਼ਿਲ੍ਹਾ ਅੰਮ੍ਰਿਤਸਰ ਤੋਂ ਕੁਲਦੀਪ ਸਿੰਘ ਭੋਲਾ ਬੰਡਾਲਾ ਨੂੰ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦਾ ਕਿਸਾਨ ਵਿੰਗ ਦਾ ਚੈਅਰਮੈਨ ਲਾਇਆ ਗਿਆ। ਇਸ ਮੌਕੇ ਡੈਨੀ ਬੰਡਾਲਾ ਨੇ ਕਿਹਾ ਕਿ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਕਿਹਾ ਕਿ ਜੋ ਵੀ ਪਾਰਟੀ ਦਾ ਵਫਾਦਾਰ ਮਿਹਨਤ ਕਰਦਾ ਹੈ ਉਸ ਨੂੰ ਪਾਰਟੀ ਵੱਲੋਂ ਹਮੇਸ਼ਾਂ ਹੀ ਇਮਾਨਦਾਰ ਤੇ ਮਿਹਨਤੀ ਵਰਕਰਾਂ ਨੂੰ ਅਹੁੰਦੇ ਦੇ ਕੇ ਉਨ੍ਹਾਂ ਨੂੰ ਮਾਣ-ਸਨਮਾਨ ਦਿੱਤਾ ਜਾਂਦਾ ਰਿਹਾ ਹੈ। ਇਸ ਮੋਕੇ 'ਤੇ ਕੁਲਦੀਪ ਸਿੰਘ ਭੋਲਾ ਨੂੰ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਕਿਸਾਨ ਵਿੰਗ ਦੀ ਚੈਅਰਮੈਨੀ ਜ਼ਿੰਮੇਵਾਰੀ ਸੌਂਪੀ ਗਈ। ਇਸ ਮੌਕੇ ਰਾਜ ਨੇ ਉਸ ਨੂੰ ਦਿੱਤੇ ਗਏ ਅਹੁੰਦੇ ਲਈ ਡੈਨੀ ਬੰਡਾਲਾ ਤੇ ਸਮੁੱਚੀ ਕਾਂਗਰਸ ਉੱਚ ਕਮਾਨ ਦਾ



ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਉਹ ਉਨ੍ਹਾਂ ਦੀਆਂ ਉਮੀਦਾਂ 'ਤੇ ਖ਼ਰੇ ਉਤਰਦੇ ਹੋਏ ਪਾਰਟੀ ਦੀ ਮਜ਼ਬੂਤੀ ਲਈ ਰਾਤ -ਦਿਨ ਇਕ ਕਰਕੇ ਕੰਮ ਕਰਨਗੇ। ਇਸ ਮੌਕੇ ਤੇ ਜਿਲ੍ਹਾ ਅੰਮ੍ਰਿਤਸਰ ਦਿਹਾਤੀ ਦੇ ਕਿਸਾਨ ਵਿੰਗ ਦੇ ਚੈਅਰਮੈਨ ਕੁਲਦੀਪ ਸਿੰਘ ਭੋਲਾ ਬੰਡਾਲਾ,ਸਾਬਕਾ ਚੇਅਰਮੈਨ ਹਰਜੀਤ ਸਿੰਘ ਬੰਡਾਲਾ, ਚੈਅਰਮੈਨ ਕੁਲਦੀਪ ਸਿੰਘ ਬਾਠ ਬੰਡਾਲਾ,ਸਰਪੰਚ ਰਘਬੀਰ ਸਿੰਘ ਮੈਂਬਰ ਜਗਜੀਤ ਸਿੰਘ ਜੱਗੀ ਜਗਰਾਜ ਸਿੰਘ ਰੋਬਨਪ੍ਰੀਤ ਸਿੰਘ ਗੁਰਪ੍ਰਤਾਪ ਸਿੰਘ ਕਰਨ ਵੇਗਲ ਆਦਿ ਹਾਜ਼ਰ ਸਨ।

# ਭਗਵੰਤ ਮਾਨ ਸਰਕਾਰ ਨੇ ਬਕਾਇਆ ਰਾਸ਼ੀ ਦੀ ਵਸੂਲੀ ਲਈ ਓ.ਟੀ.ਐਸ. 2025 ਦੀ ਆਖਰੀ ਮਿਤੀ ਵਧਾ ਕੇ 31 ਮਈ ਕੀਤੀ : ਚੀਮਾ

ਜ਼ਿਕਰ ਪੰਜਾਬ

**ਚੰਡੀਗੜ੍ਹ/ਬਿਊਰੋ**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ 'ਬਕਾਇਆ ਰਾਸ਼ੀ ਦੀ ਵਸੂਲੀ ਲਈ ਪੰਜਾਬ ਯਕਮੁਸ਼ਤ ਨਿਪਟਾਰਾ ਸਕੀਮ (ਓ.ਟੀ.ਐਸ.), 2025' ਵਿੱਚ ਦੋ ਮਹੀਨੇ ਦੇ ਵਾਧੇ ਦਾ ਅਧਿਕਾਰਤ ਐਲਾਨ ਕੀਤਾ ਹੈ। ਪਹਿਲਾਂ ਇਸਦੀ ਆਖਰੀ ਮਿਤੀ 31 ਮਾਰਚ 2026 ਤੈਅ ਕੀਤੀ ਗਈ ਸੀ, ਪਰ ਹੁਣ ਅਰਜ਼ੀਆਂ ਜਮ?ਹਾਂ ਕਰਨ ਦੀ ਆਖਰੀ ਮਿਤੀ ਵਧਾ ਕੇ 31 ਮਈ 2026 ਕਰ ਦਿੱਤੀ ਗਈ ਹੈ। ਪੰਜਾਬ ਦੇ ਵਿੱਤ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਇਹ ਐਲਾਨ ਕਰਦਿਆਂ ਜ਼ੋਰ ਦੇ ਕੇ ਕਿਹਾ ਕਿ ਇਹ ਵਾਧਾ ਯੋਗ ਟੈਕਸ ਦਾਤਿਆਂ ਨੂੰ ਆਪਣੇ ਬਕਾਏ ਨਿਪਟਾਉਣ ਅਤੇ ਵੱਡੀ ਵਿੱਤੀ ਰਾਹਤ ਪ੍ਰਾਪਤ ਕਰਨ ਦਾ ਇੱਕ ਅਹਿਮ ਅਤੇ ਆਖਰੀ ਮੌਕਾ ਪ੍ਰਦਾਨ ਕਰੇਗਾ। ਉਨ੍ਹਾਂ ਅੱਗੇ ਚੇਤਾਵਨੀ ਦਿੱਤੀ ਕਿ ਕਰ ਵਿਭਾਗ ਨੇ ਪਹਿਲਾਂ ਹੀ ਟੈਕਸ ਡਿਫਾਲਟਰਾਂ ਨਾਲ ਸਬੰਧਤ 8,000 ਜਾਇਦਾਦਾਂ ਦੀ ਪਛਾਣ ਕਰ ਲਈ ਹੈ, ਜੇਕਰ ਉਹ ਇਸ ਆਖਰੀ ਮੌਕੇ ਦਾ ਤੁਰੰਤ ਲਾਭ ਨਹੀਂ ਲੈਂਦੇ ਤਾਂ ਜਲਦੀ ਹੀ ਇਨ੍ਹਾਂ ਦੀ ਨਿਲਾਮੀ ਕੀਤੀ ਜਾਵੇਗੀ। ਇੱਥੇ ਜਾਰੀ ਇੱਕ ਪ੍ਰੈਸ ਬਿਆਨ ਰਾਹੀਂ ਇਸ ਪਹਿਲਕਦਮੀ ਦੀ ਤਾਜ਼ਾ ਪ੍ਰਗਤੀ ਬਾਰੇ ਜਾਣਕਾਰੀ ਸਾਂਝੀ ਕਰਦਿਆਂ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਕੀਮ ਨੂੰ ਸੂਬੇ ਭਰ ਵਿੱਚ ਮਿਲੇ ਭਰਵੇਂ ਅਤੇ ਉਤਸ਼ਾਹਜਨਕ ਹੁੰਗਾਰੇ ਬਾਰੇ ਦੱਸਿਆ। ਉਨ੍ਹਾਂ ਕਿਹਾ, 'ਹੁਣ ਤੱਕ, ਕਰ ਵਿਭਾਗ ਨੂੰ ਸਫਲਤਾਪੂਰਵਕ 9,151 ਅਰਜ਼ੀਆਂ ਪ੍ਰਾਪਤ ਹੋਈਆਂ ਹਨ। ਇਸ ਉਤਸ਼ਾਹਪੂਰਨ ਸ਼ਮੂਲੀਅਤ ਸਦਕਾ 134.21 ਕਰੋੜ ਰੁਪਏ ਦੇ ਕੁੱਲ ਮਾਲੀਏ ਦੀ ਵਸੂਲੀ ਹੋਈ ਹੈ, ਜੋ ਕਿ ਮੌਜੂਦਾ ਸਰਕਾਰ ਵਿੱਚ ਟੈਕਸ ਦਾਤਿਆਂ ਦੇ ਵਿਸ਼ਵਾਸ ਅਤੇ ਨਿਰੰਤਰ ਮਾਲੀਆ ਜੁਟਾਉਣ ਦਾ ਪ੍ਰਤੀਕ ਹੈ। ਇਸ ਤੋਂ ਇਲਾਵਾ ਸੂਬਾ ਸਰਕਾਰ ਵੱਲੋਂ 446.17 ਕਰੋੜ ਰੁਪਏ ਦੀ ਪ੍ਰਭਾਵਸ਼ਾਲੀ ਛੋਟ ਦੇਣ ਸਦਕਾ ਕਾਰੋਬਾਰੀਆਂ ਨੂੰ ਇਸ ਪਹਿਲਕਦਮੀ



ਦਾ ਬਹੁਤ ਫਾਇਦਾ ਹੋਇਆ ਹੈ। ਪਿਛਲੀਆਂ ਓ.ਟੀ.ਐਸ ਪਹਿਲਕਦਮੀਆਂ ਦੀ ਸਫਲਤਾ 'ਤੇ ਚਾਨਣਾ ਪਾਉਂਦਿਆਂ, ਵਿੱਤ ਮੰਤਰੀ ਚੀਮਾ ਨੇ ਕਿਹਾ, ÷ਵਿੱਤੀ ਸਾਲ 2022-23 ਵਿੱਚ ਓ.ਟੀ.ਐਸ.-2 ਤਹਿਤ 2,487 ਅਰਜ਼ੀਆਂ ਪ੍ਰਾਪਤ ਹੋਈਆਂ ਅਤੇ ਉਨ੍ਹਾਂ ਦਾ ਨਿਪਟਾਰਾ ਕੀਤਾ ਗਿਆ ਸੀ, ਜਦਕਿ ਵਿੱਤੀ ਸਾਲ 2023-24 ਵਿੱਚ ਓ.ਟੀ.ਐਸ.-3 ਦੇ ਤਹਿਤ ਲਗਭਗ 70,000 ਅਰਜ਼ੀਆਂ ਦਾ ਨਿਪਟਾਰਾ ਕੀਤਾ ਗਿਆ। ਇਹ ਇਤਿਹਾਸਕ ਸ਼ਮੂਲੀਅਤ ਅਜਿਹੀਆਂ ਸਕੀਮਾਂ ਦੀ ਵੱਡੀ ਸਮਰੱਥਾ ਨੂੰ ਦਰਸਾਉਂਦੀ ਹੈ ਅਤੇ ਇਹ ਸੰਕੇਤ ਮਿਲਦਾ ਹੈ ਕਿ ਯੋਗ ਟੈਕਸ ਦਾਤਿਆਂ ਦਾ ਇੱਕ ਵੱਡਾ ਹਿੱਸਾ ਅਜੇ ਵੀ ਮੌਜੂਦਾ 2025 ਸਕੀਮ ਅਧੀਨ ਲਾਭ ਲੈਣ ਤੋਂ ਵਾਂਝਾ ਹੈ।÷ ਉਨ੍ਹਾਂ ਕਿਹਾ ਕਿ ਇਹ ਤਾਜ਼ਾ ਵਾਧਾ ਦੇਣ ਦਾ ਫੈਸਲਾ ਸਿੱਧੇ ਤੌਰ 'ਤੇ ਫੀਲਡ ਤੋਂ ਮਿਲੇ ਫੀਡਬੈਕ ਦੇ ਆਧਾਰ 'ਤੇ ਲਿਆ ਗਿਆ ਹੈ, ਜਿਸਦਾ ਮੁੱਖ ਉਦੇਸ਼ ਟੈਕਸ ਦਾਤਿਆਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਨੂੰ ਯਕੀਨੀ ਬਣਾਉਣਾ, ਚੱਲ ਰਹੀਆਂ ਮੁਕੱਦਮੇਬਾਜ਼ੀਆਂ ਨੂੰ ਕਾਫ਼ੀ ਹੱਦ ਤੱਕ ਘਟਾਉਣਾ, ਅਤੇ ਸੂਬੇ ਦੇ ਖਜ਼ਾਨੇ ਲਈ ਮਾਲੀਏ ਦੀ ਵਸੂਲੀ ਨੂੰ ਹੋਰ ਵਧਾਉਣਾ ਹੈ। ਮਿਤੀ ਵਿੱਚ ਵਾਧੇ ਦੀ ਸਹੂਲਤ ਦੇਣ ਦੇ ਬਾਵਜੂਦ, ਵਿੱਤ ਮੰਤਰੀ ਨੇ ਜਾਣਬੁੱਝ ਕੇ ਡਿਫਾਲਟਰ ਬਣਨ ਵਾਲਿਆਂ ਨੂੰ ਸਖ਼ਤ ਅਤੇ ਸਪੱਸ਼ਟ ਚੇਤਾਵਨੀ ਦਿੰਦਿਆਂ ਸਪੱਸ਼ਟ ਕੀਤਾ ਕਿ ਇਹ ਬਿਲਕੁਲ ਆਖਰੀ ਮੌਕਾ ਹੋਵੇਗਾ। ਵਿੱਤ ਮੰਤਰੀ ਚੀਮਾ ਨੇ ਕਿਹਾ, 'ਜਿਹੜੇ ਟੈਕਸ ਦਾਤੇ 31 ਮਈ 2026 ਦੀ ਆਖਰੀ ਮਿਤੀ ਤੱਕ ਇਸ ਸਕੀਮ ਵਿੱਚ ਸ਼ਾਮਲ ਨਹੀਂ ਹੋਣਗੇ, ਉਨ੍ਹਾਂ ਨੂੰ ਕਾਨੂੰਨ ਦੇ ਅਨੁਸਾਰ ਸਖ਼ਤ ਵਸੂਲੀ ਕਾਰਵਾਈਆਂ ਦਾ ਸਾਹਮਣਾ ਕਰਨਾ ਪਵੇਗਾ। ਕਰ ਵਿਭਾਗ ਨੇ ਪਹਿਲਾਂ ਹੀ ਵੱਡੀ ਗਿਣਤੀ ਵਿੱਚ ਡਿਫਾਲਟ ਕੇਸਾਂ ਦੀ ਸਰਗਰਮੀ ਨਾਲ ਪਛਾਣ ਕਰ ਲਈ ਹੈ।' ਵਿੱਤ ਮੰਤਰੀ ਚੀਮਾ ਨੇ ਸਪੱਸ਼ਟ ਕੀਤਾ ਕਿ ਜਿੱਥੇ ਵੀ ਲੋੜ ਪਈ, ਸੂਬਾ ਸਰਕਾਰ ਬਕਾਇਆ ਟੈਕਸ ਦੀ ਵਸੂਲੀ ਲਈ ਜਾਇਦਾਦਾਂ ਨੂੰ ਜ਼ਬਤ ਕਰਨ ਅਤੇ ਉਨ੍ਹਾਂ ਦੀ ਨਿਲਾਮੀ ਕਰਨ ਦੀ ਕਾਰਵਾਈ ਸਖ਼ਤੀ ਨਾਲ ਸ਼ੁਰੂ ਕਰੇਗੀ।

